Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes (MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 120 Chief Editor : Chowdhary Prabhjit Singh, Editor : Chhatarpal Singh 98146-32807, Tuesday 27 October 2026 Price : 2 Rs. Page : 6

# 100 ਮਿੰਨੀ ਬੱਸਾਂ ਪੰਜਾਬ ਦੇ ਪਿੰਡਾਂ ਨੂੰ ਸ਼ਹਿਰਾਂ ਨਾਲ ਜੋੜਨਗੀਆਂ: ਮੁੱਖ ਮੰਤਰੀ ਭਗਵੰਤ ਮਾਨ

**ਪਟਿਆਲਾ, 26 ਅਕਤੂਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਇੱਥੇ ਅੱਜ 100 ਨਵੀਆਂ ਮਿੰਨੀ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹਰੇਕ ਪਿੰਡ ਨੂੰ ਸ਼ਹਿਰਾਂ ਨਾਲ ਜੋੜਨ ਦੀ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਈ। ਉਨ੍ਹਾਂ ਐਲਾਨ ਕੀਤਾ ਕਿ ਜਿਸ ਤਰ੍ਹਾਂ ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚਾਇਆ ਗਿਆ ਹੈ, ਉਸੇ ਤਰ੍ਹਾਂ ਪੰਜਾਬ ਦੇ ਹਰ ਪਿੰਡ ਤੱਕ ਬੱਸਾਂ ਪਹੁੰਚਾਈਆਂ ਜਾਣਗੀਆਂ। ਪਿੰਡਾਂ ਤੋਂ ਸ਼ਹਿਰਾਂ ਨੂੰ ਜਾਣ ਵਾਲੀ ਬੱਸ ਸੇਵਾ ਬੰਦ ਕਰਨ ਲਈ ਪਿਛਲੀਆਂ ਸਰਕਾਰਾਂ ’ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਇਹ ਨਵੀਆਂ ਬੱਸਾਂ ਗ੍ਰਾਮੀਣ ਕੁਨੈਕਟੀਵਿਟੀ ਨੂੰ ਮਜ਼ਬੂਤ ਕਰਨਗੀਆਂ, ਰੋਜ਼ਾਨਾ ਦੇ ਸਫ਼ਰ ਨੂੰ ਆਸਾਨ ਬਣਾਉਣਗੀਆਂ ਅਤੇ ਸਿੱਖਿਆ, ਰੋਜ਼ਗਾਰ ਤੇ ਲੋੜੀਂਦੀਆਂ ਸੇਵਾਵਾਂ ਤੱਕ ਪਹੁੰਚ ਵਿੱਚ ਸੁਧਾਰ ਕਰਨਗੀਆਂ। ਅਗਲੇ ਮਹੀਨੇ ਬੇੜੇ ਵਿੱਚ 309 ਹੋਰ ਵੱਡੀਆਂ ਬੱਸਾਂ ਸ਼ਾਮਲ ਕਰਨ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 29 ਸੀਟਾਂ ਵਾਲੀਆਂ 100 ਮਿੰਨੀ ਬੱਸਾਂ ਸ਼ਾਮਲ ਕਰਨ ਨਾਲ ਲਗਪਗ 150 ਨੌਜਵਾਨਾਂ ਲਈ ਰੋਜ਼ਗਾਰ ਵੀ ਪੈਦਾ ਹੋਵੇਗਾ, ਜਦਕਿ 15 ਨੌਜਵਾਨਾਂ ਨੂੰ ਤੁਰਤ ਟਰਾਂਸਪੋਰਟ ਵਿਭਾਗ ਵਿੱਚ ਨੌਕਰੀਆਂ ਦੇ ਨਿਯੁਕਤੀ ਪੱਤਰ ਸੌਂਪੇ ਗਏ ਹਨ। ‘ਐਕਸ’ (ਟਵਿੱਟਰ) ’ਤੇ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ, ਪੰਜਾਬ ਦੇ ਟਰਾਂਸਪੋਰਟ ਢਾਂਚੇ ਨੂੰ ਮਜ਼ਬੂਤ ਕਰਦਿਆਂ ਅੱਜ ਅਸੀਂ ਪਟਿਆਲਾ ਵਿੱਚ ਪੀ.ਆਰ.ਟੀ.ਸੀ. ਦੇ ਬੇੜੇ ਵਿੱਚ 100 ਨਵੀਆਂ ਮਿੰਨੀ ਬੱਸਾਂ ਸ਼ਾਮਲ ਕੀਤੀਆਂ ਹਨ। ਇਹ ਬੱਸਾਂ ਖਾਸ ਤੌਰ ’ਤੇ ਸਾਡੇ



ਪਿੰਡਾਂ ਨੂੰ ਸ਼ਹਿਰਾਂ ਨਾਲ ਜੋੜਨਗੀਆਂ, ਜਿਸ ਨਾਲ ਪਿੰਡਾਂ ਦੇ ਵਸਨੀਕਾਂ ਲਈ ਸਫ਼ਰ ਵਧੇਰੇ ਸੁਖਾਲਾ ਹੋ ਜਾਵੇਗਾ। ਅਸੀਂ ਵਿਭਾਗ ਵਿੱਚ ਨੌਕਰੀਆਂ ਲਈ 15 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੀ ਸੌਂਪੇ ਹਨ। ਜਨਤਕ ਟਰਾਂਸਪੋਰਟ ਸੇਵਾਵਾਂ ਨੂੰ ਹੋਰ ਸੁਧਾਰਨ ਲਈ ਅਗਲੇ ਮਹੀਨੇ ਬੇੜੇ ਵਿੱਚ 309 ਹੋਰ ਨਵੀਆਂ ਵੱਡੀਆਂ ਬੱਸਾਂ ਸ਼ਾਮਲ ਕੀਤੀਆਂ ਜਾਣਗੀਆਂ।

ਬੱਸਾਂ ਨੂੰ ਹਰੀ ਝੰਡੀ ਦਿਖਾਉਣ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਜਨਤਕ ਟਰਾਂਸਪੋਰਟ ਸਿਰਫ਼ ਇੱਕ ਥਾਂ ਤੋਂ ਦੂਜੀ ਥਾਂ ਜਾਣ ਦਾ ਸਾਧਨ ਨਹੀਂ ਹੈ, ਇਹ ਪੇਂਡੂ ਭਾਈਚਾਰਿਆਂ ਲਈ ਇੱਕ ਜੀਵਨ ਰੇਖਾ ਹੈ। ਭਰੋਸੇਯੋਗ ਬੱਸ ਸੇਵਾਵਾਂ ਨਾਲ ਵਿਦਿਆਰਥੀ ਸਿੱਖਿਆ ਪ੍ਰਾਪਤ ਕਰ ਸਕਦੇ ਹਨ, ਪਰਿਵਾਰਾਂ ਨੂੰ ਰੋਜ਼ਗਾਰ ਦੇ ਮੌਕੇ ਮਿਲਦੇ ਹਨ ਅਤੇ ਪਿੰਡਾਂ ਦਾ ਆਰਥਿਕ ਤੇ ਸਮਾਜਿਕ ਤਾਣਾ-ਬਾਣਾ ਮਜ਼ਬੂਤ ਹੁੰਦਾ ਹੈ। ਸੰਤੁਲਿਤ ਵਿਕਾਸ ਲਈ ਸਰਕਾਰ ਦੀ ਵਚਨਬੱਧਤਾ ’ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਜਿਸ ਤਰ੍ਹਾਂ ਅਸੀਂ ਯਕੀਨੀ ਬਣਾਇਆ ਹੈ ਕਿ ਨਹਿਰੀ ਪਾਣੀ ਹਰ ਖੇਤ ਤੱਕ ਪਹੁੰਚੇ, ਉਸੇ ਤਰ੍ਹਾਂ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਬੱਸਾਂ ਪੰਜਾਬ ਦੇ ਹਰ ਪਿੰਡ ਤੱਕ ਪਹੁੰਚਣ। ਵਿਕਾਸ ਦੇ ਲਾਭ ਹਰੇਕ ਘਰ ਤੱਕ ਪਹੁੰਚਣੇ ਚਾਹੀਦੇ ਹਨ, ਭਾਵੇਂ ਲੋਕ ਵੱਡੇ ਸ਼ਹਿਰਾਂ, ਛੋਟੇ ਕਸਬਿਆਂ ਜਾਂ ਦੂਰ-ਦੁਰਾਡੇ ਦੇ ਪਿੰਡਾਂ ਵਿੱਚ ਰਹਿੰਦੇ ਹੋਣ। ਉਨ੍ਹਾਂ ਜ਼ਿਕਰ ਕੀਤਾ, ਪਹਿਲੀਆਂ ਸਰਕਾਰਾਂ ਨੇ ਪੇਂਡੂ ਟਰਾਂਸਪੋਰਟ ਕੁਨੈਕਟੀਵਿਟੀ ਵੱਲ ਧਿਆਨ ਨਹੀਂ ਦਿੱਤਾ, ਜਿਸ ਕਾਰਨ ਲੋਕਾਂ ਨੂੰ ਕੰਮ, ਸਿੱਖਿਆ ਅਤੇ ਹੋਰ ਜ਼ਰੂਰੀ ਲੋੜਾਂ ਲਈ ਸ਼ਹਿਰਾਂ ਤੱਕ ਜਾਣ ਲਈ ਸੰਘਰਸ਼ ਕਰਨਾ ਪੈਂਦਾ ਸੀ। ਸਾਡੀ ਸਰਕਾਰ ਇਸ ਸਥਿਤੀ ਨੂੰ ਬਦਲਣ ਅਤੇ ਇਹ ਯਕੀਨੀ ਬਣਾਉਣ ਲਈ ਦ੍ਰਿੜ੍ਹ ਹੈ ਕਿ ਕੋਈ ਵੀ ਵਿਅਕਤੀ ਰਹਿਣ ਦੀ ਥਾਂ ਕਰ ਕੇ ਮੌਕਿਆਂ ਤੋਂ ਵਾਂਝਾ ਨਾ ਰਹੇ।

ਮੁੱਖ ਮੰਤਰੀ ਨੇ ਕਿਹਾ, 29 ਸੀਟਾਂ ਵਾਲੀਆਂ 100 ਨਵੀਆਂ ਮਿੰਨੀ ਬੱਸਾਂ ਪੀ.ਆਰ.ਟੀ.ਸੀ. ਦੇ ਨੌਂ ਡਿਪੂਆਂ ਰਾਹੀਂ ਪੇਂਡੂ ਅਤੇ ਛੋਟੇ ਕਸਬਿਆਂ ਦੇ ਰੂਟਾਂ ’ਤੇ ਚੱਲਣਗੀਆਂ। ਇਹ ਸੇਵਾਵਾਂ ਰੋਜ਼ਗਾਰ, ਵਪਾਰ ਅਤੇ ਹੋਰ ਜ਼ਰੂਰੀ ਕੰਮਾਂ ਲਈ ਸ਼ਹਿਰਾਂ ਨੂੰ ਜਾਣ ਵਾਲੇ ਵਸਨੀਕਾਂ ਲਈ ਰੋਜ਼ਾਨਾ ਦੀ ਆਵਾਜਾਈ ਨੂੰ ਆਸਾਨ ਬਣਾਉਣਗੀਆਂ। ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਵੀ ਇਸ ਸੁਧਰੀ ਕੁਨੈਕਟੀਵਿਟੀ ਦਾ ਵੱਡਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਇਹ ਬੱਸਾਂ ਪਟਿਆਲਾ, ਬਠਿੰਡਾ, ਚੰਡੀਗੜ੍ਹ, ਸੰਗਰੂਰ, ਬਰਨਾਲਾ, ਬੁਢਲਾਡਾ, ਕਪੂਰਥਲਾ, ਫ਼ਰੀਦਕੋਟ ਅਤੇ ਲੁਧਿਆਣਾ ਸਮੇਤ ਵੱਖ-ਵੱਖ ਡਿਪੂਆਂ ਵਿੱਚ ਵੰਡੀਆਂ ਗਈਆਂ ਹਨ।

ਜਨਤਕ ਟਰਾਂਸਪੋਰਟ ਦੇ ਵਿਸਥਾਰ ’ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਗਲੇ ਮਹੀਨੇ ਬੇੜੇ ਵਿੱਚ 309 ਹੋਰ ਵੱਡੀਆਂ ਬੱਸਾਂ ਸ਼ਾਮਲ ਕੀਤੀਆਂ ਜਾਣਗੀਆਂ। ਪੂਰੇ ਪੰਜਾਬ ਵਿੱਚ ਲਗਪਗ 3,000 ਨਿੱਜੀ ਮਿੰਨੀ ਬੱਸਾਂ ਵੀ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਨੂੰ ਜੋੜ ਰਹੀਆਂ ਹਨ। ਅਸੀਂ ਲੋਕਾਂ ਲਈ ਸਫ਼ਰ ਨੂੰ ਹੋਰ ਸੁਖਾਲਾ ਬਣਾਉਣ ਲਈ ਜਨਤਕ ਟਰਾਂਸਪੋਰਟ ਨੈੱਟਵਰਕ ਨੂੰ ਲਗਾਤਾਰ ਮਜ਼ਬੂਤ ਕਰ ਰਹੇ ਹਾਂ।

ਰੋਜ਼ਗਾਰ ਦੇ ਮੌਕੇ ਪੈਦਾ ਕਰਨ ਬਾਰੇ ਬੋਲਦਿਆਂ ਉਨ੍ਹਾਂ ਕਿਹਾ, ਇਨ੍ਹਾਂ 100 ਨਵੀਆਂ ਮਿੰਨੀ ਬੱਸਾਂ ਦੀ ਸ਼ੁਰੂਆਤ ਨਾਲ ਲਗਪਗ 150 ਡਰਾਈਵਰਾਂ ਅਤੇ ਕੰਡਕਟਰਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ।

# ਪ੍ਰੈੱਸ ਕਲੱਬ ਮੰਡੀ ਗੋਬਿੰਦਗੜ੍ਹ ਦੀ ਕਾਰਜਪ੍ਰਣਾਲੀ ਨੂੰ ਸੁਚਾਰੂ ਬਣਾਉਣ ਲਈ ਨਵੀਂ ਰਣਨੀਤੀ

## ਨਵੇਂ ਮੈਂਬਰਾਂ ਦੀ ਚੋਣ ਲਈ ਕਮੇਟੀ ਗਠਿਤ, ਪੱਤਰਕਾਰੀ ਦੇ ਮਿਆਰਾਂ ਅਤੇ ਆਪਸੀ ਏਕਤਾ ਨੂੰ ਮਜ਼ਬੂਤ ਕਰਨ ’ਤੇ ਜ਼ੋਰ



**ਮੰਡੀ ਗੋਬਿੰਦਗੜ੍ਹ, 24 ਅਕਤੂਬਰ (ਜਗਪ੍ਰੀਤ ਸਿੰਘ ਮਹਾਜਨ):** ਪ੍ਰੈੱਸ ਕਲੱਬ ਮੰਡੀ ਗੋਬਿੰਦਗੜ੍ਹ ਦੀ ਜਨਰਲ ਮੀਟਿੰਗ ਪ੍ਰਧਾਨ ਰਾਮਚੇਤ ਗੌੜ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਕਲੱਬ ਦੀ ਕਾਰਜਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ, ਮੈਂਬਰਸ਼ਿਪ ਪ੍ਰਕਿਰਿਆ ਨੂੰ ਵਿਵਸਥਿਤ ਕਰਨ ਅਤੇ ਪੱਤਰਕਾਰਾਂ ਵਿੱਚ ਬਿਹਤਰ ਤਾਲਮੇਲ ਕਾਇਮ ਰੱਖਣ ਬਾਰੇ ਅਹਿਮ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਸੰਸਥਾ ਦੀ ਮਜ਼ਬੂਤੀ ਅਤੇ ਪੱਤਰਕਾਰੀ ਦੇ ਪੇਸ਼ੇਵਰ ਮਾਪਦੰਡਾਂ ਦੀ ਪਾਲਣਾ ਨੂੰ ਤਰਜੀਹ ਦੇਣ ’ਤੇ ਸਹਿਮਤੀ ਬਣੀ।

ਕਲੱਬ ਵਿੱਚ ਨਵੇਂ ਮੈਂਬਰਾਂ ਨੂੰ ਸ਼ਾਮਲ ਕਰਨ ਲਈ ਇੱਕ ਵਿਸ਼ੇਸ਼ ਕਮੇਟੀ ਦਾ ਗਠਨ ਕੀਤਾ ਗਿਆ। ਇਹ ਕਮੇਟੀ ਨਿਰਧਾਰਤ ਨਿਯਮਾਂ ਅਤੇ ਮਾਪਦੰਡਾਂ ਅਨੁਸਾਰ ਮੈਂਬਰਸ਼ਿਪ ਲਈ ਆਉਣ ਵਾਲੀਆਂ ਅਰਜ਼ੀਆਂ ’ਤੇ ਵਿਚਾਰ ਕਰੇਗੀ। ਇਸ ਕਦਮ ਦਾ ਉਦੇਸ਼ ਕਲੱਬ ਦੀ ਮੈਂਬਰਸ਼ਿਪ ਪ੍ਰਕਿਰਿਆ ਨੂੰ ਸੁਚੱਜਾ ਬਣਾਉਣ ਅਤੇ ਪੱਤਰਕਾਰੀ ਨਾਲ ਸਰਗਰਮੀ ਨਾਲ ਜੁੜੇ ਯੋਗ ਵਿਅਕਤੀਆਂ ਨੂੰ ਸੰਸਥਾ ਨਾਲ ਜੋੜਨਾ ਹੈ।

ਮੀਟਿੰਗ ਵਿੱਚ ਪੱਤਰਕਾਰਾਂ ਦੀ ਏਕਤਾ, ਆਪਸੀ ਸਹਿਯੋਗ ਅਤੇ ਕਲੱਬ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਬਾਰੇ ਵੀ ਚਰਚਾ ਹੋਈ। ਮੈਂਬਰਾਂ ਨੇ ਵਿਚਾਰ ਪ੍ਰਗਟਾਇਆ ਕਿ ਸੰਸਥਾ ਦੀ ਤਰੱਕੀ ਲਈ ਸਾਰਿਆਂ ਦਾ ਸਾਂਝੇ ਉਦੇਸ਼ਾਂ ਪ੍ਰਤੀ ਸਮਰਪਿਤ ਹੋਣਾ ਅਤੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਇਮਾਨਦਾਰੀ ਨਾਲ ਨਿਭਾਉਣਾ ਜ਼ਰੂਰੀ ਹੈ।

ਇਸ ਦੌਰਾਨ ਅਣਅਧਿਕਾਰਤ ਤੌਰ ’ਤੇ ਪੱਤਰਕਾਰੀ ਕਰਨ ਵਾਲੇ ਵਿਅਕਤੀਆਂ ਨੂੰ ਸਹਿਯੋਗ ਨਾ ਦੇਣ ਦੇ ਮੁੱਦੇ ’ਤੇ ਵੀ ਵਿਚਾਰ ਕੀਤਾ ਗਿਆ। ਹਾਜ਼ਰ ਮੈਂਬਰਾਂ ਨੇ ਪੱਤਰਕਾਰੀ ਦੇ ਖੇਤਰ ਵਿੱਚ ਪੇਸ਼ੇਵਰ ਜ਼ਿੰਮੇਵਾਰੀ, ਪਾਰਦਰਸ਼ਤਾ ਅਤੇ ਅਨੁਸ਼ਾਸਨ ਨੂੰ ਮਹੱਤਵ ਦੇਣ ਦੀ ਲੋੜ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੱਤਰਕਾਰੀ ਦੀ ਭਰੋਸੇਯੋਗਤਾ ਬਣਾਈ ਰੱਖਣ ਲਈ ਨਿਰਧਾਰਤ ਮਾਪਦੰਡਾਂ ਅਤੇ ਜ਼ਿੰਮੇਵਾਰ ਕਾਰਜਸ਼ੈਲੀ ਨੂੰ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ।

ਕਲੱਬ ਦੇ ਵਿੱਤੀ ਪ੍ਰਬੰਧਾਂ ਨੂੰ ਮੁੜ ਸੁਚਾਰੂ ਬਣਾਉਣ ਲਈ ਬੈਂਕ ਖਾਤੇ ਸਬੰਧੀ ਪ੍ਰਧਾਨ, ਜਨਰਲ ਸਕੱਤਰ ਅਤੇ ਖਜ਼ਾਨਚੀ ਨੂੰ ਅਧਿਕਾਰਤ ਕਰਨ ਦਾ ਫੈਸਲਾ ਵੀ ਲਿਆ ਗਿਆ। ਇਸ ਤੋਂ ਇਲਾਵਾ ਭਵਿੱਖ ਦੀਆਂ ਗਤੀਵਿਧੀਆਂ, ਅਹੁਦੇਦਾਰਾਂ ਦੀਆਂ ਜ਼ਿੰਮੇਵਾਰੀਆਂ ਅਤੇ ਸੰਸਥਾ ਦੇ ਪ੍ਰਬੰਧਕੀ ਢਾਂਚੇ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਬਾਰੇ ਵਿਚਾਰ ਸਾਂਝੇ ਕੀਤੇ ਗਏ। ਮੀਟਿੰਗ ਦੇ ਅੰਤ ਵਿੱਚ ਪ੍ਰਧਾਨ ਰਾਮਚੇਤ ਗੌੜ ਦੀ ਅਗਵਾਈ ਹੇਠ ਕਲੱਬ ਦੀ ਏਕਤਾ ਕਾਇਮ ਰੱਖਣ ਅਤੇ ਸੰਸਥਾ ਨੂੰ ਹੋਰ ਸਰਗਰਮ ਬਣਾਉਣ ਲਈ ਮਿਲਜੁਲ ਕੇ ਕੰਮ ਕਰਨ ਦਾ ਅਹਿਦ ਲਿਆ ਗਿਆ।

ਇਸ ਮੌਕੇ ਮੀਤ ਪ੍ਰਧਾਨ ਰਾਜੇਸ਼ ਸ਼ਰਮਾ, ਜਨਰਲ ਸਕੱਤਰ ਇਕਬਾਲਦੀਪ ਸੰਧੂ, ਸੰਯੁਕਤ ਸਕੱਤਰ ਅਮਿਤ ਸ਼ਰਮਾ, ਖਜ਼ਾਨਚੀ ਹਿਤੇਸ਼ ਸ਼ਰਮਾ, ਸੰਯੁਕਤ ਖਜ਼ਾਨਚੀ ਮਨੋਜ ਭੱਲਾ, ਡਾਇਰੈਕਟਰ ਭੂਸ਼ਨ ਸੂਦ, ਗੁਰਪ੍ਰੀਤ ਮਹਿਕ, ਬਲਜਿੰਦਰ ਸਿੰਘ, ਮੁਕੇਸ਼ ਘਈ, ਕਾਰਜਕਾਰੀ ਮੈਂਬਰ ਭੁਪਿੰਦਰ ਢਿੱਲੋਂ, ਜਗਦੀਸ਼ ਅਰੋੜਾ ਅਤੇ ਮੈਂਬਰ ਸੁਰੇਸ਼ ਸ਼ਰਮਾ, ਇੰਦਰਜੀਤ ਮੱਗੋ ਤੇ ਮੁਖਤਿਆਰ ਸਿੰਘ ਹਾਜ਼ਰ ਸਨ।

# ਪਟਿਆਲਾ ਵਿਖੇ 31 ਅਕਤੂਬਰ ਨੂੰ ਸ਼੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਸ਼ਹੀਦੀ ਸਮਾਗਮ

ਪਟਿਆਲਾ ਵਿਖੇ 31 ਅਕਤੂਬਰ ਨੂੰ ਸ਼੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਸ਼ਹੀਦੀ ਸਮਾਗਮ

**ਪਟਿਆਲਾ, 26 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਰਾਜੇਸ਼ਵਰਾਨੰਦ ਜੋਗਪੀਠ ਵੱਲੋਂ ਨੌਵੀਂ ਪਾਤਸ਼ਾਹੀ ਸ਼੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦੇ ਸ਼ਹੀਦੀ ਸਮਾਗਮ ਨੂੰ ਸਮਰਪਿਤ 251ਵਾਂ ਮਹਾਨ ਸੰਤ ਸਮਾਗਮ 31 ਅਕਤੂਬਰ 2026 ਨੂੰ ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ। SDKS ਭਵਨ (ਰਾਜਪੁਰਾ ਰੋਡ, ਆਤਮਾ ਰਾਮ ਕੁਮਾਰ ਸਭਾ ਗਰਾਊਂਡ ਨੇੜੇ, ਪਟਿਆਲਾ) ਵਿਖੇ ਦੁਪਹਿਰ 3:00 ਵਜੇ ਤੋਂ ਸ਼ਾਮ 5:00 ਵਜੇ ਤੱਕ ਆਯੋਜਿਤ ਹੋਣ ਵਾਲੇ ਇਸ ਧਾਰਮਿਕ ਸਮਾਗਮ ਵਿੱਚ ਪੰਜਾਬ ਦੇ ਸੰਤ-ਮਹਾਪੁਰਖ ਸ਼ਿਰਕਤ ਕਰਕੇ ਸੰਗਤਾਂ ਨੂੰ ਦਰਸ਼ਨ ਦੇਣਗੇ।

ਇਸ ਸਮਾਗਮ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਵਿਸ਼ੇਸ਼ ਤੌਰ ‘ਤੇ ਹਾਜ਼ਰੀ ਭਰ ਕੇ ਸੰਤਾਂ ਅਤੇ ਸੰਗਤ ਦੇ ਦਰਸ਼ਨ ਕਰਨਗੇ। ਨਿਰਮਲਾ ਅਖਾੜਾ ਦੇ ਪ੍ਰਮੁੱਖ ਪ੍ਰਚਾਰਕ ਪਰਮ ਪੂਜਨੀਕ ਆਚਾਰੀਆ ਸਵਾਮੀ ਰਾਜੇਸ਼ਵਰਾਨੰਦ ਜੀ ਮਹਾਰਾਜ ਦੀ ਦੇਖ-ਰੇਖ ਹੇਠ ਹੋਣ ਵਾਲੇ ਇਸ ਸਮਾਗਮ ਤੋਂ ਬਾਅਦ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਜਾਵੇਗਾ।




# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਤਿੰਨ ਰੋਜ਼ਾ ਰਸਾਇਣ ਵਿਗਿਆਨ ਹਫ਼ਤਾ ਸਮਾਗਮ ਕਰਵਾਇਆ



**ਫ਼ਤਹਿਗੜ੍ਹ ਸਾਹਿਬ, 26 ਅਕਤੂਬਰ**
**-ਜੀ. ਐਸ. ਰੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਰਸਾਇਣ ਵਿਗਿਆਨ ਵਿਭਾਗ ਵੱਲੋਂ 21 ਤੋਂ 23 ਅਕਤੂਬਰ, 2026 ਤੱਕ ਕੈਮਿਸਟਰੀ ਅੰਡਰ ਕੰਸਟਰਕਸ਼ਨ ਵਿਸ਼ੇ ਅਧੀਨ ਤਿੰਨ ਰੋਜ਼ਾ ਰਸਾਇਣ ਵਿਗਿਆਨ ਹਫ਼ਤਾ ਮਨਾਇਆ ਗਿਆ। ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ ਨੂੰ ਹੁਲਾਰਾ ਦੇਣਾ, ਨਵੇਂ ਵਿਚਾਰਾਂ ਨੂੰ ਉਤਸ਼ਾਹਿਤ ਕਰਨਾ ਅਤੇ ਵਾਤਾਵਰਣ ਦੀ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਇਸ ਵਿੱਚ ਵੱਖ-ਵੱਖ ਵਿਭਾਗਾਂ ਦੇ 70 ਤੋਂ ਵੱਧ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਸਮਾਗਮ ਦੌਰਾਨ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਰਸਾਇਣ ਵਿਗਿਆਨ ਵਿਭਾਗ ਦੇ ਮੁਖੀ ਡਾ. ਜਤਿੰਦਰ ਔਲਖ ਨੇ ਨਮੂਨਿਆਂ ਵਿੱਚ ਮੌਜੂਦ ਤੱਤਾਂ ਨੂੰ ਵੱਖ ਕਰਕੇ ਉਨ੍ਹਾਂ ਦੀ ਮਾਤਰਾ ਵਧੇਰੇ ਸਪੱਸ਼ਟ ਢੰਗ ਨਾਲ ਜਾਂਚਣ ਲਈ ਵਰਤੀਆਂ ਜਾਂਦੀਆਂ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ। ਅਮਰੀਕਾ ਦੀ ਨਵਾਜੋ ਟੈਕਨੀਕਲ ਯੂਨੀਵਰਸਿਟੀ ਦੇ ਸਹਾਇਕ ਪ੍ਰੋਫੈਸਰ ਡਾ. ਅਵਤਾਰ ਸਿੰਘ ਨੇ ਪਰ- ਅਤੇ ਪੌਲੀਫਲੋਰੋਐਲਕਾਈਲ ਪਦਾਰਥਾਂ ਅਤੇ ਵਾਤਾਵਰਣ ਉੱਤੇ ਇਨ੍ਹਾਂ ਦੇ ਮਾੜੇ ਪ੍ਰਭਾਵਾਂ ਬਾਰੇ ਵਿਚਾਰ ਸਾਂਝੇ ਕੀਤੇ। ਇਸੇ ਤਰ੍ਹਾਂ, ਆਰ.ਆਈ.ਈ., ਐਨ.ਸੀ.ਈ.ਆਰ.ਟੀ., ਅਜਮੇਰ ਦੇ ਐਸੋਸੀਏਟ ਪ੍ਰੋਫੈਸਰ ਡਾ. ਸੰਦੀਪ ਕੌਸ਼ਲ ਨੇ ਪਾਣੀ ਦੀ ਸ਼ੁੱਧਤਾ ਲਈ ਨੈਨੋ-ਕਣਾਂ ਆਧਾਰਿਤ ਪਦਾਰਥਾਂ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਐੱਸ.ਪੀ.ਐੱਨ. ਕਾਲਜ ਦੇ ਡਾ. ਜਸਮਿੰਦਰ ਸਿੰਘ ਨੇ ਆਨਲਾਈਨ ਭਾਸ਼ਣ ਰਾਹੀਂ ਰਸਾਇਣ ਵਿਗਿਆਨ ਵਿੱਚ ਖੋਜ-ਨੈਤਿਕਤਾ ਦੇ ਮਹੱਤਵ ਬਾਰੇ ਚਾਨਣਾ ਪਾਇਆ।

ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਇਸ ਸਮਾਗਮ ਦੇ ਆਯੋਜਨ ਲਈ ਰਸਾਇਣ ਵਿਗਿਆਨ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਅਕਾਦਮਿਕ ਉਪਰਾਲੇ ਵਿਦਿਆਰਥੀਆਂ ਨੂੰ ਵਿਗਿਆਨ ਦੇ ਨਵੇਂ ਵਿਕਾਸ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਵਿਗਿਆਨਕ ਸੋਚ, ਨਵੀਨਤਾ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸਮਾਗਮ ਦੀ ਸ਼ੁਰੂਆਤ ਮੌਕੇ ਰਸਾਇਣ ਵਿਗਿਆਨ ਵਿਭਾਗ ਦੇ ਮੁਖੀ ਡਾ. ਰਾਹੁਲ ਬਦਰੂ ਨੇ ਹਾਜ਼ਰ ਸ਼ਖ਼ਸੀਅਤਾਂ ਅਤੇ ਭਾਗੀਦਾਰਾਂ ਦਾ ਸਵਾਗਤ ਕੀਤਾ। ਅਕਾਦਮਿਕ ਮਾਮਲਿਆਂ ਦੇ ਡੀਨ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਉਦਘਾਟਨੀ ਭਾਸ਼ਣ ਦਿੱਤਾ, ਜਦਕਿ ਰਜਿਸਟਰਾਰ ਪ੍ਰੋ. ਤੇਜਬੀਰ ਸਿੰਘ ਵੀ ਇਸ ਮੌਕੇ ਮੌਜੂਦ ਰਹੇ।

ਤਿੰਨ ਰੋਜ਼ਾ ਸਮਾਗਮ ਦੌਰਾਨ ਬਿਹਤਰ ਭਵਿੱਖ ਲਈ ਵਿਗਿਆਨ ਅਤੇ ਤਕਨਾਲੋਜੀ ਵਿਸ਼ੇ ’ਤੇ ਪਾਵਰਪੁਆਇੰਟ ਪੇਸ਼ਕਾਰੀ ਮੁਕਾਬਲਾ, ਵਿਗਿਆਨਕ ਚਿੱਤਰਕਾਰੀ, ਹਾਸੇ-ਮਜ਼ਾਕ ਰਾਹੀਂ ਵਿਗਿਆਨ ਵਿਸ਼ੇ ’ਤੇ ਹਾਸ-ਵਿਅੰਗ ਪੇਸ਼ਕਾਰੀ ਅਤੇ ਰਹਿੰਦ-ਖੂੰਹਦ ਤੋਂ ਕਮਾਲ: ਮੁੜ ਵਰਤੋਂ, ਮੁੜ ਵਰਤੋਂਯੋਗ ਬਣਾਉਣ ਅਤੇ ਨਵੀਆਂ ਵਸਤਾਂ ਦੀ ਸਿਰਜਣਾ ਵਿਸ਼ੇ ’ਤੇ ਮੁਕਾਬਲਾ ਕਰਵਾਇਆ ਗਿਆ। ਇਸ ਤੋਂ ਇਲਾਵਾ, ਵਿਦਿਆਰਥੀਆਂ ਨੇ ਵਿਗਿਆਨ, ਵਾਤਾਵਰਣ ਅਤੇ ਤਕਨਾਲੋਜੀ ਨਾਲ ਸਬੰਧਤ ਵਿਸ਼ਿਆਂ ’ਤੇ ਕਾਰਟੂਨ ਵੀ ਬਣਾਏ। ਇਨ੍ਹਾਂ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਆਪਣੀ ਸਿਰਜਣਾਤਮਕ ਪ੍ਰਤਿਭਾ ਦਿਖਾਉਣ, ਵਿਗਿਆਨਕ ਵਿਚਾਰਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਨ ਅਤੇ ਵਾਤਾਵਰਣ ਸੰਭਾਲ ਪ੍ਰਤੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕੀਤਾ।

ਸਮਾਗਮ ਦੇ ਆਖ਼ਰੀ ਦਿਨ ਹੋਏ ਸਮਾਪਤੀ ਸਮਾਰੋਹ ਦੌਰਾਨ ਇਨਾਮ ਵੰਡ ਸਮਾਗਮ ਕਰਵਾਇਆ ਗਿਆ। ਇਸ ਮੌਕੇ ਅਕਾਦਮਿਕ ਮਾਮਲਿਆਂ ਦੇ ਡੀਨ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ, ਰਜਿਸਟਰਾਰ ਪ੍ਰੋ. ਤੇਜਬੀਰ ਸਿੰਘ ਅਤੇ ਰਸਾਇਣ ਵਿਗਿਆਨ ਵਿਭਾਗ ਦੇ ਮੁਖੀ ਡਾ. ਰਾਹੁਲ ਬਦਰੂ ਹਾਜ਼ਰ ਸਨ। ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਉਨ੍ਹਾਂ ਦੀ ਕਾਰਗੁਜ਼ਾਰੀ ਲਈ ਇਨਾਮ ਅਤੇ ਸਰਟੀਫਿਕੇਟ ਦਿੱਤੇ ਗਏ। ਸਮਾਗਮ ਦੇ ਸਫ਼ਲ ਆਯੋਜਨ ਵਿੱਚ ਯੋਗਦਾਨ ਪਾਉਣ ਵਾਲੇ ਵਿਦਿਆਰਥੀ ਵਲੰਟੀਅਰਾਂ ਨੂੰ ਵੀ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਲਈ ਪ੍ਰਸ਼ੰਸਾ-ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।




ਰੋਜ਼ਾਨਾ
ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

# ਸੰਪਾਦਕੀ

## ਮਿੱਠਾ-ਜ਼ਹਿਰ ਕੌਣ ਕਸੂਰਵਾਰ, ਖੁਦ ਪ੍ਰਸ਼ਾਸਨ ਜਾਂ ਆਪ ਦੁਕਾਨਦਾਰ ?

ਜਦੋਂ ਮਠਿਆਈਆਂ ਵਿੱਚ ਮਿਲਾਵਟ ਹੋਵੇ, ਤਾਂ ਤਿਉਹਾਰਾਂ ਦੀ ਖ਼ੁਸ਼ੀ ਸਿਹਤ ਲਈ ਖ਼ਤਰਾ ਬਣ ਜਾਂਦੀ ਹੈ।

ਭਾਰਤ ਤਿਉਹਾਰਾਂ, ਰਵਾਇਤਾਂ ਅਤੇ ਸਾਂਝੀਵਾਲਤਾ ਦਾ ਦੇਸ਼ ਹੈ। ਇੱਥੇ ਮਠਿਆਈ ਸਿਰਫ਼ ਖਾਣ ਦੀ ਵਸਤੂ ਨਹੀਂ, ਸਗੋਂ ਪਿਆਰ, ਸਤਿਕਾਰ ਅਤੇ ਖ਼ੁਸ਼ੀ ਦਾ ਪ੍ਰਤੀਕ ਹੈ। ਦੀਵਾਲੀ ਹੋਵੇ, ਗੁਰਪੁਰਬ ਹੋਵੇ, ਵਿਆਹ ਹੋਵੇ ਜਾਂ ਕੋਈ ਹੋਰ ਸ਼ੁਭ ਮੌਕਾ, ਮਠਿਆਈਆਂ ਵੰਡ ਕੇ ਖ਼ੁਸ਼ੀਆਂ ਸਾਂਝੀਆਂ ਕਰਨ ਦੀ ਪਰੰਪਰਾ ਸਾਡੀ ਸੱਭਿਆਚਾਰਕ ਵਿਰਾਸਤ ਦਾ ਅਹਿਮ ਹਿੱਸਾ ਹੈ। ਪਰ ਜਦੋਂ ਇਸੇ ਮਿਠਾਸ ਵਿੱਚ ਮੁਨਾਫ਼ਾਖੋਰੀ ਦਾ ਜ਼ਹਿਰ ਘੁਲਣ ਲੱਗੇ, ਤਾਂ ਸਵਾਲ ਸਿਰਫ਼ ਖਾਣ-ਪੀਣ ਦੀ ਕਵਾਲਟੀ ਦਾ ਨਹੀਂ ਸਗੋਂ ਮਨੁੱਖੀ ਜ਼ਮੀਰ, ਪ੍ਰਸ਼ਾਸਨਿਕ ਜਵਾਬਦੇਹੀ ਅਤੇ ਲੋਕਾਂ ਦੀ ਸਿਹਤ ਦਾ ਬਣ ਜਾਂਦਾ ਹੈ।

ਤਿਉਹਾਰਾਂ ਦੇ ਦਿਨਾਂ ਵਿੱਚ ਮਠਿਆਈਆਂ ਦੀ ਮੰਗ ਅਚਾਨਕ ਵਧ ਜਾਂਦੀ ਹੈ। ਇਸ ਮੰਗ ਨੂੰ ਪੂਰਾ ਕਰਨ ਲਈ ਕੁਝ ਕਾਰੋਬਾਰੀ ਉਤਪਾਦਨ ਵਧਾਉਂਦੇ ਹਨ, ਪਰ ਕੁਝ ਬੇਈਮਾਨ ਲੋਕ ਵੱਧ ਮੁਨਾਫ਼ਾ ਕਮਾਉਣ ਦੇ ਲਾਲਚ ਵਿੱਚ ਮਿਠਾਈ ਵੀ ਪੈਂਦੇ ਸਾਮਾਨ ਨਾਲ ਸਮਝੌਤਾ ਕਰਦੇ ਹਨ। ਮਹਿੰਗੇ ਦੁੱਧ, ਖੋਏ ਅਤੇ ਸ਼ੁੱਧ ਘਿਓ ਦੀ ਥਾਂ ਸਸਤੇ ਪਦਾਰਥ ਵਰਤਣੇ, ਮਿਆਦ ਪੁੱਗੀਆਂ ਵਸਤਾਂ ਨੂੰ ਮੁੜ ਵੇਚਣ ਅਤੇ ਗ਼ੈਰ-ਮਨਜ਼ੂਰ ਸ਼ੁਦਾ ਰੰਗਾਂ ਦੀ ਵਰਤੋਂ ਕਰਕੇ ਆਪਣੀ ਮਾਨਸਿਕਤਾ ਦਾ ਖ਼ਤਰਨਾਕ ਰੂਪ ਦਿਖਾਉਂਦੇ ਹਨ। ਮਿਲਾਵਟ ਦੇ ਇਸ ਧੰਦੇ ਪਿੱਛੇ ਕਮਜ਼ੋਰ ਨਿਗਰਾਨੀ, ਨਿਯਮਾਂ ਦੀ ਉਲੰਘਣਾ ਅਤੇ ਦੋਸ਼ੀਆਂ ਵਿਰੁੱਧ ਸਮੇਂ ਸਿਰ ਕਾਰਵਾਈ ਨਾ ਹੋਣ ਵਰਗੇ ਕਾਰਨ ਵੀ ਹਨ। ਜਦੋਂ ਕਿਸੇ ਨੂੰ ਇਹ ਭਰੋਸਾ ਹੋ ਜਾਵੇ ਕਿ ਕੁਝ ਪੈਸਿਆਂ ਦੇ ਜੁਰਮਾਨੇ ਨਾਲ ਗੰਭੀਰ ਉਲੰਘਣਾ ਤੋਂ ਬਚਿਆ ਜਾ ਸਕਦਾ ਹੈ, ਤਾਂ ਕਾਨੂੰਨ ਦਾ ਡਰ ਬਹੁਤ ਕਮਜ਼ੋਰ ਪੈ ਜਾਂਦਾ ਹੈ।

ਖੋਏ ਅਤੇ ਦੁੱਧ ਤੋਂ ਬਣੀਆਂ ਵਸਤਾਂ ਵਿੱਚ ਸਟਾਰਚ, ਆਟਾ ਜਾਂ ਹੋਰ ਸਸਤੇ ਪਦਾਰਥਾਂ ਦੀ ਮਿਲਾਵਟ ਕੀਤੀ ਜਾਂਦੀ ਹੈ। ਘਿਓ ਦੀ ਥਾਂ ਸਸਤੇ ਬਨਸਪਤੀ ਤੇਲ ਵਰਤਣ ਅਤੇ ਮਠਿਆਈਆਂ ਨੂੰ ਆਕਰਸ਼ਕ ਬਣਾਉਣ ਲਈ ਗ਼ੈਰ-ਮਨਜ਼ੂਰ ਰੰਗ ਪਾਉਣ ਦੀਆਂ ਘਟਨਾਵਾਂ ਵੀ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ। ਮਠਿਆਈਆਂ ਉੱਤੇ ਲੱਗਣ ਵਾਲੀ ਚਾਂਦੀ ਦੀ ਪਰਤ ਦੀ ਥਾਂ ਐਲੂਮੀਨੀਅਮ ਦੀ ਵਰਤੋਂ ਵੀ ਧੋਖਾਧੜੀ ਦਾ ਰੂਪ ਹੁੰਦੀ ਹੈ।

ਰੋਡਾਮੀਨ-ਬੀ ਅਤੇ ਮੈਟਾਨਿਲ ਯੈਲੋ ਵਰਗੇ ਗ਼ੈਰ-ਮਨਜ਼ੂਰ ਰੰਗ ਖਾਣ-ਪੀਣ ਦੀਆਂ ਵਸਤਾਂ ਵਿੱਚ ਵਰਤਣਾ ਗੰਭੀਰ ਚਿੰਤਾ ਦਾ ਵਿਸ਼ਾ ਹੈ। ਅਜਿਹੇ ਪਦਾਰਥਾਂ ਦੇ ਸੰਪਰਕ ਨਾਲ ਸਿਹਤ ਨੂੰ ਨੁਕਸਾਨ ਪਹੁੰਚਦਾ ਹੈ। ਦੂਸ਼ਿਤ ਜਾਂ ਖ਼ਰਾਬ ਮਠਿਆਈਆਂ ਖਾਣ ਨਾਲ ਉਲਟੀਆਂ, ਦਸਤ ਅਤੇ ਭੋਜਨ-ਜ਼ਹਿਰਬਾਦ (ਫੂਡ-ਪੁਆਇਜ਼ਨਿੰਗ) ਵਰਗੀਆਂ ਸਮੱਸਿਆਵਾਂ ਪੈਦਾ ਹੁੰਦੀਆਂ ਹਨ। ਕੁਝ ਹਾਨੀਕਾਰਕ ਰਸਾਇਣਾਂ ਦੇ ਲੰਬੇ ਸਮੇਂ ਤੱਕ ਸੰਪਰਕ ਨਾਲ ਜਿਗਰ, ਗੁਰਦਿਆਂ ਅਤੇ ਹੋਰ ਪ੍ਰਮੁੱਖ ਅੰਗਾਂ ਨੂੰ ਵੀ ਨੁਕਸਾਨ ਹੁੰਦਾ ਹੈ।

ਹਾਲਾਂਕਿ, ਹਰ ਰੰਗਦਾਰ ਜਾਂ ਚਮਕਦਾਰ ਮਠਿਆਈ ਮਿਲਾਵਟੀ ਨਹੀਂ ਹੁੰਦੀ ਅਤੇ ਸਿਰਫ਼ ਦਿੱਖ ਦੇ ਆਧਾਰ 'ਤੇ ਮਿਲਾਵਟ ਦੀ ਪੱਕੀ ਪਛਾਣ ਨਹੀਂ ਕੀਤੀ ਜਾ ਸਕਦੀ। ਇਸ ਲਈ ਵਿਗਿਆਨਕ ਜਾਂਚ ਅਤੇ ਪ੍ਰਮਾਣਿਕ ਸਬੂਤ ਜ਼ਰੂਰੀ ਹਨ।

ਸਭ ਤੋਂ ਪਹਿਲਾਂ ਖ਼ਰੀਦਦਾਰੀ ਸਮੇਂ ਸਾਵਧਾਨੀ ਵਰਤਣੀ ਲਾਜ਼ਮੀ ਹੈ। ਮਠਿਆਈਆਂ ਦੀ ਗੰਧ, ਰੰਗ, ਬਣਤਰ ਅਤੇ ਤਾਜ਼ਗੀ ਵੱਲ ਧਿਆਨ ਦਿਓ। ਬਹੁਤ ਤੇਜ਼ ਜਾਂ ਗੈਰ -ਸਧਾਰਨ ਰੰਗ, ਬਦਬੂ, ਖ਼ਰਾਬ ਹੋਣ ਦੇ ਸੰਕੇਤ ਜਾਂ ਗਲਤ ਢੰਗ ਨਾਲ ਰੱਖੀਆਂ ਸਸਤੀਆਂ ਮਠਿਆਈਆਂ ਤੋਂ ਪਰਹੇਜ਼ ਕਰੋ। ਡੱਬਾਬੰਦ ਮਠਿਆਈਆਂ ਉੱਤੇ ਨਿਰਮਾਣ ਮਿਤੀ, ਵਰਤੋਂ ਦੀ ਆਖ਼ਰੀ ਮਿਤੀ, ਸਮੱਗਰੀ ਅਤੇ ਲਾਜ਼ਮੀ ਜਾਣਕਾਰੀ ਪੜ੍ਹੋ। ਭਰੋਸੇਯੋਗ ਦੁਕਾਨਦਾਰਾਂ ਤੋਂ ਖ਼ਰੀਦੋ ਅਤੇ ਉਨ੍ਹਾਂ ਦੀ ਭੋਜਨ ਸੁਰੱਖਿਆ ਸਬੰਧੀ ਰਜਿਸਟ੍ਰੇਸ਼ਨ ਜਾਂ ਲਾਇਸੈਂਸ ਬਾਰੇ ਜਾਣਕਾਰੀ ਲਵੋ।

ਜੇਕਰ ਮਿਲਾਵਟ ਦਾ ਸ਼ੱਕ ਹੋਵੇ, ਤਾਂ ਮਠਿਆਈ ਦਾ ਨਮੂਨਾ ਸੰਭਾਲ ਕੇ, ਖ਼ਰੀਦ ਦੀ ਰਸੀਦ ਸਮੇਤ ਸਬੰਧਤ ਭੋਜਨ ਸੁਰੱਖਿਆ ਅਧਿਕਾਰੀ ਜਾਂ ਭਾਰਤੀ ਖੁਰਾਕ ਸੁਰੱਖਿਆ ਅਤੇ ਮਿਆਰ ਅਥਾਰਟੀ (ਐਫ ਐਸ ਐਮ ਏ ਆਈ) ਦੇ ਸ਼ਿਕਾਇਤ ਢੰਗ ਰਾਹੀਂ ਸੂਚਨਾ ਦਿਓ। ਆਪਣੇ ਪੱਧਰ 'ਤੇ ਕਿਸੇ ਪਦਾਰਥ ਨੂੰ ਚੱਖ ਕੇ ਜਾਂ ਘਰੇਲੂ ਨੁਸਖ਼ਿਆਂ ਨਾਲ ਉਸ ਦੀ ਸੁਰੱਖਿਆ ਪਰਖਣ ਦੀ ਕੋਸ਼ਿਸ਼ ਨਾ ਕਰੋ। ਸੁੱਕੇ ਮੇਵਿਆਂ ਤੋਂ ਬਣੀਆਂ ਮਠਿਆਈਆਂ ਜਾਂ ਘਰ ਵਿੱਚ ਤਿਆਰ ਕੀਤੇ ਪਕਵਾਨ ਖ਼ੁਸ਼ੀ ਦੇ ਮੌਕੇ ਚੰਗੀ ਚੋਣ ਹੁੰਦੀ ਹੈ, ਪਰ ਉਨ੍ਹਾਂ ਦੀ ਸਫ਼ਾਈ, ਤਾਜ਼ਗੀ ਅਤੇ ਸਮੱਗਰੀ ਦੀ ਸ਼ੁੱਧਤਾ ਦਾ ਧਿਆਨ ਰੱਖਣਾ ਵੀ ਜ਼ਰੂਰੀ ਹੈ।

ਭੋਜਨ ਸੁਰੱਖਿਆ ਸਿਰਫ਼ ਨਾਗਰਿਕਾਂ ਦੀ ਸਾਵਧਾਨੀ ਨਾਲ ਯਕੀਨੀ ਨਹੀਂ ਬਣਾਈ ਜਾ ਸਕਦੀ। ਭੋਜਨ ਸੁਰੱਖਿਆ ਵਿਭਾਗ ਨੂੰ ਤਿਉਹਾਰਾਂ ਤੋਂ ਪਹਿਲਾਂ ਅਤੇ ਦੌਰਾਨ ਜੋਖ਼ਮ ਦੇ ਆਧਾਰ 'ਤੇ ਜਾਂਚਾਂ ਵਧਾਉਣੀਆਂ ਚਾਹੀਦੀਆਂ ਹਨ। ਸ਼ੱਕੀ ਨਮੂਨਿਆਂ ਦੀ ਪ੍ਰਯੋਗਸ਼ਾਲਾ ਵਿੱਚ ਜਾਂਚ, ਮਿਲਾਵਟਖੋਰਾਂ ਵਿਰੁੱਧ ਕਾਨੂੰਨੀ ਕਾਰਵਾਈ ਅਤੇ ਜਾਂਚ ਦੇ ਨਤੀਜਿਆਂ ਬਾਰੇ ਪਾਰਦਰਸ਼ੀ ਜਾਣਕਾਰੀ ਜਨਤਕ ਕਰਨੀ ਲਾਜ਼ਮੀ ਹੈ। ਸਿਰਫ਼ ਛਾਪੇ ਮਾਰ ਕੇ ਮਠਿਆਈਆਂ ਨਸ਼ਟ ਕਰ ਦੇਣਾ ਕਾਫ਼ੀ ਨਹੀਂ, ਇਹ ਵੀ ਪਤਾ ਲੱਗਣਾ ਚਾਹੀਦਾ ਹੈ ਕਿ ਮਿਲਾਵਟ ਕਿੱਥੇ ਹੋਈ, ਜ਼ਿੰਮੇਵਾਰ ਕੌਣ ਸੀ ਅਤੇ ਉਸ ਵਿਰੁੱਧ ਕੀ ਕਾਰਵਾਈ ਹੋਈ।

ਤਿਉਹਾਰਾਂ ਦੀ ਅਸਲ ਖ਼ੁਸ਼ੀ ਮਹਿੰਗੀਆਂ ਮਠਿਆਈਆਂ ਵਿੱਚ ਨਹੀਂ, ਸਗੋਂ ਸਿਹਤਮੰਦ ਜੀਵਨ ਅਤੇ ਸਾਂਝੀ ਖ਼ੁਸ਼ਹਾਲੀ ਵਿੱਚ ਵੱਸਦੀ ਹੈ। ਜਿਹੜਾ ਕਾਰੋਬਾਰੀ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਦਾ ਹੈ, ਉਹ ਸਿਰਫ਼ ਕਾਨੂੰਨ ਦੀ ਉਲੰਘਣਾ ਨਹੀਂ ਕਰਦਾ, ਸਗੋਂ ਸਮਾਜ ਦੇ ਭਰੋਸੇ ਨੂੰ ਵੀ ਤੋੜਦਾ ਹੈ।

ਲੋੜ ਹੈ ਕਿ ਖ਼ਪਤਕਾਰ ਜਾਗਰੂਕ ਹੋਣ, ਵਪਾਰੀ ਇਮਾਨਦਾਰ ਬਣਨ ਅਤੇ ਪ੍ਰਸ਼ਾਸਨ ਆਪਣੀ ਜ਼ਿੰਮੇਵਾਰੀ ਨਿਭਾਏ। ਕਿਉਂਕਿ ਮਠਿਆਈ ਵਿੱਚ ਮਿਲਾਵਟ ਸਿਰਫ਼ ਖਾਣੇ ਦੀ ਖ਼ਰਾਬੀ ਨਹੀਂ, ਸਗੋਂ ਸਮਾਜਿਕ ਜ਼ਿੰਮੇਵਾਰੀ ਦੀ ਗਿਰਾਵਟ ਦਾ ਵੀ ਸੰਕੇਤ ਹੈ। ਤਿਉਹਾਰਾਂ ਦੀ ਮਿਠਾਸ ਬਰਕਰਾਰ ਰੱਖਣੀ ਹੈ ਤਾਂ ਮੁਨਾਫ਼ੇ ਦੀ ਹਵਸ ਉੱਤੇ ਇਮਾਨਦਾਰੀ ਦੀ ਜਿੱਤ ਯਕੀਨੀ ਬਣਾਉਣੀ ਪਵੇਗੀ।

# ਵਿਕਾਸ ਦਰ ਦੀ ਰੌਸ਼ਨੀ ਬਨਾਮ ਮਹਿੰਗਾਈ ਦਾ ਹਨੇਰਾ

**ਡਾ. ਰਾਜੀਵ ਖੋਸਲਾ**

ਪਿਛਲੇ ਕੁਝ ਸਮੇਂ ਦੌਰਾਨ ਭਾਰਤ ਵਿੱਚ ਜਾਰੀ ਹੋਏ ਸਰਕਾਰੀ ਅੰਕੜੇ ਜਿਵੇਂ ਕਿ ਅਪਰੈਲ-ਜੂਨ 2026 ਦੀ ਤਿਮਾਹੀ ਵਿੱਚ ਕੁੱਲ ਘਰੇਲੂ ਉਤਪਾਦ (ਜੀ ਡੀ ਪੀ) ਦਾ 7.8 ਫ਼ੀਸਦੀ ਦੀ ਦਰ ਨਾਲ ਵਧਣਾ, ਸਤੰਬਰ ਦੌਰਾਨ ਵਸਤਾਂ ਤੇ ਸੇਵਾਵਾਂ ਕਰ (ਜੀ ਐੱਸ ਟੀ) ਦੀ ਕੁੱਲ ਰਕਮ ਪਿਛਲੇ ਸਾਲ ਦੇ ਮੁਕਾਬਲੇ 14.7 ਫ਼ੀਸਦੀ ਵਧ ਕੇ ਲਗਪਗ 2.04 ਲੱਖ ਕਰੋੜ ਰੁਪਏ ਹੋਣਾ, ਭਾਰਤੀ ਸੇਵਾਵਾਂ ਖੇਤਰ ਦੀਆਂ ਬਰਾਮਦਾਂ ਵਿੱਚ ਮਜ਼ਬੂਤ ਉਛਾਲ, ਲਗਪਗ 700 ਅਰਬ ਡਾਲਰ ਦਾ ਵਿਦੇਸ਼ੀ ਮੁਦਰਾ ਭੰਡਾਰ ਆਦਿ ਪਹਿਲੀ ਨਜ਼ਰੇ ਭਾਰਤੀ ਅਰਥਵਿਵਸਥਾ ਦੀ ਮਜ਼ਬੂਤ ਤਸਵੀਰ ਦਿਖਾਉਂਦੇ ਹਨ, ਪਰ ਉੱਚੀ ਵਿਕਾਸ ਦਰ ਜਾਂ ਵਧਦਾ ਸਰਕਾਰੀ ਮਾਲੀਆ ਇਹ ਸਾਬਿਤ ਨਹੀਂ ਕਰਦੇ ਕਿ ਆਮ ਲੋਕਾਂ ਦੀ ਆਮਦਨ, ਖਰੀਦ ਸ਼ਕਤੀ ਅਤੇ ਜੀਵਨ ਪੱਧਰ ਵਿੱਚ ਵੀ ਉਸੇ ਅਨੁਪਾਤ ਵਿੱਚ ਸੁਧਾਰ ਹੋਇਆ ਹੈ, ਜਿਸ ਅਨੁਪਾਤ ਵਿੱਚ ਇਹ ਆਰਥਿਕ ਕਾਰਕ ਪਿਛਲੇ ਸਮੇਂ ਦੌਰਾਨ ਵਧੇ ਹਨ।



ਅਰਥਵਿਵਸਥਾ ਦੀ ਅਸਲ ਹਾਲਤ ਮਹਿੰਗਾਈ, ਰੁਜ਼ਗਾਰ, ਨਿਵੇਸ਼, ਘਰੇਲੂ ਬੱਚਤ, ਕਰਜ਼ੇ ਦੀ ਲਾਗਤ ਜਾਂ ਆਮ ਜਨਤਾ ਦੀ ਜ਼ਿੰਦਗੀ ਜਿਊਣ ਦੀ ਲਾਗਤ ਵਿੱਚ ਆਈ ਕਮੀ ਤੋਂ ਪਤਾ ਲੱਗਦੀ ਹੈ। ਇਨ੍ਹਾਂ ਕਾਰਕਾਂ ਦੀ ਪੜਚੋਲ ਕੀਤਿਆਂ ਭਾਰਤੀ ਅਰਥਵਿਵਸਥਾ ਦੀ ਇੱਕ ਭਿਆਨਕ ਤਸਵੀਰ ਉੱਭਰਦੀ ਹੈ। ਅੰਦਰੂਨੀ ਅਤੇ ਬਾਹਰੀ ਕਾਰਕ ਮਿਲ ਕੇ ਭਾਰਤੀ ਅਰਥਵਿਵਸਥਾ ਲਈ ਵਿਲੱਖਣ ਚੁਣੌਤੀਆਂ ਪੈਦਾ ਕਰ ਰਹੇ ਹਨ। ਦਰਅਸਲ, ਕੌਮਾਂਤਰੀ ਪੱਧਰ 'ਤੇ ਰੂਸ-ਯੂਕਰੇਨ, ਇਰਾਨ-ਅਮਰੀਕਾ-ਇਜ਼ਰਾਈਲ, ਹੂਤੀ-ਸਾਊਦੀ ਅਰਬ ਦੇ ਟਕਰਾਅ ਕੱਚੇ ਤੇਲ ਦੀਆਂ ਕੀਮਤਾਂ ਵਧਾ ਰਹੇ ਹਨ। ਇਸ ਨਾਲ ਭਾਰਤ ਲਈ ਪੈਟਰੋਲੀਅਮ ਉਤਪਾਦਾਂ ਦੀਆਂ ਦਰਾਮਦਾਂ ਦਾ ਬਿੱਲ ਵੀ ਵਧ ਰਿਹਾ ਹੈ। ਇਸ ਦੇ ਨਾਲ ਹੀ ਲਗਾਤਾਰ ਕਮਜ਼ੋਰ ਹੁੰਦੇ ਜਾ ਰਹੇ ਰੁਪਏ ਕਾਰਨ ਕੱਚੇ ਤੇਲ ਦੀ ਕੀਮਤ ਵਿੱਚ ਹੋਰ ਵਾਧਾ ਦੇਖਣ ਨੂੰ ਮਿਲ ਰਿਹਾ ਹੈ। ਕੁੱਲ ਮਿਲਾ ਕੇ ਪੈਟਰੋਲੀਅਮ ਉਤਪਾਦਾਂ ਅਤੇ ਹੋਰ ਵਸਤਾਂ ਦੀਆਂ ਕੀਮਤਾਂ ਵਿੱਚ ਜ਼ਬਰਦਸਤ ਉਛਾਲ ਦੇਖਣ ਨੂੰ ਮਿਲ ਰਿਹਾ ਹੈ। ਅਜਿਹੇ ਹੋਰ ਵੀ ਕਾਰਕ ਹਨ, ਜਿਨ੍ਹਾਂ ਨੇ ਭਾਰਤੀ ਰਿਜ਼ਰਵ ਬੈਂਕ ਨੂੰ ਦੋ ਮਹੀਨੇ ਪਹਿਲਾਂ (ਅਗਸਤ 2026 'ਚ) ਜਾਰੀ ਹੋਈ ਮੁਦਰਾ ਨੀਤੀ ਨੂੰ ਬਦਲਣ ਅਤੇ ਮਾਰਚ 2027 ਤੱਕ ਮਹਿੰਗਾਈ 'ਚ ਅਨੁਮਾਨਿਤ ਵਾਧੇ ਦੇ ਐਲਾਨ ਲਈ ਮਜਬੂਰ ਕੀਤਾ।

ਪਹਿਲਾ ਘਟਨਾਕ੍ਰਮ ਮੌਸਮ ਅਤੇ ਖੇਤੀਬਾੜੀ ਨਾਲ ਸਬੰਧਿਤ ਹੈ। ਮੌਜੂਦਾ ਮੌਨਸੂਨ ਸੀਜ਼ਨ ਦੌਰਾਨ ਐੱਲ ਨੀਨੋ ਦੇ ਪ੍ਰਭਾਵ ਕਾਰਨ ਦੇਸ਼ ਭਰ ਵਿੱਚ ਬਰਸਾਤ ਆਮ ਨਾਲੋਂ ਲਗਪਗ 13 ਫ਼ੀਸਦੀ ਘੱਟ ਰਹੀ ਹੈ। ਖੇਤਰੀ ਪੱਧਰ 'ਤੇ ਇਹ ਘਾਟ ਹੋਰ ਵੀ ਗੰਭੀਰ ਰਹੀ, ਜਿੱਥੇ ਪੂਰਬੀ ਤੇ ਉੱਤਰ-ਪੂਰਬੀ ਭਾਰਤ ਵਿੱਚ ਆਮ ਨਾਲੋਂ ਲਗਪਗ 18 ਤੋਂ 20 ਫ਼ੀਸਦੀ ਅਤੇ ਦੱਖਣੀ ਪ੍ਰਾਇਦੀਪ ਵਿੱਚ ਤਕਰੀਬਨ 15 ਤੋਂ 17 ਫ਼ੀਸਦੀ ਘੱਟ ਮੀਂਹ ਦਰਜ ਕੀਤਾ ਗਿਆ। ਇਸ ਮੌਸਮੀ ਅਸੰਤੁਲਨ ਕਾਰਨ ਝੋਨਾ, ਦਾਲਾਂ ਅਤੇ ਮੋਟੇ ਅਨਾਜ ਵਰਗੀਆਂ ਸਾਉਣੀ ਦੀਆਂ ਫ਼ਸਲਾਂ ਦੀ ਪੈਦਾਵਾਰ ਪ੍ਰਭਾਵਿਤ ਹੋਣ ਦਾ ਖ਼ਦਸ਼ਾ ਹੈ। ਵਿਸ਼ਵ ਮੌਸਮ ਵਿਗਿਆਨ ਸੰਸਥਾ ਅਨੁਸਾਰ ਐੱਲ ਨੀਨੋ ਦਸੰਬਰ 2026 ਵਿੱਚ ਆਪਣੇ ਸਿਖਰ 'ਤੇ ਪਹੁੰਚ ਸਕਦਾ ਹੈ ਅਤੇ ਇਸ ਦੇ ਫਰਵਰੀ 2027 ਤੱਕ ਜਾਰੀ ਰਹਿਣ ਦੀ ਲਗਪਗ ਪੂਰੀ ਸੰਭਾਵਨਾ ਹੈ। ਇਹ 1950 ਤੋਂ ਬਾਅਦ ਦੇ ਸਭ ਤੋਂ ਤੀਬਰ ਐੱਲ ਨੀਨੋ ਪ੍ਰਭਾਵਾਂ ਵਿੱਚੋਂ ਇੱਕ ਹੋ ਸਕਦਾ ਹੈ। ਇਸ ਦਾ ਅਰਥ ਹੈ ਕਿ ਹੁਣ ਇਸ ਦਾ ਪ੍ਰਭਾਵ ਸਿਰਫ਼ ਇੱਕ ਮੌਸਮੀ ਚੱਕਰ ਤੱਕ ਸੀਮਿਤ ਨਹੀਂ ਰਹੇਗਾ। ਸਾਉਣੀ ਦੀ ਸੰਭਾਵੀ ਘਾਟ ਤੋਂ ਇਲਾਵਾ ਜਲ-ਭੰਡਾਰਾਂ ਵਿੱਚ ਪਾਣੀ ਦੇ ਘਟਦੇ ਪੱਧਰ ਅਤੇ ਮਿੱਟੀ ਵਿੱਚ ਨਮੀ ਦੀ ਕਮੀ ਕਾਰਨ ਹਾੜ੍ਹੀ ਦੀਆਂ ਫ਼ਸਲਾਂ (ਖ਼ਾਸ ਕਰਕੇ ਕਣਕ, ਛੋਲੇ ਅਤੇ ਸਰ੍ਹੋਂ) ਦੀ ਬਿਜਾਈ ਅਤੇ ਉਤਪਾਦਨ ਲਈ ਵੀ ਵੱਡਾ ਜੋਖ਼ਮ ਖੜ੍ਹਾ ਹੋ ਸਕਦਾ ਹੈ। ਜੇਕਰ ਖੇਤੀ ਉਤਪਾਦਨ ਵਿੱਚ ਕਮੀ ਆਉਂਦੀ ਹੈ ਤਾਂ ਅਨਾਜ, ਦਾਲਾਂ ਅਤੇ ਸਬਜ਼ੀਆਂ ਦੀ ਪੂਰਤੀ ਪ੍ਰਭਾਵਿਤ ਹੋਣ ਨਾਲ ਖੁਰਾਕੀ ਮਹਿੰਗਾਈ ਹੋਰ ਵਧ ਸਕਦੀ ਹੈ। ਇਸ ਦਾ ਸਭ ਤੋਂ ਵੱਧ ਸੇਕ ਹੇਠਲੇ ਅਤੇ ਮੱਧ ਵਰਗ ਦੇ ਪਰਿਵਾਰਾਂ ਨੂੰ ਲੱਗੇਗਾ, ਜਿਨ੍ਹਾਂ ਦੀ ਕੁੱਲ ਆਮਦਨ ਦਾ ਵੱਡਾ ਹਿੱਸਾ ਸਿਰਫ਼ ਭੋਜਨ ਅਤੇ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰਨ 'ਤੇ ਹੀ ਖ਼ਰਚ ਹੋ ਜਾਂਦਾ ਹੈ।

ਇਸ ਜੋਖ਼ਮ ਦੇ ਨਾਲ-ਨਾਲ ਕੀਮਤਾਂ ਦੇ ਅੰਕੜੇ ਵੀ ਗੰਭੀਰ ਚਿੰਤਾ ਪੈਦਾ ਕਰਦੇ ਹਨ। ਅਗਸਤ 2026 ਵਿੱਚ ਥੋਕ ਮਹਿੰਗਾਈ ਦੀ ਦਰ 9.92 ਫ਼ੀਸਦੀ ਰਹੀ ਜਦੋਂਕਿ ਬਾਲਣ ਅਤੇ ਬਿਜਲੀ ਨਾਲ ਸਬੰਧਿਤ ਮਹਿੰਗਾਈ 22.93 ਫ਼ੀਸਦੀ ਤੱਕ ਪਹੁੰਚ ਗਈ। ਇਸ ਦੇ ਮੁਕਾਬਲੇ ਪ੍ਰਚੂਨ ਮਹਿੰਗਾਈ 4.82 ਫ਼ੀਸਦੀ ਅਤੇ ਖੁਰਾਕੀ ਮਹਿੰਗਾਈ 5.95 ਫ਼ੀਸਦੀ ਦਰਜ ਕੀਤੀ ਗਈ ਸੀ। ਥੋਕ ਅਤੇ ਪ੍ਰਚੂਨ ਮਹਿੰਗਾਈ ਵਿਚਲਾ ਇਹ ਵੱਡਾ ਪਾੜਾ ਇਸ ਗੱਲ ਵੱਲ ਸੰਕੇਤ ਕਰਦਾ ਹੈ ਕਿ ਉਤਪਾਦਨ ਅਤੇ ਹੋਰ ਲਾਗਤਾਂ ਵਿੱਚ ਆਏ ਵਾਧੇ ਦਾ ਪੂਰਾ ਪ੍ਰਭਾਵ ਹਾਲੇ ਖਪਤਕਾਰਾਂ ਵੱਲੋਂ ਅਦਾ ਕੀਤੀਆਂ ਜਾਣ ਵਾਲੀਆਂ ਕੀਮਤਾਂ ਵਿੱਚ ਦਿਖਾਈ ਨਹੀਂ ਦਿੱਤਾ। ਨਿਰਮਾਤਾ ਅਤੇ ਕਾਰੋਬਾਰੀ ਲੰਮੇ ਸਮੇਂ ਤੱਕ ਵਧੀਆਂ ਲਾਗਤਾਂ ਨੂੰ ਆਪਣੇ ਮੁਨਾਫ਼ਿਆਂ ਵਿੱਚੋਂ ਸਹਿਣ ਨਹੀਂ ਕਰ ਸਕਦੇ। ਜੇ ਕੱਚੇ ਮਾਲ, ਬਾਲਣ, ਬਿਜਲੀ ਅਤੇ ਢੋਆ-ਢੁਆਈ ਦੀ ਲਾਗਤ ਵਧੀ ਰਹੀ ਤਾਂ ਉਹ ਇਸ ਦਾ ਕੁਝ ਹਿੱਸਾ ਉਤਪਾਦਾਂ ਅਤੇ ਸੇਵਾਵਾਂ ਦੀਆਂ ਕੀਮਤਾਂ ਵਧਾ ਕੇ ਖਪਤਕਾਰਾਂ ਉੱਤੇ ਪਾ ਸਕਦੇ ਹਨ। ਇਸ ਲਈ ਆਉਣ ਵਾਲੇ ਮਹੀਨਿਆਂ ਵਿੱਚ ਪ੍ਰਚੂਨ ਮਹਿੰਗਾਈ ਹੋਰ ਵਧਣ ਦਾ ਖ਼ਤਰਾ ਹੈ।

ਖੁਰਾਕੀ ਮਹਿੰਗਾਈ ਦੇ ਵਧਦੇ ਜੋਖ਼ਮਾਂ ਅਤੇ ਭਾਰਤੀ ਬਾਜ਼ਾਰ ਵਿੱਚ ਸ਼ੇਅਰਾਂ ਦੀਆਂ ਉੱਚੀਆਂ ਕੀਮਤਾਂ ਕਾਰਨ ਵਿਦੇਸ਼ੀ ਨਿਵੇਸ਼ਕਾਂ ਦਾ ਰੁਖ਼ ਸੁਚੇਤ ਹੋ ਗਿਆ ਹੈ। ਸਿਰਫ਼ ਪਿਛਲੇ ਕੁਝ ਹਫ਼ਤਿਆਂ ਦੌਰਾਨ ਹੀ ਵਿਦੇਸ਼ੀ ਨਿਵੇਸ਼ਕਾਂ ਨੇ ਭਾਰਤੀ ਸ਼ੇਅਰ ਬਾਜ਼ਾਰ ਵਿੱਚੋਂ 30 ਤੋਂ 35 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਸ਼ੁੱਧ ਵਿਕਵਾਲੀ (selling) ਕੀਤੀ ਹੈ। ਦੂਜੇ ਪਾਸੇ ਅਮਰੀਕਾ ਦੀ ਸਰਕਾਰ ਕਰਜ਼ੇ ਉੱਤੇ 5.2 ਤੋਂ 5.3 ਫ਼ੀਸਦੀ ਦਾ ਵਿਆਜ਼ ਮੁਹੱਈਆ ਕਰਵਾ ਰਹੀ ਹੈ। ਇਸ ਦਾ ਮਤਲਬ ਹੈ ਕਿ ਵਿਦੇਸ਼ੀ ਨਿਵੇਸ਼ਕਾਂ ਨੂੰ ਉੱਥੇ ਬਿਨਾਂ ਕਿਸੇ ਖ਼ਾਸ ਜੋਖ਼ਮ ਤੋਂ ਯਕੀਨੀ ਮੁਨਾਫ਼ਾ ਮਿਲ ਰਿਹਾ ਹੈ, ਜਿਸ ਕਰਕੇ ਉਹ ਭਾਰਤੀ ਬਾਜ਼ਾਰ ਵਰਗੇ ਉੱਭਰਦੇ ਖੇਤਰਾਂ ਵਿੱਚੋਂ ਪੂੰਜੀ ਕੱਢ ਕੇ ਅਮਰੀਕਾ ਵਿੱਚ ਨਿਵੇਸ਼ ਕਰ ਰਹੇ ਹਨ। ਵੱਡੇ ਪੱਧਰ 'ਤੇ ਇਸ ਪੂੰਜੀ ਦੇ ਦੇਸ਼ੋਂ ਬਾਹਰ ਨਿਕਲਣ ਕਰਕੇ ਰੁਪਏ ਵਿੱਚ ਗਿਰਾਵਟ ਲਾਜ਼ਮੀ ਹੈ, ਜੋ ਹੁਣ ਇੱਕ ਡਾਲਰ ਦੇ ਮੁਕਾਬਲੇ 96 ਤੋਂ 97 ਰੁਪਏ ਦੇ ਦਾਇਰੇ ਵਿੱਚ ਆ ਚੁੱਕਾ ਹੈ। ਰੁਪਏ ਵਿੱਚ ਕਮੀ ਦਾ ਹੀ ਅਸਰ ਹੈ ਕਿ ਵਿਦੇਸ਼ਾਂ ਤੋਂ ਮੰਗਵਾਈਆਂ ਜਾਣ ਵਾਲੀਆਂ ਜ਼ਰੂਰੀ ਵਸਤਾਂ ਜਿਵੇਂ ਪੈਟਰੋਲ, ਗੈਸ ਅਤੇ ਡੀਜ਼ਲ ਲਈ ਕੱਚਾ ਤੇਲ, ਡੀ ਏ ਪੀ ਤੇ ਪੋਟਾਸ਼ ਵਰਗੀਆਂ ਖਾਦਾਂ ਅਤੇ ਟਰੈਕਟਰਾਂ, ਸੰਦਾਂ ਦੇ ਕੱਚੇ ਮਾਲ ਦੀ ਦਰਾਮਦ ਲਾਗਤ ਵਧ ਗਈ। ਖੇਤੀ ਲਾਗਤਾਂ ਵਧਣ ਨਾਲ ਉਤਪਾਦਨ ਖ਼ਰਚਾ ਵੀ ਵੱਧ ਹੋ ਰਿਹਾ ਹੈ ਅਤੇ ਆਮ ਬਾਜ਼ਾਰ ਵਿੱਚ ਮਹਿੰਗਾਈ ਦਾ ਸੇਕ ਹੋਰ ਤੇਜ਼ ਹੋਣ ਜਾ ਰਿਹਾ ਹੈ। ਵਿਦੇਸ਼ੀ ਪੂੰਜੀ ਦੀ ਨਿਕਾਸੀ ਦਾ ਅਸਰ ਸਿਰਫ਼ ਮੁੰਬਈ ਦੇ ਸ਼ੇਅਰ ਬਾਜ਼ਾਰ ਦੇ ਅੰਕੜਿਆਂ 'ਤੇ ਹੀ ਨਹੀਂ ਸਗੋਂ ਆਮ ਘਰਾਂ ਦੀਆਂ ਰਸੋਈਆਂ ਦੇ ਬਜਟ 'ਤੇ ਵੀ ਪੈ ਰਿਹਾ ਹੈ।

ਊਰਜਾ ਖੇਤਰ ਦੀਆਂ ਮੁਸ਼ਕਿਲਾਂ ਵੀ ਭਾਰਤੀ ਅਰਥਵਿਵਸਥਾ ਉੱਤੇ ਦਬਾਅ ਵਧਾ ਰਹੀਆਂ ਹਨ। ਸਤੰਬਰ ਦੌਰਾਨ ਬਿਜਲੀ ਦੀ ਵਧੀ ਮੰਗ, ਮੌਨਸੂਨ ਦੀ ਕਮਜ਼ੋਰ ਸਥਿਤੀ ਅਤੇ ਥਰਮਲ ਪਾਵਰ ਪਲਾਂਟਾਂ ਵਿੱਚ ਕੋਲੇ ਦੀ ਉਪਲਬਧਤਾ ਨਾਲ ਜੁੜੀਆਂ ਸਮੱਸਿਆਵਾਂ ਨੇ ਬਿਜਲੀ ਸਪਲਾਈ ਨੂੰ ਪ੍ਰਭਾਵਿਤ ਕੀਤਾ। ਉਪਲੱਬਧ ਅੰਕੜਿਆਂ ਅਨੁਸਾਰ 9 ਸਤੰਬਰ ਨੂੰ ਸਭ ਤੋਂ ਵੱਧ ਮੰਗ ਵੇਲੇ ਬਿਜਲੀ ਦੀ ਘਾਟ ਲਗਪਗ 7.7 ਗੀਗਾਵਾਟ ਤੱਕ ਪਹੁੰਚ ਗਈ ਸੀ। ਬਿਜਲੀ ਦੀ ਪੂਰਤੀ ਵਿੱਚ ਰੁਕਾਵਟ ਕਾਰਨ ਉਦਯੋਗਾਂ ਨੂੰ ਮਹਿੰਗੇ ਡੀਜ਼ਲ ਜੈਨਰੇਟਰਾਂ ਦੀ ਵਰਤੋਂ ਕਰਨੀ ਪੈ ਰਹੀ ਹੈ, ਜਿਸ ਨਾਲ ਉਤਪਾਦਨ ਲਾਗਤ ਵਧ ਰਹੀ ਹੈ ਤੇ ਵਸਤਾਂ ਦੀਆਂ ਕੀਮਤਾਂ ਉੱਤੇ ਦਬਾਅ ਵੀ ਵਧ ਰਿਹਾ ਹੈ।

ਇਸ ਦੇ ਨਾਲ ਹੀ ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਉੱਚੀਆਂ ਕੀਮਤਾਂ ਭਾਰਤੀ ਤੇਲ ਮਾਰਕੀਟਿੰਗ ਕੰਪਨੀਆਂ ਦੇ ਮੁਨਾਫ਼ੇ ਨੂੰ ਪ੍ਰਭਾਵਿਤ ਕਰ ਰਹੀਆਂ ਹਨ। ਰੇਟਿੰਗ ਏਜੰਸੀ ਇਕਰਾ ਦੇ ਅਨੁਮਾਨਾਂ ਅਨੁਸਾਰ, ਪੈਟਰੋਲ, ਡੀਜ਼ਲ ਤੇ ਘਰੇਲੂ ਗੈਸ ਦੀ ਵਿਕਰੀ 'ਤੇ ਭਾਰਤੀ ਤੇਲ ਕੰਪਨੀਆਂ ਨੂੰ ਲਗਪਗ 530 ਕਰੋੜ ਰੁਪਏ ਦਾ ਨੁਕਸਾਨ ਰੋਜ਼ਾਨਾ ਹੋ ਰਿਹਾ ਹੈ। ਇਸ ਨਾਲ ਸਰਕਾਰ ਸਾਹਮਣੇ ਗੰਭੀਰ ਨੀਤੀਗਤ ਦੁਬਿਧਾ ਖੜ੍ਹੀ ਹੋ ਗਈ ਹੈ ਕਿ ਕੀ ਤੇਲ ਕੰਪਨੀਆਂ ਦੇ ਘਾਟੇ ਦੀ ਭਰਪਾਈ ਸਬਸਿਡੀਆਂ ਰਾਹੀਂ ਕੀਤੀ ਜਾਵੇ ਜਾਂ ਫਿਰ ਇਹ ਬੋਝ ਸਿੱਧਾ ਖਪਤਕਾਰਾਂ 'ਤੇ ਪਾਇਆ ਜਾਵੇ। ਹਾਲਾਤ ਇਹ ਸੰਕੇਤ ਦੇ ਰਹੇ ਹਨ ਕਿ ਆਉਣ ਵਾਲੇ ਦਿਨਾਂ ਵਿੱਚ ਪੈਟਰੋਲੀਅਮ ਕੀਮਤਾਂ ਵਿੱਚ ਵਾਧਾ ਹੋਣਾ ਲਗਪਗ ਤੈਅ ਹੈ। ਸਰਕਾਰ ਪਹਿਲਾਂ ਹੀ ਮਹਿੰਗੇ ਭਾਅ 'ਤੇ ਕੱਚਾ ਤੇਲ ਖ਼ਰੀਦ ਚੁੱਕੀ ਹੈ, ਜਿਸ ਕਾਰਨ ਉਸ ਦੇ ਮੌਜੂਦਾ ਬਜਟ ਅਨੁਮਾਨ ਪੂਰੀ ਤਰ੍ਹਾਂ ਲੀਹੋਂ ਲੱਥ ਚੁੱਕੇ ਹਨ ਅਤੇ ਵਿੱਤੀ ਘਾਟਾ ਵਧਣ ਦਾ ਖ਼ਤਰਾ ਬਣ ਗਿਆ ਹੈ। ਭਾਵੇਂ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਅਜਿਹਾ ਕਦਮ ਚੁੱਕਣਾ ਸਿਆਸੀ ਤੌਰ 'ਤੇ ਜੋਖ਼ਮ ਭਰਿਆ ਹੈ, ਪਰ ਵਧਦੇ ਵਿੱਤੀ ਬੋਝ ਅਤੇ ਤੇਲ ਕੰਪਨੀਆਂ ਦੀ ਖ਼ਰਾਬ ਹੁੰਦੀ ਹਾਲਤ ਨੂੰ ਦੇਖਦਿਆਂ ਸਰਕਾਰ ਕੋਲ ਚੋਣਾਂ ਤੋਂ ਪਹਿਲਾਂ ਹੀ ਪ੍ਰਚੂਨ ਕੀਮਤਾਂ ਵਧਾਉਣ ਤੋਂ ਇਲਾਵਾ ਹੋਰ ਕੋਈ ਚਾਰਾ ਸ਼ਾਇਦ ਨਾ ਬਚੇ। ਜੇਕਰ ਅਜਿਹਾ ਹੁੰਦਾ ਹੈ ਤਾਂ ਮਾਲ-ਢੁਆਈ ਮਹਿੰਗੀ ਹੋਣ ਨਾਲ ਸਮੁੱਚੀ ਆਰਥਿਕਤਾ ਵਿੱਚ ਮਹਿੰਗਾਈ ਹੋਰ ਵਧੇਗੀ ਅਤੇ ਆਮ ਪਰਿਵਾਰਾਂ ਦਾ ਘਰੇਲੂ ਬਜਟ ਬੁਰੀ ਤਰ੍ਹਾਂ ਡਗਮਗਾ ਜਾਵੇਗਾ।

ਇਨ੍ਹਾਂ ਹਾਲਾਤ ਵਿੱਚ ਭਾਰਤੀ ਕੇਂਦਰੀ ਬੈਂਕ ਨੇ ਰੈਪੋ ਦਰ ਵਿੱਚ 0.25 ਫ਼ੀਸਦੀ ਦਾ ਵਾਧਾ ਕਰਕੇ ਮਹਿੰਗਾਈ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਹੈ, ਪਰ ਇਸ ਦੇ ਪ੍ਰਭਾਵ ਵੀ ਸੀਮਿਤ ਹੋ ਸਕਦੇ ਹਨ। ਵਿਆਜ ਦਰਾਂ ਵਿੱਚ ਵਾਧਾ ਕਰਜ਼ੇ ਦੀ ਮੰਗ ਨੂੰ ਤਾਂ ਮੱਠਾ ਕਰ ਸਕਦਾ ਹੈ, ਪਰ ਇਹ ਕਮਜ਼ੋਰ ਮੌਨਸੂਨ, ਕੋਲੇ ਦੀ ਘਾਟ ਜਾਂ ਮਹਿੰਗੀ ਤੇਲ ਦਰਾਮਦ ਦਾ ਸਿੱਧਾ ਹੱਲ ਨਹੀਂ ਹੈ। ਇਸ ਦੇ ਉਲਟ ਕਰਜ਼ਾ ਮਹਿੰਗਾ ਹੋਣ ਨਾਲ ਕੰਪਨੀਆਂ ਦੇ ਨਵੇਂ ਨਿਵੇਸ਼ ਟਲ ਸਕਦੇ ਹਨ ਅਤੇ ਸਿੱਖਿਆ, ਕਾਰ, ਘਰਾਂ ਤੇ ਨਿੱਜੀ ਵਰਤੋਂ ਲਈ ਲਏ ਗਏ ਕਰਜ਼ਿਆਂ ਦੀਆਂ ਕਿਸ਼ਤਾਂ ਵਧ ਸਕਦੀਆਂ ਹਨ। ਸ਼ੇਅਰ ਬਾਜ਼ਾਰ ਵਿੱਚ ਵੀ ਨਿਵੇਸ਼ਕ ਭਵਿੱਖ ਵਿੱਚ ਹੋਰ ਵਿਆਜ ਦਰ ਵਾਧਿਆਂ ਦੀ ਸੰਭਾਵਨਾ ਨੂੰ ਧਿਆਨ ਵਿੱਚ ਰੱਖ ਕੇ ਆਪਣੇ ਫ਼ੈਸਲੇ ਕਰ ਸਕਦੇ ਹਨ, ਜਿਸ ਨਾਲ ਬਾਜ਼ਾਰ ਵਿੱਚ ਉਤਰਾਅ-ਚੜ੍ਹਾਅ ਵਧ ਸਕਦਾ ਹੈ।

ਸਭ ਤੋਂ ਵੱਡੀ ਚੁਣੌਤੀ ਇਹ ਹੋਵੇਗੀ ਕਿ ਮਹਿੰਗਾਈ ਨੂੰ ਕਾਬੂ ਕਰਨ ਦੇ ਯਤਨਾਂ ਨਾਲ ਆਰਥਿਕ ਵਿਕਾਸ ਅਤੇ ਰੁਜ਼ਗਾਰ ਨੂੰ ਬੇਲੋੜਾ ਨੁਕਸਾਨ ਨਾ ਪਹੁੰਚੇ। ਜੇ ਖੁਰਾਕੀ ਅਤੇ ਊਰਜਾ ਲਾਗਤਾਂ ਉੱਚੀਆਂ ਰਹਿੰਦੀਆਂ ਹਨ ਤਾਂ ਮਹਿੰਗਾਈ ਦੇ ਅਨੁਮਾਨਾਂ ਵਿੱਚ ਹੋਰ ਵਾਧੇ ਅਤੇ ਵਿਕਾਸ ਦਰ ਦੇ ਅਨੁਮਾਨਾਂ ਵਿੱਚ ਕਮੀ ਦੀ ਸੰਭਾਵਨਾ ਬਣ ਸਕਦੀ ਹੈ। ਇਸ ਲਈ ਮੁਦਰਾ ਨੀਤੀ ਦੇ ਨਾਲ ਖੇਤੀਬਾੜੀ ਸਪਲਾਈ, ਊਰਜਾ ਸੁਰੱਖਿਆ, ਵਿੱਤੀ ਅਨੁਸ਼ਾਸਨ ਅਤੇ ਕਮਜ਼ੋਰ ਪਰਿਵਾਰਾਂ ਦੀ ਖਰੀਦ-ਸ਼ਕਤੀ ਦੀ ਰੱਖਿਆ ਲਈ ਤਾਲਮੇਲ ਵਾਲੇ ਕਦਮ ਲੋੜੀਂਦੇ ਹਨ, ਨਹੀਂ ਤਾਂ ਉੱਚੀ ਵਿਕਾਸ ਦਰ ਦੇ ਬਾਵਜੂਦ ਆਮ ਲੋਕਾਂ ਨੂੰ ਮਹਿੰਗਾਈ, ਮਹਿੰਗੇ ਕਰਜ਼ੇ ਅਤੇ ਘਟਦੀ ਬੱਚਤ ਦੀ ਦੂਹਰੀ ਮਾਰ ਝੱਲਣੀ ਪੈ ਸਕਦੀ ਹੈ।

ਅੱਗੇ ਦੀ ਚੁਣੌਤੀ ਮਹਿੰਗਾਈ 'ਤੇ ਕਾਬੂ ਪਾਉਂਦਿਆਂ ਵਿਕਾਸ ਅਤੇ ਰੁਜ਼ਗਾਰ ਦੀ ਰਫ਼ਤਾਰ ਕਾਇਮ ਰੱਖਣਾ ਹੈ। ਖੁਰਾਕੀ ਵਸਤਾਂ ਤੇ ਊਰਜਾ ਦੀਆਂ ਉੱਚੀਆਂ ਕੀਮਤਾਂ ਮਹਿੰਗਾਈ ਵਧਾ ਅਤੇ ਵਿਕਾਸ ਨੂੰ ਮੱਠਾ ਪਾ ਸਕਦੀਆਂ ਹਨ। ਇਸ ਲਈ ਵਿਆਜ ਦਰਾਂ ਦੇ ਨਾਲ ਖੇਤੀਬਾੜੀ ਸਪਲਾਈ, ਊਰਜਾ ਸੁਰੱਖਿਆ, ਵਿੱਤੀ ਅਨੁਸ਼ਾਸਨ ਅਤੇ ਕਮਜ਼ੋਰ ਵਰਗਾਂ ਦੀ ਖਰੀਦ-ਸ਼ਕਤੀ ਦੀ ਰਾਖੀ ਲਈ ਤਾਲਮੇਲ ਵਾਲੇ ਕਦਮ ਜ਼ਰੂਰੀ ਹਨ। ਇਹ ਕਦਮ ਨਾ ਚੁੱਕੇ ਗਏ ਤਾਂ ਵਿਕਾਸ ਦਰ ਦੀ ਰੌਸ਼ਨੀ ਦੇ ਬਾਵਜੂਦ ਮਹਿੰਗਾਈ ਦਾ ਹਨੇਰਾ ਆਮ ਲੋਕਾਂ ਦੀ ਖਰੀਦ-ਸ਼ਕਤੀ, ਬੱਚਤ ਅਤੇ ਜੀਵਨ ਪੱਧਰ ਨੂੰ ਧੁੰਦਲਾ ਕਰਦਾ ਰਹੇਗਾ।

# ਝੋਟਾ ਕਤਲਕਾਂਡ: ਪੁਲਿਸ ਰੇਡਾਂ ਤੋਂ ਨਾਰਾਜ਼ ਰੋਪੜ ਕੈਮਿਸਟ ਐਸੋਸੀਏਸ਼ਨ ਦਾ ਵੱਡਾ ਫ਼ੈਸਲਾ; ਨਸ਼ੀਲੀਆਂ ਸਮਝੀਆਂ ਜਾਂਦੀਆਂ ਦਵਾਈਆਂ ਦੀ ਵਿਕਰੀ ਤੇ ਖ਼ੁਦ ਲਾਈ ਰੋਕ

➢ ਪ੍ਰੇਗਾਬਾਲਿਨ ਸਮੇਤ ਆਦਤ ਪਾਉਣ ਵਾਲੀਆਂ ਦਵਾਈਆਂ ਦੀ ਵਿਕਰੀ ਬੰਦ ਕਰਨ ਦੇ ਫ਼ੈਸਲੇ ਦਾ ਰੋਪੜ ਕੈਮਿਸਟ ਐਸੋਸੀਏਸ਼ਨ ਵੱਲੋਂ ਸਮਰਥਨ ➢ ਇਮਾਨਦਾਰੀ ਨਾਲ ਕਾਰੋਬਾਰ ਕਰਨ ਵਾਲੇ ਕੈਮਿਸਟਾਂ ਨੂੰ ਸਮੂਹਿਕ ਤੌਰ 'ਤੇ ਦੋਸ਼ੀ ਠਹਿਰਾਉਣਾ ਗ਼ਲਤ: ਐਸੋਸੀਏਸ਼ਨ ➢ ਪੰਜਾਬ ਸਰਕਾਰ, ਪੁਲਿਸ ਅਤੇ ਡਰੱਗ ਕੰਟਰੋਲ ਵਿਭਾਗ ਤੋਂ ਨਿਰਪੱਖ ਕਾਰਵਾਈ ਦੀ ਮੰਗ

**ਰੋਪੜ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਨਸਾ ਅੰਦਰ ਹਾਲ ਹੀ ਵਿੱਚ ਵਾਪਰੀ ਮੰਦਭਾਗੀ ਘਟਨਾ ਤੋਂ ਬਾਅਦ ਪੰਜਾਬ ਭਰ ਵਿੱਚ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਰੋਪੜ ਡਰੱਗਿਸਟਸ ਐਂਡ ਕੈਮਿਸਟਸ ਐਸੋਸੀਏਸ਼ਨ (ਰਜਿ.) ਨੇ ਕੈਮਿਸਟ ਭਾਈਚਾਰੇ ਪ੍ਰਤੀ ਬਣ ਰਹੇ ਨਕਾਰਾਤਮਕ ਮਾਹੌਲ 'ਤੇ ਗੰਭੀਰ ਚਿੰਤਾ ਪ੍ਰਗਟਾਈ ਹੈ। ਐਸੋਸੀਏਸ਼ਨ ਦਾ ਕਹਿਣਾ ਹੈ ਕਿ ਕੁਝ ਵਿਅਕਤੀਆਂ ਦੀਆਂ ਕਥਿਤ ਗ਼ਲਤ ਸਰਗਰਮੀਆਂ ਕਾਰਨ ਸਮੁੱਚੇ ਪੰਜਾਬ ਦੇ ਕੈਮਿਸਟ ਭਾਈਚਾਰੇ ਨੂੰ ਨਸ਼ੇ ਵਾਲੀਆਂ ਦਵਾਈਆਂ ਦੀ ਵਿਕਰੀ ਨਾਲ ਜੋੜ ਕੇ ਦੇਖਣਾ ਠੀਕ ਨਹੀਂ ਹੈ। ਇਸ ਨਾਲ ਨਿਯਮਾਂ ਅਨੁਸਾਰ ਕਾਰੋਬਾਰ ਕਰਨ ਵਾਲੇ ਹਜ਼ਾਰਾਂ ਇਮਾਨਦਾਰ ਕੈਮਿਸਟਾਂ ਦਾ ਮਨੋਬਲ, ਪੇਸ਼ੇਵਰ ਭਰੋਸਾ ਅਤੇ ਸਮਾਜਿਕ ਸਾਖ ਪ੍ਰਭਾਵਿਤ ਹੋ ਰਹੀ ਹੈ।

ਮੌਜੂਦਾ ਹਾਲਾਤ ਨੂੰ ਗੰਭੀਰਤਾ ਨਾਲ ਲੈਂਦਿਆਂ ਪੰਜਾਬ ਕੈਮਿਸਟਸ ਐਸੋਸੀਏਸ਼ਨ (ਪੀਸੀਏ) ਨੇ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਦੀਆਂ ਕੈਮਿਸਟ ਐਸੋਸੀਏਸ਼ਨਾਂ ਨਾਲ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਸਮੂਹਿਕ ਤੌਰ 'ਤੇ ਫ਼ੈਸਲਾ ਕੀਤਾ ਹੈ ਕਿ ਪ੍ਰੇਗਾਬਾਲਿਨ ਸਮੇਤ ਆਦਤ ਪਾਉਣ ਵਾਲੀਆਂ ਸਾਰੀਆਂ ਦਵਾਈਆਂ (Habit-Forming Medicines) ਦੀ ਵਿਕਰੀ ਤੁਰੰਤ ਪ੍ਰਭਾਵ ਨਾਲ, ਪੀਸੀਏ ਦੇ ਅਗਲੇ ਹੁਕਮਾਂ ਤੱਕ, ਬੰਦ ਰੱਖੀ ਜਾਵੇਗੀ।

ਰੋਪੜ ਡਰੱਗਿਸਟਸ ਐਂਡ ਕੈਮਿਸਟਸ ਐਸੋਸੀਏਸ਼ਨ ਨੇ ਇਸ ਫ਼ੈਸਲੇ ਦਾ ਸਮਰਥਨ ਕਰਦਿਆਂ ਆਪਣੇ ਖੇਤਰ ਦੇ ਸਾਰੇ ਕੈਮਿਸਟਾਂ ਨੂੰ ਇਸ ਦੀ ਪਾਲਣਾ ਯਕੀਨੀ ਬਣਾਉਣ ਦੀ ਅਪੀਲ ਕੀਤੀ ਹੈ। ਮੌਜੂਦਾ ਸਟਾਕ ਸਬੰਧੀ ਲੋੜੀਂਦੀ ਕਾਰਵਾਈ ਲਾਗੂ ਕਾਨੂੰਨਾਂ ਅਤੇ ਅਧਿਕਾਰਤ ਵਾਪਸੀ ਪ੍ਰਕਿਰਿਆ ਅਨੁਸਾਰ ਕਰਨ ਲਈ ਵੀ ਕਿਹਾ ਗਿਆ ਹੈ।

ਐਸੋਸੀਏਸ਼ਨ ਨੇ ਸਪੱਸ਼ਟ ਕੀਤਾ ਕਿ ਜੇਕਰ ਕੋਈ ਵਿਅਕਤੀ ਦਵਾਈਆਂ ਦੀ ਨਾਜਾਇਜ਼ ਵਿਕਰੀ ਜਾਂ ਕਿਸੇ ਹੋਰ ਗ਼ੈਰ-ਕਾਨੂੰਨੀ ਸਰਗਰਮੀ ਵਿੱਚ ਸ਼ਾਮਲ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਪਰ ਕੁਝ ਵਿਅਕਤੀਆਂ ਦੀਆਂ ਗ਼ਲਤੀਆਂ ਲਈ ਪੂਰੇ ਕੈਮਿਸਟ ਭਾਈਚਾਰੇ ਨੂੰ ਦੋਸ਼ੀ ਠਹਿਰਾਉਣਾ ਨਿਆਂਸੰਗਤ ਨਹੀਂ ਹੈ।

ਐਸੋਸੀਏਸ਼ਨ ਅਨੁਸਾਰ, ਕਾਨੂੰਨੀ ਤੌਰ 'ਤੇ ਕਾਰੋਬਾਰ ਕਰਨ ਵਾਲੇ ਕੈਮਿਸਟ ਸਿਹਤ ਸੇਵਾ ਪ੍ਰਣਾਲੀ ਦਾ ਅਹਿਮ ਹਿੱਸਾ ਹਨ। ਉਹ ਮਰੀਜ਼ਾਂ ਨੂੰ ਲੋੜੀਂਦੀਆਂ ਅਤੇ ਅਸਲੀ ਦਵਾਈਆਂ ਮੁਹੱਈਆ ਕਰਵਾਉਂਦੇ ਹਨ ਅਤੇ ਨਿਰਧਾਰਤ ਨਿਯਮਾਂ ਅਨੁਸਾਰ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦੇ ਹਨ। ਇਸ ਲਈ ਕਿਸੇ ਵੀ ਕਾਰਵਾਈ ਦੌਰਾਨ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਅਤੇ ਨਿਯਮਾਂ ਦੀ ਪਾਲਣਾ ਕਰਨ ਵਾਲੇ ਦਵਾਈ ਵਿਕਰੇਤਾਵਾਂ ਵਿਚਕਾਰ ਸਪੱਸ਼ਟ ਫ਼ਰਕ ਰੱਖਿਆ ਜਾਣਾ ਚਾਹੀਦਾ ਹੈ।

ਐਸੋਸੀਏਸ਼ਨ ਨੇ ਕਿਹਾ ਕਿ, ਕੈਮਿਸਟ ਭਾਈਚਾਰੇ ਨੇ ਹਮੇਸ਼ਾ ਔਖੇ ਸਮੇਂ ਵਿੱਚ ਸਮਾਜ ਦੀ ਸੇਵਾ ਕੀਤੀ ਹੈ। ਕੋਰੋਨਾ ਮਹਾਮਾਰੀ ਦੌਰਾਨ, ਜਦੋਂ ਆਮ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਗਿਆ ਸੀ ਅਤੇ ਲੋਕਾਂ ਨੂੰ ਜ਼ਰੂਰੀ ਸੇਵਾਵਾਂ ਹਾਸਲ ਕਰਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਉਸ ਸਮੇਂ ਵੀ ਕੈਮਿਸਟਾਂ ਨੇ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਮਰੀਜ਼ਾਂ ਤੱਕ ਦਵਾਈਆਂ ਪਹੁੰਚਾਈਆਂ।

ਇਸ ਦੌਰਾਨ ਕਈ ਕੈਮਿਸਟਾਂ ਨੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਅਤੇ ਆਰਥਿਕ ਸਹਾਇਤਾ ਦੇ ਕੇ ਵੀ ਮਨੁੱਖਤਾ ਦੀ ਸੇਵਾ ਕੀਤੀ। ਇਸੇ ਤਰ੍ਹਾਂ ਪੰਜਾਬ ਵਿੱਚ ਆਏ ਹੜ੍ਹਾਂ ਦੌਰਾਨ ਵੀ ਕੈਮਿਸਟ ਭਾਈਚਾਰੇ ਨੇ ਪ੍ਰਭਾਵਿਤ ਇਲਾਕਿਆਂ ਵਿੱਚ ਲੋੜੀਂਦੀਆਂ ਦਵਾਈਆਂ ਪਹੁੰਚਾਉਣ ਅਤੇ ਰਾਹਤ ਕਾਰਜਾਂ ਵਿੱਚ ਸਹਿਯੋਗ ਦੇਣ ਲਈ ਆਪਣਾ ਯੋਗਦਾਨ ਪਾਇਆ।

ਐਸੋਸੀਏਸ਼ਨ ਨੇ ਦੱਸਿਆ ਕਿ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀ ਸਹਾਇਤਾ ਲਈ ਮੁੱਖ ਮੰਤਰੀ ਦੀ 'ਰੰਗਲਾ ਪੰਜਾਬ' ਪਹਿਲਕਦਮੀ ਤਹਿਤ ਵੀ ਕੈਮਿਸਟ ਭਾਈਚਾਰੇ ਦੇ ਮੈਂਬਰਾਂ ਨੇ ਆਰਥਿਕ ਸਹਿਯੋਗ ਦਿੱਤਾ। ਐਸੋਸੀਏਸ਼ਨ ਅਨੁਸਾਰ, ਇਹ ਉਦਾਹਰਨਾਂ ਦਰਸਾਉਂਦੀਆਂ ਹਨ ਕਿ ਸਥਾਨਕ ਕੈਮਿਸਟ ਸਿਰਫ਼ ਦਵਾਈਆਂ ਦਾ ਕਾਰੋਬਾਰ ਕਰਨ ਵਾਲੇ ਵਪਾਰੀ ਹੀ ਨਹੀਂ ਹਨ, ਸਗੋਂ ਸਮਾਜ ਦੀਆਂ ਸਿਹਤ ਸਬੰਧੀ ਲੋੜਾਂ ਪੂਰੀਆਂ ਕਰਨ ਵਾਲੇ ਮਹੱਤਵਪੂਰਨ ਸੇਵਾ ਪ੍ਰਦਾਤਾ ਵੀ ਹਨ। ਮੁਸ਼ਕਲ ਹਾਲਾਤ ਵਿੱਚ ਉਨ੍ਹਾਂ ਨੇ ਹਮੇਸ਼ਾ ਲੋਕਾਂ ਦੇ ਨਾਲ ਖੜ੍ਹ ਕੇ ਆਪਣੀ ਸਮਾਜਿਕ ਜ਼ਿੰਮੇਵਾਰੀ ਨਿਭਾਈ ਹੈ।

ਰੋਪੜ ਡਰੱਗਿਸਟਸ ਐਂਡ ਕੈਮਿਸਟਸ ਐਸੋਸੀਏਸ਼ਨ ਨੇ ਪੰਜਾਬ ਸਰਕਾਰ, ਪੁਲਿਸ ਅਤੇ ਡਰੱਗ ਕੰਟਰੋਲ ਵਿਭਾਗ ਨੂੰ ਅਪੀਲ ਕੀਤੀ ਹੈ ਕਿ ਦਵਾਈਆਂ ਦੀ ਵਿਕਰੀ ਨਾਲ ਸਬੰਧਤ ਨਿਯਮਾਂ ਨੂੰ ਨਿਰਪੱਖਤਾ, ਪਾਰਦਰਸ਼ਤਾ ਅਤੇ ਜ਼ਿੰਮੇਵਾਰੀ ਨਾਲ ਲਾਗੂ ਕੀਤਾ ਜਾਵੇ। ਐਸੋਸੀਏਸ਼ਨ ਨੇ ਕਿਹਾ ਕਿ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ, ਪਰ ਇਮਾਨਦਾਰੀ ਨਾਲ ਕਾਰੋਬਾਰ ਕਰਨ ਵਾਲੇ ਕੈਮਿਸਟਾਂ ਨੂੰ ਬਿਨਾਂ ਵਜ੍ਹਾ ਪ੍ਰੇਸ਼ਾਨ ਕਰਨ ਤੋਂ ਗੁਰੇਜ਼ ਕੀਤਾ ਜਾਣਾ ਚਾਹੀਦਾ ਹੈ। ਕੁਝ ਵਿਅਕਤੀਆਂ ਦੇ ਕਥਿਤ ਗ਼ਲਤ ਕੰਮਾਂ ਕਾਰਨ ਸਮੁੱਚੇ ਭਾਈਚਾਰੇ ਦੀ ਸਮਾਜਿਕ ਸਾਖ ਨੂੰ ਠੇਸ ਪਹੁੰਚਾਉਣਾ ਵੀ ਉਚਿਤ ਨਹੀਂ ਹੈ।

ਐਸੋਸੀਏਸ਼ਨ ਨੇ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਸਰਕਾਰ, ਪੁਲਿਸ ਪ੍ਰਸ਼ਾਸਨ, ਸਿਹਤ ਸੇਵਾ ਪ੍ਰਦਾਤਾਵਾਂ ਅਤੇ ਸਮਾਜ ਨੂੰ ਮਿਲ ਕੇ ਕੰਮ ਕਰਨਾ ਪਵੇਗਾ। ਦਵਾਈਆਂ ਦੀ ਵੰਡ ਪ੍ਰਣਾਲੀ ਨੂੰ ਜ਼ਿੰਮੇਵਾਰ ਬਣਾਉਣਾ ਅਤੇ ਜਨਤਕ ਸਿਹਤ ਦੀ ਸੁਰੱਖਿਆ ਯਕੀਨੀ ਬਣਾਉਣਾ ਇਸ ਮੁਹਿੰਮ ਦੇ ਅਹਿਮ ਪਹਿਲੂ ਹਨ।

ਰੋਪੜ ਡਰੱਗਿਸਟਸ ਐਂਡ ਕੈਮਿਸਟਸ ਐਸੋਸੀਏਸ਼ਨ (ਰਜਿ.) ਨੇ ਮੁੜ ਦੁਹਰਾਇਆ ਕਿ ਉਹ ਨਸ਼ਿਆਂ ਵਿਰੁੱਧ ਲੜਾਈ, ਜਨਤਕ ਸਿਹਤ ਦੀ ਸੁਰੱਖਿਆ ਅਤੇ ਕਾਨੂੰਨ ਅਨੁਸਾਰ ਦਵਾਈਆਂ ਦੀ ਵੰਡ ਪ੍ਰਣਾਲੀ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਦੇ ਨਾਲ ਹੀ ਐਸੋਸੀਏਸ਼ਨ ਨੇ ਕਿਹਾ ਕਿ ਸਮਾਜ ਦੀ ਸੇਵਾ ਕਰਨ ਵਾਲੇ ਇਮਾਨਦਾਰ ਕੈਮਿਸਟਾਂ ਦੇ ਮਾਣ-ਸਨਮਾਨ, ਸਮਾਜਿਕ ਸਾਖ ਅਤੇ ਅਧਿਕਾਰਾਂ ਦੀ ਰੱਖਿਆ ਕਰਨਾ ਵੀ ਜ਼ਰੂਰੀ ਹੈ।

ਨਸ਼ਿਆਂ ਵਿਰੁੱਧ ਕਾਰਵਾਈ ਕਰਦਿਆਂ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜ਼ਾ ਦਿਵਾਉਣ ਦੇ ਨਾਲ-ਨਾਲ ਬੇਕਸੂਰ ਅਤੇ ਨਿਯਮਾਂ ਦੀ ਪਾਲਣਾ ਕਰਨ ਵਾਲੇ ਵਪਾਰੀਆਂ ਨਾਲ ਨਿਆਂ ਕਰਨਾ ਵੀ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ।

# ਗੋਲੀਬਾਰੀ ਦੀ ਘਟਨਾ ਤੋਂ ਬਾਅਦ ਮੋਗਾ ਪਹੁੰਚੇ ਡੀ ਜੀ ਪੀ; ਪੀੜਤ ਪਰਿਵਾਰਾਂ ਨਾਲ ਕੀਤੀ ਮੁਲਾਕਾਤ

## ਬੀਤੀ ਰਾਤ ਵਾਪਰੀ ਗੋਲੀਬਾਰੀ ਦੀ ਘਟਨਾ ਵਿੱਚ ਦੋ ਵਿਅਕਤੀਆਂ ਦੀ ਮੌਤ

**ਮੋਗਾ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੀਤੀ ਦੇਰ ਰਾਤ ਵਾਪਰੀ ਗੋਲੀਬਾਰੀ ਦੀ ਘਟਨਾ ਤੋਂ ਬਾਅਦ, ਪੰਜਾਬ ਪੁਲੀਸ ਦੇ ਡੀ ਜੀ ਪੀ ਗੌਰਵ ਯਾਦਵ ਮੋਗਾ ਪਹੁੰਚੇ। ਉਨ੍ਹਾਂ ਨੇ ਘਟਨਾ ਸਬੰਧੀ ਜਾਣਕਾਰੀ ਹਾਸਲ ਕੀਤੀ ਅਤੇ ਮ੍ਰਿਤਕਾਂ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ। ਡੀ ਜੀ ਪੀ ਨੇ ਕਿਹਾ ਕਿ ਮਾਮਲੇ ਦੀ ਹਰ ਪਹਿਲੂ ਤੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਇਸ ਵਾਰਦਾਤ ਵਿੱਚ ਸ਼ਾਮਲ ਕਿਸੇ ਵੀ ਮੁਲਜ਼ਮ ਨੂੰ ਬਖ਼ਸ਼ਿਆ ਨਹੀਂ ਜਾਵੇਗਾ।



ਮਿਲੀ ਜਾਣਕਾਰੀ ਅਨੁਸਾਰ, ਮੋਗਾ ਵਿੱਚ ਇੱਕ ਦੁਕਾਨ ਦੇ ਬਾਹਰ ਕੁਝ ਨੌਜਵਾਨ ਬੈਠੇ ਹੋਏ ਸਨ। ਇਸ ਦੌਰਾਨ ਸਕਾਰਪੀਓ ਗੱਡੀ ਵਿੱਚ ਸਵਾਰ ਹੋ ਕੇ ਆਏ ਵਿਅਕਤੀਆਂ ਨੇ ਉੱਥੇ ਮੌਜੂਦ ਨੌਜਵਾਨਾਂ ਉੱਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਅਚਾਨਕ ਹੋਈ ਇਸ ਫਾਇਰਿੰਗ ਕਾਰਨ ਇਲਾਕੇ ਵਿੱਚ ਹਫ਼ੜਾ-ਦਫ਼ੜੀ ਮਚ ਗਈ। ਇਸ ਘਟਨਾ ਵਿੱਚ ਗਗਨ ਜਿੰਦਲ (30) ਅਤੇ ਸਾਹਿਲ ਜਿੰਦਲ (40) ਦੀ ਮੌਤ ਹੋ ਗਈ, ਜਦਕਿ ਹੋਰ ਵਿਅਕਤੀ ਵੀ ਗੋਲੀਆਂ ਅਤੇ ਛਰਰਿਆਂ ਦੀ ਲਪੇਟ ਵਿੱਚ ਆ ਕੇ ਜ਼ਖ਼ਮੀ ਹੋ ਗਏ।

ਵਾਰਦਾਤ ਦੀ ਸੂਚਨਾ ਮਿਲਦੇ ਹੀ ਪੁਲੀਸ ਦੀਆਂ ਟੀਮਾਂ ਮੌਕੇ ਉੱਤੇ ਪਹੁੰਚ ਗਈਆਂ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ। ਮੋਗਾ ਦੇ ਐੱਸ ਐੱਸ ਪੀ ਸਰਤਾਜ ਸਿੰਘ ਚਾਹਲ ਅਨੁਸਾਰ, ਪੀੜਤ ਧਿਰ ਵੱਲੋਂ ਕੁਝ ਵਿਅਕਤੀਆਂ ਦੇ ਨਾਮ ਵੀ ਪੁਲੀਸ ਨੂੰ ਦੱਸੇ ਗਏ ਹਨ। ਪੁਲੀਸ ਵੱਲੋਂ ਸਬੰਧਤ ਲੋਕਾਂ ਦੇ ਬਿਆਨ ਦਰਜ ਕੀਤੇ ਜਾ ਰਹੇ ਹਨ ਅਤੇ ਘਟਨਾ ਵਾਲੀ ਥਾਂ ਦੇ ਆਲੇ-ਦੁਆਲੇ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ। ਫੋਰੈਂਸਿਕ ਟੀਮ ਵੱਲੋਂ ਵੀ ਮੌਕੇ ਤੋਂ ਸਬੂਤ ਇਕੱਠੇ ਕੀਤੇ ਜਾ ਰਹੇ ਹਨ।

ਮੁੱਢਲੀ ਜਾਣਕਾਰੀ ਅਨੁਸਾਰ, ਇਸ ਵਾਰਦਾਤ ਪਿੱਛੇ ਪੁਰਾਣੀ ਰੰਜਿਸ਼ ਹੋਣ ਦਾ ਖ਼ਦਸ਼ਾ ਜਤਾਇਆ ਜਾ ਰਿਹਾ ਹੈ, ਪਰ ਗੋਲੀਬਾਰੀ ਦੇ ਅਸਲ ਕਾਰਨਾਂ ਬਾਰੇ ਪੁਲੀਸ ਜਾਂਚ ਤੋਂ ਬਾਅਦ ਹੀ ਸਥਿਤੀ ਸਪਸ਼ਟ ਹੋਵੇਗੀ।

ਡੀ ਜੀ ਪੀ ਗੌਰਵ ਯਾਦਵ ਨੇ ਸਪਸ਼ਟ ਕੀਤਾ ਕਿ ਪੁਲੀਸ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਘਟਨਾ ਨਾਲ ਜੁੜੇ ਸਾਰੇ ਪਹਿਲੂਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ ਅਤੇ ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਗੋਲੀਕਾਂਡ ਤੋਂ ਬਾਅਦ ਇਲਾਕੇ ਵਿੱਚ ਚਿੰਤਾ ਦਾ ਮਾਹੌਲ ਹੈ। ਹੁਣ ਸਭ ਦੀਆਂ ਨਜ਼ਰਾਂ ਪੁਲੀਸ ਜਾਂਚ ਉੱਤੇ ਟਿਕੀਆਂ ਹੋਈਆਂ ਹਨ, ਤਾਂ ਜੋ ਵਾਰਦਾਤ ਦੇ ਅਸਲ ਕਾਰਨਾਂ ਦਾ ਪਤਾ ਲੱਗ ਸਕੇ ਅਤੇ ਇਸ ਵਿੱਚ ਸ਼ਾਮਲ ਵਿਅਕਤੀਆਂ ਵਿਰੁੱਧ ਕਾਰਵਾਈ ਹੋ ਸਕੇ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।
Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807



# ਪੌਲੀਟਿਕਸ



## ਪਿੰਡ ਕੋਟਲਾ ਜੱਟਾਂ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਬੁਰਾਈ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਲਈ ਕੀਤਾ ਪ੍ਰੇਰਿਤ



ਫ਼ਤਹਿਗੜ੍ਹ ਸਾਹਿਬ, 26 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

: ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ, ਉਨ੍ਹਾਂ ਵਿੱਚ ਖੇਡ ਭਾਵਨਾ ਪੈਦਾ ਕਰਨਾ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਇਸੇ ਉਦੇਸ਼ ਤਹਿਤ ਅੱਜ ਖੇਡ ਵਿਭਾਗ ਵੱਲੋਂ ਬਲਾਕ ਸਰਹਿੰਦ ਦੇ ਪਿੰਡ ਕੋਟਲਾ ਜੱਟਾਂ ਵਿਖੇ ਖੇਡ ਜਾਗਰੂਕਤਾ ਅਤੇ ਖੇਡ ਪ੍ਰੇਰਨਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਪਿੰਡ ਦੇ ਨੌਜਵਾਨਾਂ ਅਤੇ ਖਿਡਾਰੀਆਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਕ੍ਰਿਕਟ ਦੀਆਂ ਲੈਦਰ ਬਾਲ ਕਿੱਟ ਦਿੱਤੀਆਂ। ਜ਼ਿਲ੍ਹਾ ਖੇਡ ਅਫ਼ਸਰ ਹਰਪਿੰਦਰ ਸਿੰਘ ਨੇ ਪਿੰਡ ਦੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਖੇਡਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਹਰ ਨੌਜਵਾਨ ਖੇਡ ਮੈਦਾਨ ਨਾਲ ਜੁੜੇ, ਆਪਣੀ ਪ੍ਰਤਿਭਾ ਨੂੰ ਪਛਾਣੇ ਅਤੇ ਖੇਡਾਂ ਰਾਹੀਂ ਆਪਣੇ ਪਿੰਡ, ਜ਼ਿਲ੍ਹੇ ਅਤੇ ਸੂਬੇ ਦਾ ਨਾਮ ਰੌਸ਼ਨ ਕਰਨ ਲਈ ਅੱਗੇ ਵਧੇ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨੀ ਦੀ ਤਾਕਤ ਹਨ ਅਤੇ ਖੇਡ ਮੈਦਾਨ ਨੌਜਵਾਨਾਂ ਦੇ ਸੁਨਹਿਰੀ ਭਵਿੱਖ ਦੀ ਨੀਂਹ ਹਨ, ਖੇਡਾਂ ਨਾਲ ਜੁੜ ਕੇ ਨੌਜਵਾਨ ਨਾ ਸਿਰਫ਼ ਆਪਣੀ ਸਿਹਤ ਨੂੰ ਬਿਹਤਰ ਬਣਾ ਸਕਦੇ ਹਨ, ਸਗੋਂ ਅਨੁਸ਼ਾਸਨ, ਟੀਮ ਭਾਵਨਾ, ਸਹਿਣਸ਼ੀਲਤਾ ਅਤੇ ਹਾਰ-ਜਿੱਤ ਨੂੰ ਖੇਡ ਭਾਵਨਾ ਨਾਲ ਸਵੀਕਾਰ ਕਰਨ ਵਰਗੇ ਗੁਣ ਵੀ ਵਿਕਸਿਤ ਕਰ ਸਕਦੇ ਹਨ।

## ਨਲੀਨਾ ਖੁਰਦ ਵਿਖੇ ਡਿਸਟ੍ਰੀਬਿਊਟਰੀ ਵਿੱਚ ਪਾੜ ਪੈਣ 'ਤੇ ਸਿੰਚਾਈ ਵਿਭਾਗ ਵੱਲੋਂ ਤੁਰੰਤ ਕਾਰਵਾਈ

ਫ਼ਤਹਿਗੜ੍ਹ ਸਾਹਿਬ, 26 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਕਾਰਜਕਾਰੀ ਇੰਜੀਨੀਅਰ, ਜਲ ਸਰੋਤ ਵਿਭਾਗ ਫ਼ਤਹਿਗੜ੍ਹ ਸਾਹਿਬ ਸ੍ਰੀ ਖੁਸ਼ਵੰਤ ਸਿੰਘ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ 24 ਅਕਤੂਬਰ ਨੂੰ ਪਿੰਡ ਨਲੀਨਾ ਖੁਰਦ ਵਿਖੇ 1-* ਡਿਸਟ੍ਰੀਬਿਊਟਰੀ ਦੀ ਬੁਰਜੀ ਨੰਬਰ 54800 'ਤੇ ਪਾੜ ਪੈਣ ਦੀ ਘਟਨਾ ਸਾਹਮਣੇ ਆਈ ਸੀ। ਸਿੰਚਾਈ ਵਿਭਾਗ ਵੱਲੋਂ ਮਾਮਲੇ ਦੀ ਜਾਣਕਾਰੀ ਮਿਲਦਿਆਂ ਹੀ ਤੁਰੰਤ ਕਾਰਵਾਈ ਕਰਦਿਆਂ ਨਹਿਰ ਵਿੱਚ ਪਾਣੀ ਦੀ ਸਪਲਾਈ ਬੰਦ ਕਰਵਾਈ ਗਈ ਅਤੇ ਸਥਿਤੀ ਨੂੰ ਕਾਬੂ ਹੇਠ ਲਿਆਉਣ ਲਈ ਲੋੜੀਂਦੇ ਕਦਮ ਚੁੱਕੇ ਗਏ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਣਕਾਰੀ ਅਨੁਸਾਰ 1-L ਡਿਸਟ੍ਰੀਬਿਊਟਰੀ ਦੀ ਬੁਰਜੀ ਨੰਬਰ 55000 'ਤੇ ਸਥਿਤ ਫਾਲ ਵਿੱਚ ਰਾਤ ਸਮੇਂ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਪਰਾਲੀ ਦੀ ਨਾੜ ਫਸਾ ਦਿੱਤੀ ਗਈ ਸੀ। ਇਸ ਕਾਰਨ ਨਹਿਰੀ ਪਾਣੀ ਦਾ ਵਹਾਅ ਰੁਕ ਗਿਆ ਅਤੇ ਪਾਣੀ ਦਾ ਪੱਧਰ ਵਧਣ ਕਾਰਨ ਬੁਰਜੀ ਨੰਬਰ 54800 'ਤੇ ਪਾੜ ਪੈ ਗਿਆ।

ਕਾਰਜਕਾਰੀ ਇੰਜੀਨੀਅਰ ਨੇ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਣ 'ਤੇ ਵਿਭਾਗ ਦੇ ਫੀਲਡ ਸਟਾਫ ਵੱਲੋਂ ਤੁਰੰਤ ਮੌਕੇ 'ਤੇ ਪਹੁੰਚ ਕੇ ਫਾਲ ਵਿੱਚ ਫਸੀ ਪਰਾਲੀ ਨੂੰ ਬਾਹਰ ਕੱਢਿਆ ਗਿਆ। ਇਸ ਦੇ ਨਾਲ ਹੀ ਨਹਿਰੀ ਪਾਣੀ ਨੂੰ ਨੇੜਲੇ ਖੇਤਾਂ ਵਿੱਚ ਦਾਖਲ ਹੋਣ ਤੋਂ ਰੋਕਣ ਲਈ ਲੋੜੀਂਦੀ ਕਾਰਵਾਈ ਕੀਤੀ ਗਈ, ਤਾਂ ਜੋ ਕਿਸਾਨਾਂ ਦੀਆਂ ਫ਼ਸਲਾਂ ਨੂੰ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਘਟਨਾ ਸਬੰਧੀ ਸਿੰਚਾਈ ਵਿਭਾਗ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਅਣਪਛਾਤੇ ਵਿਅਕਤੀਆਂ ਦੀ ਪਛਾਣ ਕਰਨ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ ਅਤੇ ਜਾਂਚ ਦੇ ਆਧਾਰ 'ਤੇ ਸਬੰਧਤ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਹਿਰੀ ਪ੍ਰਬੰਧਾਂ ਵਿੱਚ ਅਜਿਹੀਆਂ ਰੁਕਾਵਟਾਂ ਪੈਦਾ ਕਰਨ ਵਾਲੀਆਂ ਘਟਨਾਵਾਂ ਨੂੰ ਰੋਕਣ ਲਈ ਵਿਭਾਗ ਵੱਲੋਂ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ।

## ਜ਼ਿਲ੍ਹੇ ਦੇ 573 ਪੋਲਿੰਗ ਬੂਥਾਂ 'ਤੇ ਲਗਾਏ ਗਏ ਵਿਸ਼ੇਸ਼ ਕੈਂਪ, 1200 ਵੋਟਰਾਂ ਨੇ ਦਿੱਤੀਆਂ ਅਰਜ਼ੀਆਂ: ਡਾ. ਸੋਨਾ ਥਿੰਦ

ਫ਼ਤਹਿਗੜ੍ਹ ਸਾਹਿਬ, 26 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-



: ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵਿਸ਼ੇਸ਼ ਸਰਸਰੀ ਸੁਧਾਈ (ਐਸ.ਆਈ.ਆਰ.) 2026 ਮੁਹਿੰਮ ਤਹਿਤ ਜ਼ਿਲ੍ਹੇ ਦੇ ਤਿੰਨੋਂ ਵਿਧਾਨ ਸਭਾ ਹਲਕਿਆਂ ਵਿੱਚ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓ.) ਵੱਲੋਂ ਵਿਸ਼ੇਸ਼ ਕੈਂਪਾਂ ਦਾ ਆਯੋਜਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ 573 ਪੋਲਿੰਗ ਸਟੇਸ਼ਨਾਂ 'ਤੇ ਦੁਪਹਿਰ 3:00 ਵਜੇ ਤੋਂ ਸ਼ਾਮ 5:00 ਵਜੇ ਤੱਕ ਲਗਾਏ ਗਏ ਇਨ੍ਹਾਂ ਦੋ ਘੰਟਿਆਂ ਦੇ ਵਿਸ਼ੇਸ਼ ਕੈਂਪਾਂ ਦੌਰਾਨ ਕੁੱਲ 1,200 ਨਾਗਰਿਕਾਂ ਨੇ ਨਵੀਂ ਵੋਟ ਬਣਾਉਣ ਅਤੇ ਵੋਟਰ ਸੂਚੀ ਵਿੱਚ ਸੋਧ ਲਈ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾਈਆਂ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੈਂਪਾਂ ਦੌਰਾਨ ਕੁੱਲ 678 ਨਾਗਰਿਕਾਂ ਨੇ ਨਵੀਂ ਵੋਟ ਬਣਾਉਣ ਲਈ 'ਫਾਰਮ ਨੰਬਰ 6' ਭਰਿਆ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਨਵੇਂ ਵੋਟਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਹੈ, ਜਿਸ ਤਹਿਤ 18 ਤੋਂ 19 ਸਾਲ ਦੀ ਉਮਰ ਦੇ 252 ਨੌਜਵਾਨਾਂ ਨੇ ਪਹਿਲੀ ਵਾਰ ਆਪਣੀ ਵੋਟ ਬਣਾਉਣ ਲਈ ਅਪਲਾਈ ਕੀਤਾ ਹੈ। ਇਸ ਤੋਂ ਇਲਾਵਾ, ਗੈਰ-ਰਿਹਾਇਸ਼ੀ ਭਾਰਤੀਆਂ (NRI) ਲਈ 'ਫਾਰਮ 6-ਏ' ਤਹਿਤ 6 ਅਰਜ਼ੀਆਂ, ਵੋਟਰ ਸੂਚੀ ਵਿੱਚੋਂ ਨਾਮ ਕਟਵਾਉਣ ਜਾਂ ਇਤਰਾਜ਼ ਲਈ 'ਫਾਰਮ 7' ਤਹਿਤ 72 ਅਰਜ਼ੀਆਂ ਅਤੇ ਪਤੇ ਵਿੱਚ ਬਦਲਾਅ ਜਾਂ ਵੇਰਵਿਆਂ ਦੀ ਸੋਧ ਲਈ 'ਫਾਰਮ 8' ਤਹਿਤ 444 ਅਰਜ਼ੀਆਂ ਪ੍ਰਾਪਤ ਹੋਈਆਂ ਹਨ। ਡਾ. ਸੋਨਾ ਥਿੰਦ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਫ਼ਤਿਹਗੜ੍ਹ ਸਾਹਿਬ ਤੋਂ ਸਭ ਤੋਂ ਵੱਧ 410, ਵਿਧਾਨ ਸਭਾ ਹਲਕਾ ਬੱਸੀ ਪਠਾਣਾ ਤੋਂ 388 ਅਤੇ ਵਿਧਾਨ ਸਭਾ ਹਲਕਾ ਅਮਲੋਹ ਤੋਂ 402 ਵੋਟਰਾਂ ਨੇ ਆਪਣੇ ਫਾਰਮ ਜਮ੍ਹਾਂ ਕਰਵਾਏ ਹਨ। ਜ਼ਿਲ੍ਹਾ ਚੋਣ ਅਫਸਰ ਨੇ ਜ਼ਿਲ੍ਹੇ ਦੇ ਸਮੂਹ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਲੋਕਤੰਤਰ ਦੀ ਮਜ਼ਬੂਤੀ ਲਈ ਆਪਣੀ ਵੋਟ ਦਾ ਅਧਿਕਾਰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਜਿਨ੍ਹਾਂ ਨੌਜਵਾਨਾਂ ਦੀ ਉਮਰ 1 ਜਨਵਰੀ 2026 ਨੂੰ 18 ਸਾਲ ਹੋ ਰਹੀ ਹੈ, ਉਹ ਆਪਣੀ ਵੋਟ ਜ਼ਰੂਰ ਬਣਾਉਣ। ਇਸ ਤੋਂ ਇਲਾਵਾ, ਨਾਗਰਿਕ ਚੋਣ ਕਮਿਸ਼ਨ ਦੇ ਪੋਰਟਲ 'Voter Helpline AppÓ Ü» Òvoters.eci.gov.in' ਰਾਹੀਂ ਵੀ ਘਰ ਬੈਠੇ ਆਨਲਾਈਨ ਅਪਲਾਈ ਕਰ ਸਕਦੇ ਹਨ। ਉਨ੍ਹਾਂ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਪ੍ਰਾਪਤ ਹੋਈਆਂ ਸਾਰੀਆਂ ਅਰਜ਼ੀਆਂ ਦੀ ਸਮੇਂ ਸਿਰ ਅਤੇ ਪਾਰਦਰਸ਼ੀ ਜਾਂਚ ਨਿਪਟਾਉਣ ਦੇ ਨਿਰਦੇਸ਼ ਵੀ ਦਿੱਤੇ।

## ਜ਼ਿਲ੍ਹੇ ਵਿੱਚ 150 ਬੇਲਰਾਂ ਰਾਹੀਂ ਪਰਾਲੀ ਦੀਆਂ ਗੱਠਾਂ ਬਣਾਉਣ ਦਾ ਕੰਮ ਜਾਰੀ: ਡਾ. ਜਗਦੇਵ ਸਿੰਘ

ਫ਼ਤਹਿਗੜ੍ਹ ਸਾਹਿਬ, 26 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-:



ਜ਼ਿਲ੍ਹੇ ਵਿੱਚ ਝੋਨੇ ਦੀ ਪਰਾਲੀ ਨੂੰ ਆਧੁਨਿਕ ਮਸ਼ੀਨਰੀ ਦੀ ਵਰਤੋਂ ਕਰਕੇ ਸੁਚੱਜੇ ਪ੍ਰਬੰਧਨ ਨੂੰ ਯਕੀਨੀ ਬਣਾਉਣ ਅਤੇ ਖੇਤਾਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਦੇ ਮੰਤਵ ਨਾਲ ਬਲਾਕ ਖੇੜਾ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ ਡਾਕਟਰ ਜਗਦੇਵ ਸਿੰਘ ਨੇ ਦੱਸਿਆ ਕਿ ਇਸ ਮੌਕੇ ਖੇਤਾਂ ਵਿੱਚ ਚੱਲ ਰਹੀਆਂ ਪਰਾਲੀ ਪ੍ਰਬੰਧਨ ਸਬੰਧੀ ਗਤੀਵਿਧੀਆਂ ਦਾ ਜਾਇਜ਼ਾ ਲਿਆ ਗਿਆ ਅਤੇ ਕਿਸਾਨਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਨੂੰ ਪਰਾਲੀ ਦੀ ਸੰਭਾਲ ਸਬੰਧੀ ਜਾਗਰੂਕ ਕੀਤਾ ਗਿਆ। ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਜ਼ਿਲ੍ਹੇ ਵਿੱਚ ਲਗਭਗ 150 ਬੇਲਰ ਪਰਾਲੀ ਪ੍ਰਬੰਧਨ ਲਈ ਚਲਾਏ ਜਾ ਰਹੇ ਹਨ। ਵੱਖ-ਵੱਖ ਪਿੰਡਾਂ ਵਿੱਚ ਪਰਾਲੀ ਦੀਆਂ ਗੱਠਾਂ ਬਣਾਉਣ (ਬੇਲਿੰਗ) ਦਾ ਕੰਮ ਪੂਰੇ ਜ਼ੋਰਾਂ ਨਾਲ ਚੱਲ ਰਿਹਾ ਹੈ। ਕਿਸਾਨਾਂ ਅਤੇ ਮਸ਼ੀਨਰੀ ਆਪਰੇਟਰਾਂ ਵੱਲੋਂ ਰੋਜ਼ਾਨਾ ਵੱਡੀ ਮਾਤਰਾ ਵਿੱਚ ਝੋਨੇ ਦੀ ਪਰਾਲੀ ਨੂੰ ਇਕੱਠਾ ਕਰਕੇ ਗੱਠਾਂ ਬਣਾਈਆਂ ਜਾ ਰਹੀਆਂ ਹਨ, ਜਿਸ ਨਾਲ ਪਰਾਲੀ ਨੂੰ ਖੇਤਾਂ ਵਿੱਚ ਸਾੜਨ ਦੀ ਬਜਾਏ ਇਸ ਦੀ ਸੁਚੱਜੀ ਸੰਭਾਲ ਅਤੇ ਵਰਤੋਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਡਾ. ਜਗਦੇਵ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਪੂਰੀ ਤਰ੍ਹਾਂ ਗੁਰੇਜ਼ ਕਰਨ ਅਤੇ ਖੇਤੀਬਾੜੀ ਵਿਭਾਗ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਤਕਨੀਕੀ ਜਾਣਕਾਰੀ ਅਤੇ ਮਸ਼ੀਨਰੀ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਲਈ ਪਰਾਲੀ ਪ੍ਰਬੰਧਨ ਵਾਸਤੇ ਇਨ-ਸੀਟੂ ਅਤੇ ਐਕਸ-ਸੀਟੂ ਤਰੀਕਿਆਂ ਨਾਲ ਸਬੰਧਤ ਮਸ਼ੀਨਰੀ ਦੇ ਢੁਕਵੇਂ ਪ੍ਰਬੰਧ ਕੀਤੇ ਗਏ ਹਨ। ਇਨ-ਸੀਟੂ ਤਕਨੀਕ ਰਾਹੀਂ ਪਰਾਲੀ ਨੂੰ ਖੇਤ ਵਿੱਚ ਹੀ ਮਿੱਟੀ ਵਿੱਚ ਮਿਲਾ ਕੇ ਜਾਂ ਹੋਰ ਢੁਕਵੇਂ ਤਰੀਕਿਆਂ ਨਾਲ ਸੰਭਾਲਿਆ ਜਾ ਸਕਦਾ ਹੈ, ਜਦਕਿ ਐਕਸ-ਸੀਟੂ ਤਕਨੀਕ ਰਾਹੀਂ ਪਰਾਲੀ ਦੀਆਂ ਗੱਠਾਂ ਬਣਾ ਕੇ ਇਸ ਨੂੰ ਖੇਤ ਵਿੱਚੋਂ ਬਾਹਰ ਕੱਢਿਆ ਜਾਂਦਾ ਹੈ। ਇਸ ਮੌਕੇ ਉਨ੍ਹਾਂ ਨਾਲ ਡਾ ਦਮਨ ਝਾਂਜੀ ਖੇਤੀਬਾੜੀ ਅਫ਼ਸਰ ਅਫ਼ਸਰ (ਇੰਨਫੋਰਸਮੈਂਟ) ਵੀ ਹਾਜ਼ਿਰ ਸਨ।

## ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ 27 ਅਕਤੂਬਰ ਨੂੰ ਪਿੰਡ ਕੋਟਲਾ ਅਜਨੇਰ, ਮਾਜਰੀ, ਰਾਏਪੁਰ, ਮੰਡਲਾਂ, ਕਲੌਂਦੀ, ਰਸੂਲਪੁਰ



ਫ਼ਤਹਿਗੜ੍ਹ ਸਾਹਿਬ, 26 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-:

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਉਪਰਾਲੇ ਤਹਿਤ ਬੱਸੀ ਪਠਾਣਾਂ ਬਲਾਕ ਦੇ ਪਿੰਡ ਗਪਾਂਲੋਂ, ਖੇੜੀ ਭਾਈ ਕੀ,ਕੋਟਲਾ, ਖਮਾਣੋਂ ਬਲਾਕ ਦੇ ਪਿੰਡ ਭਾਮੀਆਂ, ਰਈਆ, ਬਡਾਲਾ ਅਤੇ ਖੇੜਾ ਬਲਾਕ ਦੇ ਪਿੰਡ ਨਰਾਇਣਗੜ੍ਹ, ਭੈਣੀ ਖੁਰਦ ਭੈਣੀ ਕਲਾ, ਵਿਖੇ ਐਲ.ਈ.ਡੀ. ਸਕਰੀਨ ਰਾਹੀਂ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਫਿਲਮ ਦਿਖਾਈ ਗਈ।

ਇਸ ਦਾ ਉਦੇਸ਼ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀ ਵਿਚਾਰਧਾਰਾ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣਾ ਹੈ। ਡਿਪਟੀ ਕਮਿਸ਼ਨਰ ਡਾ ਸੋਨਾ ਥਿੰਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 27 ਅਕਤੂਬਰ ਨੂੰ ਬਲਾਕ ਖਮਾਣੋਂ ਦੇ ਪਿੰਡ ਕੋਟਲਾ ਅਜਨੇਰ, ਮਾਜਰੀ, ਰਾਏਪੁਰ,ਬਲਾਕ ਬੱਸੀ ਪਠਾਣਾਂ ਦੇ ਪਿੰਡ ਮੰਡਲਾਂ, ਕਲੌਂਦੀ, ਰਸੂਲਪੁਰ ਅਤੇ ਬਲਾਕ ਖੇੜਾ ਦੇ ਪਿੰਡ ਮਾਜਰੀ ਫਾਟਕ,ਬੋਰਾਂ,ਮੱਠੀ ਵਿਖੇ ਵਿਸ਼ੇਸ਼ ਡਾਕੂਮੈਂਟਰੀ ਦਿਖਾਈ ਜਾਵੇਗੀ। ਇਹ ਸ਼ੋਅ ਕ੍ਰਮਵਾਰ 05,06 ਅਤੇ 07 ਵਜੇ ਸ਼ੁਰੂ ਹੋਣਗੇ।

## ਛੱਠ ਦੇ ਤਿਉਹਾਰ ਤੋਂ ਪਹਿਲਾਂ ਯਮੁਨਾ ਸਫਾਰੀ ਦਾ ਉਦਘਾਟਨ ਕਰਨ ਦੀ ਯੋਜਨਾ ਬਣਾ ਰਹੇ ਹਾਂ : ਮੁੱਖ ਮੰਤਰੀ ਰੇਖਾ ਗੁਪਤਾ

ਨਵੀਂ ਦਿੱਲੀ, 26 ਅਕਤੂਬਰ
-ਚੌਧਰੀ ਪ੍ਰਭਜੀਤ ਸਿੰਘ-

ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ, ਅਸੀਂ ਛੱਠ ਦੇ ਤਿਉਹਾਰ ਤੋਂ ਪਹਿਲਾਂ ਯਮੁਨਾ ਸਫਾਰੀ - ਦਿੱਲੀ ਦੇ ਲੋਕਾਂ ਲਈ ਸ਼ੁਰੂ ਕੀਤੀ ਗਈ ਇਕ ਪਹਿਲ - ਦਾ ਉਦਘਾਟਨ ਕਰਨ ਦੀ ਯੋਜਨਾ ਬਣਾ ਰਹੇ ਹਾਂ। ਜਿਵੇਂ ਕਿ ਦੂਜੇ ਸ਼ਹਿਰਾਂ ਵਿਚ ਗੰਗਾ ਜਾਂ ਯਮੁਨਾ ਵਰਗੀਆਂ ਨਦੀਆਂ 'ਤੇ ਕਿਸ਼ਤੀ ਚਲਾਉਣ ਵੇਲੇ ਸ਼ਾਂਤ ਅਨੁਭਵ ਹੁੰਦਾ ਹੈ, ਉਸੇ ਤਰ੍ਹਾਂ ਇੱਥੇ ਲੋਕ ਯਮੁਨਾ ਸਫਾਰੀ ਲੈਂਦੇ ਸਮੇਂ ਸ਼ਾਂਤੀ ਪ੍ਰਾਪਤ ਕਰਨਗੇ... ਇਹ ਦਿੱਲੀ ਲਈ ਇਕ ਵੱਡੀ ਪ੍ਰਾਪਤੀ ਹੈ - ਇਸਦੇ ਨਿਵਾਸੀਆਂ ਲਈ ਖੁਸ਼ੀ ਦਾ ਸਰੋਤ ਹੈ। ਮੈਂ ਕੇਂਦਰ ਸਰਕਾਰ, ਦਿੱਲੀ ਪ੍ਰਸ਼ਾਸਨ, ਸਾਡੇ ਸੈਰ-ਸਪਾਟਾ ਵਿਭਾਗ ਅਤੇ ਡੀ.ਡੀ.ਏ. ਨੂੰ ਆਪਣੀਆਂ ਦਿਲੋਂ ਵਧਾਈਆਂ ਦੇਣਾ ਚਾਹੁੰਦੀ ਹਾਂ; ਇਹ ਉਨ੍ਹਾਂ ਦੇ ਸਮੂਹਿਕ ਯਤਨਾਂ ਦੁਆਰਾ ਹੈ ਕਿ ਇਹ ਇਕ ਹਕੀਕਤ ਬਣ ਗਿਆ ਹੈ।

ਮਲਿਕਅਰਜੁਨ ਖੜਗੇ



ਦੀਆਂ ਟਿੱਪਣੀਆਂ 'ਤੇ, ਰੇਖਾ ਗੁਪਤਾ ਨੇ ਕਿਹਾ, ਅਜਿਹਾ ਲੱਗਦਾ ਹੈ ਕਿ ਕਾਂਗਰਸ ਪਾਰਟੀ, ਇਸਦੇ ਨੇਤਾ ਅਤੇ ਇਸਦੇ ਸਹਿਯੋਗੀ ਇੰਨੇ ਨਿਰਾਸ਼ ਹੋ ਗਏ ਹਨ ਕਿ ਉਹ ਸ਼ਿਸ਼ਟਾਚਾਰ ਅਤੇ ਸ਼ਿਸ਼ਟਾਚਾਰ ਦੀਆਂ ਸੀਮਾਵਾਂ ਨੂੰ ਪੂਰੀ ਤਰ੍ਹਾਂ ਪਾਰ ਕਰ ਗਏ ਹਨ। ਉਨ੍ਹਾਂ ਦੀ ਨਿਰਾਸ਼ਾ ਉਨ੍ਹਾਂ ਦੀਆਂ ਵਾਰ-ਵਾਰ ਚੋਣਾਂ ਵਿਚ ਹਾਰਾਂ ਤੋਂ ਪੈਦਾ ਹੁੰਦੀ ਹੈ; ਜਨਤਾ ਦੁਆਰਾ ਉਨ੍ਹਾਂ ਨੂੰ ਰੱਦ ਕਰਨਾ ਉਨ੍ਹਾਂ ਦੇ ਪ੍ਰਗਟਾਵੇ ਅਤੇ ਉਨ੍ਹਾਂ ਦੀ ਭਾਸ਼ਾ ਵਿਚ ਸਪੱਸ਼ਟ ਤੌਰ 'ਤੇ ਦਿਖਾਈ ਦਿੰਦਾ ਹੈ। ਉਹ ਕਿਸੇ ਵੀ ਪੱਧਰ 'ਤੇ ਡਿਗ ਰਹੇ ਹਨ - ਅਪਮਾਨ ਦਾ ਸਹਾਰਾ ਲੈ ਰਹੇ ਹਨ, ਅਣਉਚਿਤ ਟਿੱਪਣੀਆਂ ਕਰ ਰਹੇ ਹਨ, ਅਤੇ ਪ੍ਰਧਾਨ ਮੰਤਰੀ ਦੇ ਸਵਰਗਵਾਸੀ ਮਾਪਿਆਂ ਨੂੰ ਵੀ ਨਿਸ਼ਾਨਾ ਬਣਾ ਰਹੇ ਹਨ।

## ਸੁਖਬੀਰ ਬਾਦਲ ਪਹੁੰਚੇ ਝੋਟਾ ਦੇ ਘਰ, ਕਿਹਾ- ਇਨਸਾਫ਼ ਦੀ ਲੜਾਈ 'ਚ ਪਰਿਵਾਰ ਨਾਲ ਚੱਟਾਨ ਵਾਂਗ ਖੜ੍ਹਾ ਅਕਾਲੀ ਦਲ

➢ ਝੋਟਾ ਦੇ ਘਰ ਪਹੁੰਚੇ ਸੁਖਬੀਰ ਬਾਦਲ, ਕਿਹਾ- ਇਨਸਾਫ਼ ਦੀ ਲੜਾਈ 'ਚ ਪਰਿਵਾਰ ਨਾਲ ਚੱਟਾਨ ਵਾਂਗ ਖੜ੍ਹਾ ਅਕਾਲੀ ਦਲ
➢ ਨਸ਼ਿਆਂ ਵਿਰੁੱਧ ਲੜਾਈ 'ਚ ਭਾਈ ਝੋਟਾ ਦੀ ਕੁਰਬਾਨੀ ਨੂੰ ਕੀਤਾ ਜਾਵੇਗਾ ਯਾਦ: ਸੁਖਬੀਰ ਸਿੰਘ ਬਾਦਲ ਦਾ ਵੱਡਾ ਬਿਆਨ

ਮਾਨਸਾ, 26 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅੱਜ ਮਾਨਸਾ ਵਿਖੇ ਪਰਵਿੰਦਰ ਸਿੰਘ ਝੋਟਾ ਦੇ ਗ੍ਰਹਿ ਵਿਖੇ ਪਹੁੰਚੇ, ਜਿੱਥੇ ਉਨ੍ਹਾਂ ਨੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਦੁੱਖ ਦੀ ਘੜੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਪਰਿਵਾਰ ਦੇ ਅਟੱਲ ਹੌਸਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਇਨਸਾਫ਼ ਦੀ ਇਸ ਸੰਘਰਸ਼ਪੂਰਨ ਲੜਾਈ ਵਿੱਚ ਹਰ ਸੰਭਵ ਮਦਦ ਅਤੇ ਪੂਰਨ ਸਹਿਯੋਗ ਦੇਣ ਦਾ ਪੱਕਾ ਭਰੋਸਾ ਦਿਵਾਇਆ।

ਮੀਡੀਆ ਨਾਲ ਗੱਲਬਾਤ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਆਖਿਆ ਕਿ ਉਹ ਭਾਈ ਝੋਟਾ ਦੇ ਮਾਤਾ-ਪਿਤਾ, ਧਰਮਪਤਨੀ ਅਤੇ ਉਨ੍ਹਾਂ ਦੇ ਦੋਵੇਂ ਛੋਟੇ ਮਾਸੂਮ ਬੱਚਿਆਂ ਦੇ ਜਜ਼ਬੇ ਅਤੇ ਦ੍ਰਿੜ੍ਹ ਇਰਾਦੇ ਅੱਗੇ ਸ਼ਰਧਾ ਨਾਲ ਸਿਰ ਝੁਕਾਉਂਦੇ ਹਨ। ਉਨ੍ਹਾਂ ਕਿਹਾ ਕਿ ਇੰਨੇ ਵੱਡੇ ਦੁੱਖ ਅਤੇ ਦੁਖਾਂਤ ਦੇ ਬਾਵਜੂਦ, ਪਰਿਵਾਰ ਵੱਲੋਂ ਜਿਸ ਨਿਡਰਤਾ ਅਤੇ ਹੌਸਲੇ ਨਾਲ ਇਨਸਾਫ਼ ਦੀ ਲੜਾਈ ਲੜੀ ਜਾ ਰਹੀ ਹੈ, ਉਹ ਪੂਰੇ ਸਮਾਜ ਲਈ ਹਿੰਮਤ ਅਤੇ ਦ੍ਰਿੜ੍ਹਤਾ ਦੀ ਇੱਕ ਸੁਚੱਜੀ ਮਿਸਾਲ ਹੈ।

ਉਨ੍ਹਾਂ ਅੱਗੇ ਸਪੱਸ਼ਟ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਰਿਵਾਰ ਅਤੇ ਸੰਘਰਸ਼ ਕਰ ਰਹੀ ਐਕਸ਼ਨ ਕਮੇਟੀ ਨੂੰ ਪੂਰਨ ਵਿਸ਼ਵਾਸ ਦਿਵਾਇਆ ਗਿਆ ਹੈ ਕਿ ਪਾਰਟੀ ਅਤੇ ਉਹ ਆਪ ਨਿੱਜੀ ਤੌਰ 'ਤੇ ਵੀ ਇਨਸਾਫ਼ ਦੀ ਇਸ ਜੰਗ ਵਿੱਚ ਸ਼ੁਰੂ ਤੋਂ ਲੈ ਕੇ ਅੰਤ ਤੱਕ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ। ਉਨ੍ਹਾਂ ਆਖਿਆ ਕਿ ਪਰਿਵਾਰ ਨੂੰ ਇਕੱਲਾ ਨਹੀਂ ਛੱਡਿਆ ਜਾਵੇਗਾ ਅਤੇ ਇਨਸਾਫ਼ ਦੀ ਪ੍ਰਾਪਤੀ ਤੱਕ ਇਹ ਸੰਘਰਸ਼ ਜਾਰੀ ਰਹੇਗਾ।

ਪੰਜਾਬ ਵਿੱਚ ਫੈਲੇ ਨਸ਼ਿਆਂ ਦੇ ਮੁੱਦਮੇ ਅਤੇ ਗੰਭੀਰ ਮੁੱਦੇ 'ਤੇ ਚਰਚਾ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ਤੋਂ ਬਚਾਉਣ ਲਈ ਭਾਈ ਪਰਵਿੰਦਰ ਸਿੰਘ ਝੋਟਾ ਵੱਲੋਂ ਪਾਇਆ ਗਿਆ ਅਹਿਮ ਯੋਗਦਾਨ ਅਤੇ ਦਿੱਤੀ ਗਈ ਮਹਾਨ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਸੰਭਾਲਣਾ ਸਾਡਾ ਸਭ ਦਾ ਸਾਂਝਾ ਫ਼ਰਜ਼ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਮੰਗ ਕੀਤੀ ਕਿ ਇਸ ਮਾਮਲੇ ਦੇ ਦੋਸ਼ੀਆਂ ਵਿਰੁੱਧ ਬਿਨਾਂ ਕਿਸੇ ਦੇਰੀ ਦੇ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇ ਤਾਂ ਜੋ ਪੀੜਤ ਪਰਿਵਾਰ ਨੂੰ ਸੱਚਾ ਇਨਸਾਫ਼ ਮਿਲ ਸਕੇ। ਸੁਖਬੀਰ ਸਿੰਘ ਬਾਦਲ ਦੇ ਇਸ ਦੌਰੇ ਦਾ ਮੁੱਖ ਕੇਂਦਰ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਹਰ ਪੱਧਰ 'ਤੇ ਡਟਣ ਦਾ ਸੱਦਾ ਦੇਣਾ ਅਤੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣ ਦੇ ਅਹਿਮ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਉਭਾਰਨਾ ਰਿਹਾ।

## ਕੇ. ਸੀ. ਵੇਣੂਗੋਪਾਲ ਨੇ ਚੋਣਾਂ 2027 ਲਈ ਕੀਤਾ ਵੱਡਾ ਐਲਾਨ



ਚੰਡੀਗੜ੍ਹ, 26 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਉਣ ਵਾਲੀਆਂ ਚੋਣਾਂ 2027 ਦੇ ਮੱਦੇਨਜ਼ਰ ਆਲ ਇੰਡੀਆ ਕਾਂਗਰਸ ਕਮੇਟੀ (1933) ਦੇ ਸੰਗਠਨ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਨੇ ਪੰਜਾਬ ਵਿੱਚ ਪਾਰਟੀ ਦੀਆਂ ਤਿਆਰੀਆਂ ਨੂੰ ਲੈ ਕੇ ਵੱਡਾ ਐਲਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਜਲਦ ਹੀ ਪੰਜਾਬ ਦੀ ਧਰਤੀ 'ਤੇ ਇੱਕ ਵਿਸ਼ਾਲ ਜਨਤਕ ਰੈਲੀ ਨੂੰ ਸੰਬੋਧਨ ਕਰਨਗੇ।

ਵੇਣੂਗੋਪਾਲ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਕਾਂਗਰਸ ਆਪਣੀ ਚੋਣ ਮੁਹਿੰਮ ਦਾ ਆਗਾਜ਼ ਮੁੱਖ ਮੰਤਰੀ ਭਗਵੰਤ ਮਾਨ ਦੇ ਗ੍ਰਹਿ ਜ਼ਿਲ੍ਹੇ (ਸੰਗਰੂਰ) ਤੋਂ ਕਰਨ ਜਾ ਰਹੀ ਹੈ। ਮੁੱਖ ਮੰਤਰੀ ਦੇ ਗੜ੍ਹ ਤੋਂ ਚੋਣ ਬਿਗੁਲ ਵਜਾ ਕੇ ਪਾਰਟੀ ਵਿਰੋਧੀਆਂ ਨੂੰ ਸਿੱਧੀ ਚੁਣੌਤੀ ਦੇਵੇਗੀ।

ਇਸ ਦੌਰਾਨ ਕੇ.ਸੀ. ਵੇਣੂਗੋਪਾਲ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਅੱਕ ਚੁੱਕੇ ਹਨ ਅਤੇ ਸੂਬੇ ਵਿੱਚ ਅਗਲੀ ਸਰਕਾਰ ਕਾਂਗਰਸ ਪਾਰਟੀ ਦੀ ਹੀ ਬਣੇਗੀ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰ ਪੂਰੇ ਉਤਸ਼ਾਹ ਨਾਲ ਮੈਦਾਨ ਵਿੱਚ ਡਟੇ ਹੋਏ ਹਨ ਅਤੇ ਰਾਹੁਲ ਗਾਂਧੀ ਦੀ ਇਸ ਰੈਲੀ ਨਾਲ ਪੰਜਾਬ ਕਾਂਗਰਸ ਦੀ ਚੋਣ ਮੁਹਿੰਮ ਨੂੰ ਇੱਕ ਨਵੀਂ ਊਰਜਾ ਅਤੇ ਮਜ਼ਬੂਤੀ ਮਿਲੇਗੀ।




# ਅਸੀਂ ਬਰਾਬਰੀ, ਮਾਣ-ਸਨਮਾਨ ਅਤੇ ਨਿਆ ’ਤੇ ਅਧਾਰਤ ਪੰਜਾਬ ਦੇ ਨਿਰਮਾਣ ਲਈ ਭਗਵਾਨ ਵਾਲਮੀਕਿ ਜੀ ਦੇ ਦਰਸਾਏ ਮਾਰਗ ’ਤੇ ਚੱਲ ਰਹੇ ਹਾਂ: ਮਾਨ

**ਧੂਰੀ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਧੂਰੀ ਦੀ ਗਾਂਧੀ ਬਸਤੀ ਵਿਖੇ ਵਿਸ਼ਾਲ ਸ਼ੋਭਾ ਯਾਤਰਾ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੌਰਾਨ ਉਨ੍ਹਾਂ ਮਹਾਰਿਸ਼ੀ ਭਗਵਾਨ ਵਾਲਮੀਕਿ ਵੱਲੋਂ ਦਰਸਾਏ ਸੱਚ, ਧਰਮ, ਬਰਾਬਰੀ ਅਤੇ ਨਿਆ ਦੇ ਮਾਰਗ ’ਤੇ ਚੱਲਣ ਦੀ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਈ। ਰਾਮਾਇਣ ਦੀਆਂ ਸਦੀਵੀ ਸਿੱਖਿਆਵਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ, ਸੰਤਾਂ ਅਤੇ ਪੀਰਾਂ-ਫ਼ਕੀਰਾਂ ਦੀ ਪਵਿੱਤਰ ਧਰਤੀ ਪੰਜਾਬ ਇਨਸਾਨੀਅਤ, ਅਣਖ ਅਤੇ ਭਾਈਚਾਰਕ ਸਾਂਝ ਦੇ ਮੁੱਲਾਂ ’ਤੇ ਪਹਿਰਾ ਦਿੰਦੀ ਰਹੇਗੀ, ਜਿੱਥੇ ਨਫ਼ਰਤ ਦੇ ਬੀਜ ਕਦੇ ਵੀ ਨਹੀਂ ਉੱਗ ਸਕਦੇ।

ਸਿੱਖਿਆ ਨੂੰ ਜੀਵਨ ਬਦਲਣ ਦਾ ਸਭ ਤੋਂ ਸ਼ਕਤੀਸ਼ਾਲੀ ਜ਼ਰੀਆ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਸਾਲ ਪੰਜਾਬ ਦੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ’ਨੀਟ’ ਦੀ ਪ੍ਰੀਖਿਆ ਪਾਸ ਕੀਤੀ ਹੈ, ਜਦੋਂ ਕਿ 2021 ਵਿੱਚ ਇਹ ਗਿਣਤੀ ਸਿਰਫ਼ 80 ਸੀ। ਇਹ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਹੈ ਕਿ ਗੁਣਵੱਤਾਪੂਰਨ ਸਿੱਖਿਆ ਕਿਸ ਤਰ੍ਹਾਂ ਗਰੀਬ ਪਰਿਵਾਰਾਂ ਦੇ ਬੱਚਿਆਂ ਲਈ ਸੁਨਹਿਰੀ ਭਵਿੱਖ ਦੇ ਰਾਹ ਖੋਲ੍ਹ ਰਹੀ ਹੈ।

ਇਸ ਮੌਕੇ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਸੰਗਰੂਰ ਦੇ ਧੂਰੀ ਹਲਕੇ ਦੀ ਗਾਂਧੀ ਬਸਤੀ ਵਿਖੇ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਦੀ ਲੜੀ ਤਹਿਤ ਸਜਾਈ ਗਈ ਵਿਸ਼ਾਲ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕੀਤੀ ਅਤੇ ਰਸਮੀ ਤੌਰ ’ਤੇ ਹਰੀ ਝੰਡੀ ਦਿਖਾ ਕੇ ਸ਼ੋਭਾ ਯਾਤਰਾ ਰਵਾਨਾ ਕੀਤੀ। ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਵੱਲੋਂ ਰਚਿਤ ਪਵਿੱਤਰ ਰਾਮਾਇਣ ਨੇਕੀ, ਸੱਚਾਈ ਅਤੇ ਬਰਾਬਰੀ ਦਾ ਸਦੀਵੀ ਸੁਨੇਹਾ ਦਿੰਦੀ ਹੈ। ਉਨ੍ਹਾਂ ਦੀਆਂ ਮਹਾਨ ਸਿੱਖਿਆਵਾਂ ਅੱਜ ਵੀ ਸਾਡੇ ਸਮਾਜ ਲਈ ਮਾਰਗਦਰਸ਼ਕ ਦਾ ਕੰਮ ਕਰ ਰਹੀਆਂ ਹਨ।

ਉਨ੍ਹਾਂ ਅੱਗੇ ਕਿਹਾ, ਕੱਲ੍ਹ ਮਨਾਏ ਜਾ ਰਹੇ ਮਹਾਰਿਸ਼ੀ ਭਗਵਾਨ ਵਾਲਮੀਕਿ ਜੈਅੰਤੀ ਦੇ ਸ਼ੁਭ ਦਿਹਾੜੇ ’ਤੇ ਪੰਜਾਬ, ਦੇਸ਼-ਵਿਦੇਸ਼ਾਂ ਵਿੱਚ ਵਸਦੀ ਸਮੂਹ ਸੰਗਤ ਨੂੰ ਲੱਖ-ਲੱਖ ਮੁਬਾਰਕਾਂ। ਆਓ ਸਾਰੇ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦੁਆਰਾ ਦਰਸਾਏ ਮਾਰਗ ’ਤੇ ਚੱਲਣ ਅਤੇ ਉਨ੍ਹਾਂ ਦੀਆਂ ਉੱਚੀਆਂ-ਸੁੱਚੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਨ ਦਾ ਪ੍ਰਣ ਕਰੀਏ।

ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੰਸਕ੍ਰਿਤ ਸਾਹਿਤ ਦੇ ਪਿਤਾਮਾ ਅਤੇ ਆਦਿ ਕਵੀ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਨੇ ਦੁਨੀਆ ਨੂੰ ਰਾਮਾਇਣ ਵਰਗਾ ਅਮਰ ਮਹਾਕਾਵਿ ਦਿੱਤਾ, ਜੋ ਬਦੀ ’ਤੇ ਨੇਕੀ ਦੀ ਜਿੱਤ ਦਾ ਸਦੀਵੀ ਸੁਨੇਹਾ ਦਿੰਦਾ ਹੈ। ਨੈਤਿਕਤਾ, ਆਦਰਸ਼ਕ ਅਗਵਾਈ ਅਤੇ ਧਾਰਮਿਕ ਆਚਰਣ ਬਾਰੇ ਇਸ ਦੀਆਂ ਸਿੱਖਿਆਵਾਂ ਨੇ ਪੀੜ੍ਹੀਆਂ ਦਾ ਮਾਰਗਦਰਸ਼ਨ ਕੀਤਾ ਹੈ ਅਤੇ ਇਹ ਅੱਜ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਹਨ।

ਮੁੱਖ ਮੰਤਰੀ ਨੇ ਕਿਹਾ, ਅੱਜ ਦੇ ਪਦਾਰਥਵਾਦੀ ਯੁੱਗ ਵਿੱਚ ਸਾਨੂੰ ਸੱਚ, ਇਨਸਾਨੀਅਤ ਅਤੇ ਸਮਾਜਿਕ ਜ਼ਿੰਮੇਵਾਰੀ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਦੀ ਲੋੜ ਹੈ। ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਾਨੂੰ ਯਾਦ ਦਿਵਾਉਂਦੀਆਂ ਹਨ ਕਿ ਧਰਮ, ਬਰਾਬਰੀ ਅਤੇ ਹਰ ਮਨੁੱਖ ਦਾ ਸਤਿਕਾਰ ਹੀ ਸਮਾਜ ਦੀ ਨੀਂਹ ਹੋਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਖ਼ੁਸ਼ਕਿਸਮਤ ਹੈ ਕਿ ਇਸ ਦਾ ਸਬੰਧ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦੀ ਪਵਿੱਤਰ ਵਿਰਾਸਤ ਨਾਲ ਹੈ, ਜਿਨ੍ਹਾਂ ਨੇ ਇਸ ਪਵਿੱਤਰ ਧਰਤੀ ’ਤੇ ਭਗਵਾਨ ਰਾਮ ਦੇ ਸਪੁੱਤਰਾਂ ਲਵ ਅਤੇ ਕੁਸ਼ ਨੂੰ ਗਿਆਨ ਤੇ ਸ਼ਸਤਰ ਵਿੱਦਿਆ ਦਿੱਤੀ। ਉਨ੍ਹਾਂ ਕਿਹਾ ਕਿ ਮਹਾਨ ਸੰਤਾਂ, ਗੁਰੂਆਂ, ਰਿਸ਼ੀਆਂ-ਮੁਨੀਆਂ ਅਤੇ ਸ਼ਹੀਦਾਂ ਨੇ ਹਮੇਸ਼ਾ ਲੋਕਾਂ ਨੂੰ ਵੰਡੀਆਂ ਤੋਂ ਉੱਪਰ ਉੱਠ ਕੇ ਏਕਤਾ, ਭਾਈਚਾਰਕ ਸਾਂਝ ਅਤੇ ਬਰਾਬਰੀ ’ਤੇ ਅਧਾਰਤ ਸਮਾਜ ਦੀ ਸਿਰਜਣਾ ਲਈ ਪ੍ਰੇਰਿਤ ਕੀਤਾ ਹੈ।

ਸਿੱਖਿਆ ਦੀ ਬਦਲਾਅ ਲਿਆਉਣ ਵਾਲੀ ਸ਼ਕਤੀ ’ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਿੱਖਿਆ ਸਮਾਜਿਕ ਤਬਦੀਲੀ ਦਾ ਸਭ ਤੋਂ ਕਾਰਗਰ ਹਥਿਆਰ ਹੈ। ਆਰਥਿਕ ਤੌਰ ’ਤੇ ਕਮਜ਼ੋਰ ਪਰਿਵਾਰਾਂ ਦੇ ਬੱਚੇ ਹੁਣ ਦੇਸ਼ ਦੀਆਂ ਸਭ ਤੋਂ ਔਖੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਪਾਸ ਕਰ ਰਹੇ ਹਨ,




ਜਿਸ ਨਾਲ ਇਹ ਸਾਬਤ ਹੁੰਦਾ ਹੈ ਕਿ ਯੋਗਤਾ ਕਿਸੇ ਦੀ ਮੁਥਾਜ ਨਹੀਂ ਹੁੰਦੀ।

ਉਨ੍ਹਾਂ ਕਿਹਾ, ਹਰ ਸਾਲ 30 ਲੱਖ ਤੋਂ ਵੱਧ ਵਿਦਿਆਰਥੀ ਨੀਟ ਦੀ ਪ੍ਰੀਖਿਆ ਵਿੱਚ ਬੈਠਦੇ ਹਨ ਅਤੇ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਹਾਲ ਹੀ ਵਿੱਚ ਐਲਾਨੇ ਨਤੀਜਿਆਂ ਵਿੱਚ ਪੰਜਾਬ ਦੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਇਹ ਪ੍ਰੀਖਿਆ ਪਾਸ ਕੀਤੀ ਹੈ।

ਸਰਕਾਰੀ ਸਕੂਲਾਂ ਦੀ ਸਿੱਖਿਆ ਵਿੱਚ ਆਏ ਸੁਧਾਰ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਸਾਲ 2021 ਵਿੱਚ ਸਰਕਾਰੀ ਸਕੂਲਾਂ ਦੇ ਸਿਰਫ਼ 80 ਵਿਦਿਆਰਥੀਆਂ ਨੇ ਨੀਟ ਪਾਸ ਕੀਤਾ ਸੀ। ਅੱਜ ਇਹ ਗਿਣਤੀ ਵਧ ਕੇ 882 ਹੋ ਗਈ ਹੈ, ਜੋ ਮਹਿਜ਼ ਚਾਰ ਸਾਲਾਂ ਵਿੱਚ ਲਗਪਗ 11 ਗੁਣਾ ਵਾਧਾ ਹੈ। ਇਹ ਪ੍ਰਾਪਤੀ ਸਾਡੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਸੁਧਾਰਨ ਲਈ ਕੀਤੇ ਜਾ ਰਹੇ ਸ਼ਾਨਦਾਰ ਯਤਨਾਂ ਨੂੰ ਦਰਸਾਉਂਦੀ ਹੈ।

ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਇਸ ਲਈ ਵੀ ਬਹੁਤ ਅਹਿਮ ਹੈ ਕਿਉਂਕਿ ਇਨ੍ਹਾਂ ਵਿੱਚੋਂ ਬਹੁਤੇ ਵਿਦਿਆਰਥੀ ਸਾਧਾਰਨ ਆਰਥਿਕ ਪਿਛੋਕੜ ਨਾਲ ਸਬੰਧਤ ਹਨ। ਇਨ੍ਹਾਂ ਦੇ ਮਾਪਿਆਂ ਵਿੱਚ ਰੇਹੜੀ-ਫੜ੍ਹੀ ਵਾਲੇ, ਛੋਟੇ ਦੁਕਾਨਦਾਰ, ਸਬਜ਼ੀ ਵੇਚਣ ਵਾਲੇ ਅਤੇ ਹੋਰ ਮਿਹਨਤਕਸ਼ ਲੋਕ ਸ਼ਾਮਲ ਹਨ, ਜੋ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਦਿਨ-ਰਾਤ ਮਿਹਨਤ ਕਰਦੇ ਹਨ। ਕੋਈ ਰੇਹੜੀ ਚਲਾਉਂਦਾ ਹੈ, ਕੋਈ ਛੋਟੀ ਦੁਕਾਨ ਚਲਾਉਂਦਾ ਹੈ ਅਤੇ ਕੋਈ ਸਬਜ਼ੀ ਵੇਚ ਕੇ ਗੁਜ਼ਾਰਾ ਕਰਦਾ ਹੈ। ਫਿਰ ਵੀ ਉਨ੍ਹਾਂ ਦੇ ਬੱਚੇ ਹੁਣ ’ਨੀਟ’ ਵਰਗੀਆਂ ਪ੍ਰੀਖਿਆਵਾਂ ਪਾਸ ਕਰ ਕੇ ਡਾਕਟਰ ਬਣਨ ਵੱਲ ਵਧ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਸਿੱਖਿਆ ਦੀ ਅਸਲ ਤਾਕਤ ਹੈ ਅਤੇ ਇਹੋ ਬਦਲਾਅ ਅਸੀਂ ਪੰਜਾਬ ਵਿੱਚ ਲਿਆਉਣਾ ਚਾਹੁੰਦੇ ਹਾਂ। ਗਰੀਬੀ ਨੂੰ ਸਿਰਫ਼ ਆਰਥਿਕ ਮਦਦ ਜਾਂ ਰਾਸ਼ਨ ਕਾਰਡਾਂ ਅਤੇ ਹੋਰ ਭਲਾਈ ਯੋਜਨਾਵਾਂ ’ਤੇ ਨਿਰਭਰ ਰੱਖ ਕੇ ਖ਼ਤਮ ਨਹੀਂ ਕੀਤਾ ਜਾ ਸਕਦਾ। ਅਸਲ ਆਰਥਿਕ ਸਮਰੱਥਾ ਗੁਣਵੱਤਾਪੂਰਨ ਸਿੱਖਿਆ ਨਾਲ ਆਉਂਦੀ ਹੈ, ਜੋ ਬੱਚਿਆਂ ਨੂੰ ਮਾਣਯੋਗ ਕਰੀਅਰ ਬਣਾਉਣ ਅਤੇ ਆਪਣੇ ਪਰਿਵਾਰਾਂ ਦਾ ਭਵਿੱਖ ਸੁਰੱਖਿਅਤ ਕਰਨ ਦੇ ਯੋਗ ਬਣਾਉਂਦੀ ਹੈ।

ਉਨ੍ਹਾਂ ਅੱਗੇ ਕਿਹਾ, ਭਲਾਈ ਸਹੂਲਤਾਂ ਸਹਾਰਾ ਦੇ ਸਕਦੀਆਂ ਹਨ ਪਰ ਸਿੱਖਿਆ ਬੱਚਿਆਂ ਨੂੰ ਆਪਣੇ ਪੂਰੇ ਪਰਿਵਾਰ ਦਾ ਭਵਿੱਖ ਬਦਲਣ ਦੀ ਤਾਕਤ ਦਿੰਦੀ ਹੈ। ਆਪਣੇ ਬੱਚਿਆਂ ਨੂੰ ਪੜ੍ਹਾਓ ਅਤੇ ਉਨ੍ਹਾਂ ਨੂੰ ਅਫ਼ਸਰ, ਡਾਕਟਰ ਅਤੇ ਪੇਸ਼ੇਵਰ ਬਣਨ ਵਿੱਚ ਮਦਦ ਕਰੋ ਤਾਂ ਜੋ ਉਹ ਆਪਣੇ ਪਰਿਵਾਰਾਂ ਨੂੰ ਗਰੀਬੀ ਵਿੱਚੋਂ ਬਾਹਰ ਕੱਢ ਸਕਣ। ਜਦੋਂ ਕਿਸੇ ਗਰੀਬ ਘਰ ਦਾ ਬੱਚਾ ਡਾਕਟਰ, ਅਫ਼ਸਰ ਜਾਂ ਸਫ਼ਲ ਪੇਸ਼ੇਵਰ ਬਣਦਾ ਹੈ ਤਾਂ ਇਹ ਪ੍ਰਾਪਤੀ ਨਾ ਸਿਰਫ਼ ਉਸ ਬੱਚੇ ਦੀ ਜ਼ਿੰਦਗੀ ਬਦਲਦੀ ਹੈ, ਸਗੋਂ ਉਸ ਦੇ ਪੂਰੇ ਪਰਿਵਾਰ ਅਤੇ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਵੀ ਸਵਾਰ ਦਿੰਦੀ ਹੈ।

ਇਸ ਪਵਿੱਤਰ ਦਿਹਾੜੇ ’ਤੇ ਵੱਡੀ ਗਿਣਤੀ ਵਿੱਚ ਪੁੱਜੀ ਸੰਗਤ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਨੇ ਮਾਵਾਂ, ਭੈਣਾਂ, ਬਜ਼ੁਰਗਾਂ, ਨੌਜਵਾਨਾਂ ਅਤੇ ਬੱਚਿਆਂ ਦਾ ਆਪਣੀਆਂ ਰੋਜ਼ਾਨਾ ਦੀਆਂ ਜ਼ਿੰਮੇਵਾਰੀਆਂ ਦੇ ਬਾਵਜੂਦ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੋਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ, ਮੈਂ ਅੱਜ ਸਾਡੇ ਨਾਲ ਜੁੜੀ ਸਮੂਹ ਸੰਗਤ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਸਾਡੀਆਂ ਮਾਵਾਂ, ਭੈਣਾਂ, ਭਰਾਵਾਂ ਅਤੇ ਬੱਚਿਆਂ ਦੀ ਹਾਜ਼ਰੀ ਇਸ ਪਵਿੱਤਰ ਦਿਹਾੜੇ ਨੂੰ ਹੋਰ ਵੀ ਖ਼ਾਸ ਬਣਾਉਂਦੀ ਹੈ।

ਉਨ੍ਹਾਂ ਕਿਹਾ ਕਿ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਅਤੇ ਹੋਰ ਮਹਾਨ ਰੂਹਾਨੀ ਸ਼ਖ਼ਸੀਅਤਾਂ ਦੀਆਂ ਸਿੱਖਿਆਵਾਂ ਲੋਕਾਂ ਨੂੰ ਇਨਸਾਨੀਅਤ ਅਤੇ ਆਪਸੀ ਸਤਿਕਾਰ ’ਤੇ ਪਹਿਰਾ ਦੇਣ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਅਤੇ ਦੇਸ਼ ਦੇ ਮਹਾਨ ਸੰਤਾਂ, ਗੁਰੂਆਂ ਅਤੇ ਸ਼ਹੀਦਾਂ ਦਾ ਸੁਨੇਹਾ ਹਮੇਸ਼ਾ ਇੱਕੋ ਰਿਹਾ ਹੈ: ਏਕਤਾ, ਬਰਾਬਰੀ, ਦਇਆ ਅਤੇ ਹਰ ਮਨੁੱਖ ਦਾ ਸਤਿਕਾਰ। ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਨੇ ਦੁਨੀਆ ਨੂੰ ਬਰਾਬਰੀ ਅਤੇ ਧਰਮ ਦਾ ਸੁਨੇਹਾ ਦਿੱਤਾ ਅਤੇ ਸਾਨੂੰ ਯਾਦ ਦਿਵਾਇਆ ਕਿ ਇਨਸਾਨੀਅਤ ਸਭ ਤੋਂ ਉੱਪਰ ਹੈ।

ਪੰਜਾਬ ਨੂੰ ਉਪਜਾਊ ਜ਼ਮੀਨ ਅਤੇ ਭਾਈਚਾਰਕ ਸਾਂਝ ਦੀ ਅਮੀਰ ਵਿਰਾਸਤ ਵਾਲੀ ਧਰਤੀ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, ਪੰਜਾਬ ਇੱਕ ਅਜਿਹੀ ਧਰਤੀ ਹੈ, ਜਿੱਥੇ ਤੁਸੀਂ ਕੋਈ ਵੀ ਬੀਜ ਬੀਜੋਗੇ ਤਾਂ ਉਹ ਉੱਗ ਜਾਵੇਗਾ, ਪਰ ਇੱਥੇ ਨਫ਼ਰਤ ਦੇ ਬੀਜ ਕਦੇ ਨਹੀਂ ਉੱਗਦੇ। ਸਾਡੇ ਲੋਕ ਪਿਆਰ, ਖ਼ੁਸ਼ੀ ਅਤੇ ਭਾਈਚਾਰਕ ਸਾਂਝ ਨਾਲ ਮਿਲ ਕੇ ਤਿਉਹਾਰ ਮਨਾਉਂਦੇ ਹਨ। ਏਕਤਾ ਦੀ ਇਹ ਭਾਵਨਾ ਸਾਡੀ ਸਭ ਤੋਂ ਵੱਡੀ ਤਾਕਤ ਹੈ ਅਤੇ ਸਾਨੂੰ ਹਰ ਕੀਮਤ ’ਤੇ ਇਸ ਨੂੰ ਬਚਾ ਕੇ ਰੱਖਣਾ ਚਾਹੀਦਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡੀ ਸਰਕਾਰ, ਸਰਕਾਰੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਤਾਂ ਜੋ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੇ ਬੱਚੇ ਵੀ ਅਮੀਰ ਪਰਿਵਾਰਾਂ ਦੇ ਬੱਚਿਆਂ ਨਾਲ ਬਰਾਬਰੀ ਦੇ ਪੱਧਰ ’ਤੇ ਮੁਕਾਬਲਾ ਕਰ ਸਕਣ। ਪਿਛਲੀਆਂ ਸਰਕਾਰਾਂ ’ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਗਰੀਬ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਹੱਕ ਦੇ ਪ੍ਰੀ-ਮੈਟ੍ਰਿਕ ਅਤੇ ਪੋਸਟ-ਮੈਟ੍ਰਿਕ ਸਕਾਲਰਸ਼ਿਪ ਫੰਡਾਂ ਤੋਂ ਵਾਂਝਾ ਰੱਖਿਆ ਗਿਆ, ਜਿਸ ਨਾਲ ਲੋੜਵੰਦ ਪਰਿਵਾਰਾਂ ਦੀਆਂ ਆਸਾਂ ਨੂੰ ਢਾਹ ਲੱਗੀ ਅਤੇ ਯੋਗ ਬੱਚਿਆਂ ਨੂੰ ਅੱਗੇ ਵਧਣ ਦੇ ਮੌਕਿਆਂ ਤੋਂ ਵਾਂਝਾ ਕੀਤਾ ਗਿਆ।

ਉਨ੍ਹਾਂ ਕਿਹਾ, ਸਾਡੀ ਸਰਕਾਰ ਪਛੜੇ ਵਰਗਾਂ ਦੇ ਵਿਦਿਆਰਥੀਆਂ ਦੇ ਹਿੱਤਾਂ ਦੀ ਰਾਖੀ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਸਿੱਖਿਆ ਸਮਾਜਿਕ ਨਿਆਂ ਦਾ ਇੱਕ ਪ੍ਰਭਾਵਸ਼ਾਲੀ ਸਾਧਨ ਬਣੇ।

# ਨਸ਼ਿਆਂ ਵਿਰੁੱਧ ਜ਼ਿਲ੍ਹਾ ਪ੍ਰਸ਼ਾਸਨ ਦੀ ਵੱਡੀ ਪਹਿਲ, ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਪੁਲਿਸ ਮੁਖੀ ਵੱਲੋਂ ਪਿੰਡਾਂ ’ਚ ਲੋਕਾਂ ਨਾਲ ਮੀਟਿੰਗਾਂ

**ਬਠਿੰਡਾ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ’ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਨੂੰ ਹੋਰ ਤੇਜ਼ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿੰਡ ਪੱਧਰ ’ਤੇ ਜਾਗਰੂਕਤਾ ਮੀਟਿੰਗਾਂ ਤਹਿਤ ਅੱਜ ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਰਾਜੇਸ਼ ਧੀਮਾਨ ਅਤੇ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀ ਸੁਹੇਲ ਕਾਸਿਮ ਮੀਰ ਵੱਲੋਂ ਜ਼ਿਲ੍ਹੇ ਦੇ ਪਿੰਡ ਭੋਖੜਾ ਅਤੇ ਜੀਦਾ ਦਾ ਦੌਰਾ ਕਰਕੇ ਪਿੰਡ ਵਾਸੀਆਂ ਨਾਲ ਸਿੱਧੀ ਗੱਲਬਾਤ ਕੀਤੀ ਗਈ। ਮੀਟਿੰਗਾਂ ਦੌਰਾਨ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਟੀਚਾ ਪੰਜਾਬ ਨੂੰ ਫਿਰ ਤੋਂ ਰੰਗਲਾ ਪੰਜਾਬ ਬਣਾਉਣਾ ਹੈ ਅਤੇ ਇਹ ਟੀਚਾ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਪੂਰਾ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਨਸ਼ਾ ਇੱਕ ਸਮਾਜਿਕ ਬੁਰਾਈ ਹੈ ਜੋ ਪੂਰੇ ਪਰਿਵਾਰ ਨੂੰ ਤਬਾਹ ਕਰ ਦਿੰਦੀ ਹੈ, ਇਸ ਲਈ ਹਰ ਪਿੰਡ ਵਿੱਚ ਡਿਫੈਂਸ ਕਮੇਟੀਆਂ ਨੂੰ ਹੋਰ ਸਰਗਰਮ ਕੀਤਾ ਜਾਵੇਗਾ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸਿੱਖਿਆ ਅਤੇ ਹੁਨਰ ਵਿਕਾਸ ਵੱਲ ਧਿਆਨ ਦੇਣ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿੰਡਾਂ ਚ ਖੇਡਾਂ ਦੀਆਂ ਟੀਮਾਂ ਬਣਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦੇ ਆਪਸ ਵਿਚ ਮੁਕਾਬਲੇ ਕਰਵਾਏ ਜਾਣਗੇ। ਇਸ ਮੌਕੇ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀ ਸੁਹੇਲ ਕਾਸਿਮ ਮੀਰ ਨੇ ਸਖ਼ਤ ਸੰਦੇਸ਼ ਦਿੰਦਿਆਂ ਕਿਹਾ ਕਿ ਨਸ਼ਾ ਵੇਚਣ ਵਾਲਿਆਂ ਨੂੰ ਕਿਸੇ ਵੀ ਕੀਮਤ ’ਤੇ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਵੀ ਆਪਣੇ ਪਿੰਡ ਜਾਂ ਆਲੇ-ਦੁਆਲੇ ਨਸ਼ਾ ਵਿਕਣ ਦੀ ਸੂਚਨਾ ਮਿਲਦੀ ਹੈ ਤਾਂ ਉਹ ਬੇਝਿਜਕ ਪੁਲਿਸ ਹੈਲਪਲਾਈਨ 112 ਜਾਂ ਐਂਟੀ-ਡਰੱਗ ਹੈਲਪਲਾਈਨ ਨੰਬਰ ’ਤੇ ਸੂਚਨਾ ਦੇ ਸਕਦਾ ਹੈ, ਸੂਚਨਾ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਦੇ ਇਲਾਜ ਲਈ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਮੁਫ਼ਤ ਇਲਾਜ, ਕਾਉਂਸਲਿੰਗ ਕੀਤੀ ਜਾਂਦੀ ਹੈ।

# ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ

**ਅੰਮ੍ਰਿਤਸਰ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅੰਮ੍ਰਿਤਸਰ ਸ਼ਹਿਰ ਦੇ ਬਾਨੀ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਾਰਿਆਂ, ਜੈਕਾਰਿਆਂ ਅਤੇ ਨਰਸਿੰਙਿਆਂ ਦੀ ਗੂੰਜ ਵਿਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ ਅਤੇ ਚੌਰ ਸਾਹਿਬ ਦੀ ਸੇਵਾ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਵੱਲੋਂ ਨਿਭਾਈ ਗਈ। ਇਸ ਮੌਕੇ ਹਾਜ਼ਰ ਵੱਡੀ ਗਿਣਤੀ ਵਿਚ ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ।

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਨਗਰ ਕੀਰਤਨ ਦਾ ਪੁਰਾਤਨ ਦਰਵਾਜ਼ਿਆਂ ਨੂੰ ਜੋੜਦੇ ਮਾਰਗ ’ਤੇ ਸਭਾ-ਸੁਸਾਇਟੀਆਂ ਅਤੇ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ। ਵੱਖ-ਵੱਖ ਥਾਵਾਂ ’ਤੇ ਜਿਥੇ ਸੰਗਤਾਂ ਨੇ ਪੰਜ ਪਿਆਰੇ ਅਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਸ਼ਰਧਾ ਪ੍ਰਗਟਾਈ, ਉਥੇ ਹੀ ਸੰਗਤਾਂ ਵੱਲੋਂ ਵੱਖ-ਵੱਖ ਤਰ੍ਹਾਂ ਦੇ ਲੰਗਰਾਂ ਦਾ ਪ੍ਰਬੰਧ ਵੀ ਕੀਤਾ ਹੋਇਆ ਸੀ। ਸਾਰੇ ਰਸਤੇ ਨਗਰ ਕੀਰਤਨ ਨਾਲ ਚੱਲਦੀਆਂ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ



ਕਰਕੇ ਚੌਥੇ ਪਾਤਸ਼ਾਹ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰ ਰਹੀਆਂ ਸਨ। ਨਗਰ ਕੀਰਤਨ ਮੌਕੇ ਘੰਟਾ ਘਰ ਪਲਾਜ਼ਾ ਵਿਖੇ ਪੰਜਾਬ ਪੁਲਿਸ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਤਿਕਾਰ ਭੇਟ ਕਰਦਿਆਂ ਸਲਾਮੀ ਦਿੱਤੀ ਗਈ, ਉਥੇ ਹੀ ਹੈਲੀਕਾਪਟਰ ਰਾਹੀਂ ਨਗਰ ਕੀਰਤਨ ’ਤੇ ਕੀਤੀ ਫੁੱਲਾਂ ਦੀ ਵਰਖਾ ਨੇ ਅਲੌਕਿਕ ਦ੍ਰਿਸ਼ ਸਿਰਜਿਆ।

ਨਗਰ ਕੀਰਤਨ ’ਚ ਸ਼ਾਮਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੰਦਿਆਂ ਸੰਗਤ ਨੂੰ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਨਾ ਕੀਤੀ।

ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਉਪਦੇਸ਼ਾਂ ’ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣਾ ਅਤੇ ਗੁਰਮਤਿ ਰਹਿਣੀ ਦੇ ਧਾਰਨੀ ਹੋਣਾ ਹਰ ਸਿੱਖ ਦਾ ਮੁੱਢਲਾ ਫ਼ਰਜ਼ ਹੈ। ਇਸੇ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਵੀ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸੰਗਤ ਨੂੰ ਵਧਾਈ ਦਿੱਤੀ ਅਤੇ ਬਾਣੀ ਤੇ ਬਾਣੇ ਧਾਰਨੀ ਹੋਣ ਲਈ ਪ੍ਰੇਰਿਆ।

# ਫਾਈਟ ਫਾਰ ਹਿਊਮਨ ਰਾਇਟਸ ਵੈਲਫੇਅਰ ਵਲੋਂ ਬੀਬੀ ਚਰਨਜੀਤ ਕੌਰ ਨੂੰ ਕੀਤਾ ਗਿਆ ਸਨਮਾਨਿਤ



**ਚੰਡੀਗੜ੍ਹ, 26 ਅਕਤੂਬਰ**
**-ਹਰਮਿੰਦਰ ਸਿੰਘ ਨਾਗਪਾਲ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਫਾਈਟ ਫਾਰ ਹਿਊਮਨ ਰਾਇਟਸ ਵੈਲਫੇਅਰ ਸੰਸਥਾ ਦੇ ਪ੍ਰਧਾਨ ਜਸਬੀਰ ਸਿੰਘ ਦੀ ਅਗਵਾਈ ਵਿੱਚ ਬੀਬੀ ਤਰਨਜੀਤ ਕੌਰ ਨੂੰ ਨਵਾਂ ਗਾਉਂ ਨਗਰ ਕੌਂਸਿਲ ਦਾ ਮੁੜ ਐਮ.ਸੀ ਚੁਣੇ ਜਾਣ ਤੇ ਸਨਮਾਨਿਤ ਕੀਤਾ ਗਿਆ ।

ਇਸ ਮੌਕੇ ਬੀਬੀ ਤਰਨਜੀਤ ਕੌਰ ਦੇ ਪੁੱਤਰ ਰਵਨੀਤ ਸਿੰਘ ਬੈਂਸ ਵੀ ਹਾਜ਼ਰ ਸਨ । ਇਸ ਮੌਕੇ ਵੈਲਫੇਅਰ ਨੇ ਬੀਬੀ ਤਰਨਜੀਤ ਕੌਰ ਵਲੋਂ ਪਿਛਲੇ ਸਮੇਂ ਦੌਰਾਨ ਕੀਤੀਆਂ ਸੇਵਾਵਾਂ ਦੀ ਸਲਾਘਾਂ ਕੀਤੀ ਅਤੇ ਉਮੀਦ ਵੀ ਕੀਤੀ ਉਹ ਅੱਗੇ ਵੀ ਇਸ ਤਰ੍ਹਾਂ ਵਿਕਾਸ ਅਤੇ ਸਮਾਜ ਭਲਾਈ ਦੇ ਕੰਮਾ ਨੂੰ ਜਾਰੀ ਰੱਖਣਗੇ । ਇਸ ਮੌਕੇ ਬੀਬੀ ਤਰਨਜੀਤ ਕੌਰ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਹਿਲਾਂ ਦੀ ਤਰ੍ਹਾਂ ਨਿਰਪੱਖਤਾ ਨਾਲ ਲੋਕਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਅਤੇ ਸਮਾਜ ਭਲਾਈ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਕਰਨਗੇ । ਇਸ ਮੌਕੇ ਫਾਈਟ ਫਾਰ ਹਿਊਮਨ ਰਾਇਟਸ ਵੈਲਫੇਅਰ ਦੇ ਪ੍ਰਧਾਨ ਜਸਬੀਰ ਸਿੰਘ , ਵਾਈਸ ਪ੍ਰਧਾਨ ਜਗਜੀਤ ਸਿੰਘ , ਵਾਈਸ ਪ੍ਰਧਾਨ ਪਰਮਜੀਤ ਸਿੰਘ ਤੇ ਜੋਧ ਸਿੰਘ , ਆਦਿ ਹਾਜ਼ਰ ਸਨ ॥

# ‘ਮੇਰਾ ਘਰ ਮੇਰੇ ਨਾਮ’ ਸਕੀਮ ਤਹਿਤ ਚਾਰ ਪਿੰਡਾਂ ਵਿੱਚ 1,501 ਪ੍ਰਾਪਰਟੀ ਕਾਰਡਾਂ ਦੀ ਵੰਡ



**ਸੰਗਰੂਰ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ ਨੇ ‘ਮੇਰਾ ਘਰ ਮੇਰੇ ਨਾਮ’ ਸਕੀਮ ਤਹਿਤ ਚਾਰ ਪਿੰਡਾਂ ਦੇ ਲਾਭਪਾਤਰੀਆਂ ਨੂੰ ਕੁੱਲ 1,501 ਪ੍ਰਾਪਰਟੀ ਕਾਰਡ ਵੰਡੇ। ਇਸ ਤਹਿਤ ਪਿੰਡ ਧਰਮਗੜ੍ਹ ਵਿਖੇ 401, ਪਿੰਡ ਜਖੇਪਲ ਧਾਲੀਵਾਲ ਬਾਸ ਵਿਖੇ 163, ਪਿੰਡ ਚੱਠਾ ਨਨਹੇੜਾ ਵਿਖੇ 323 ਅਤੇ ਪਿੰਡ ਗੰਢੂਆਂ ਵਿਖੇ 614 ਪ੍ਰਾਪਰਟੀ ਕਾਰਡਾਂ ਦੀ ਵੰਡ ਕੀਤੀ ਗਈ।

ਇਸ ਮੌਕੇ ਤਪਿੰਦਰ ਸਿੰਘ ਸੋਹੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਅਤੇ ਉਨ੍ਹਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੇ ਨਾਲ-ਨਾਲ ਲੋਕਾਂ ਦੇ ਪ੍ਰਸ਼ਾਸਨਿਕ ਕੰਮਾਂ ਦੇ ਨਿਪਟਾਰੇ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ।

ਤਪਿੰਦਰ ਸਿੰਘ ਸੋਹੀ ਨੇ ਕਿਹਾ ਕਿ ‘ਮੇਰਾ ਘਰ ਮੇਰੇ ਨਾਮ’ ਸਕੀਮ ਪਿੰਡਾਂ ਦੇ ਲੋਕਾਂ ਨੂੰ ਉਨ੍ਹਾਂ ਦੀਆਂ ਰਿਹਾਇਸ਼ੀ ਜਾਇਦਾਦਾਂ ਦੇ ਮਾਲਕਾਨਾ ਦਸਤਾਵੇਜ਼ ਮੁਹੱਈਆ ਕਰਵਾਉਣ ਵੱਲ ਇੱਕ ਅਹਿਮ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਆਪਣੇ ਘਰ ਨਾਲ ਸਬੰਧਤ ਦਸਤਾਵੇਜ਼ ਮਿਲਣ ਨਾਲ ਲਾਭਪਾਤਰੀਆਂ ਨੂੰ ਆਪਣੀ ਜਾਇਦਾਦ ਦੇ ਰਿਕਾਰਡ ਬਾਰੇ ਸਪੱਸ਼ਟਤਾ ਮਿਲਦੀ ਹੈ ਅਤੇ ਭਵਿੱਖ ਲਈ ਇਨ੍ਹਾਂ ਦਸਤਾਵੇਜ਼ਾਂ ਨੂੰ ਸੰਭਾਲ ਕੇ ਰੱਖਣਾ ਬੇਹੱਦ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਹੈ ਕਿ ਯੋਗ ਲਾਭਪਾਤਰੀਆਂ ਤੱਕ ਸਕੀਮਾਂ ਦਾ ਲਾਭ ਸੁਚਾਰੂ ਢੰਗ ਨਾਲ ਪਹੁੰਚੇ ਅਤੇ ਲੋਕਾਂ ਨੂੰ ਆਪਣੇ ਕੰਮਾਂ ਲਈ ਬੇਲੋੜੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪ੍ਰਾਪਰਟੀ ਕਾਰਡਾਂ ਵਿੱਚ ਦਰਜ ਵੇਰਵਿਆਂ ਨੂੰ ਧਿਆਨ ਨਾਲ ਪੜ੍ਹਨ ਅਤੇ ਕਿਸੇ ਵੀ ਤਰ੍ਹਾਂ ਦੀ ਦਰੁਸਤੀ ਜਾਂ ਜਾਣਕਾਰੀ ਲਈ ਸਬੰਧਤ ਅਧਿਕਾਰੀਆਂ ਨਾਲ ਸੰਪਰਕ ਕਰਨ। ਤਪਿੰਦਰ ਸਿੰਘ ਸੋਹੀ ਨੇ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਨਿਰੰਤਰ ਜਾਰੀ ਰਹਿਣਗੇ।

ਉਨ੍ਹਾਂ ਨੇ ਪ੍ਰਾਪਰਟੀ ਕਾਰਡ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਨੂੰ ਵਧਾਈ ਦਿੰਦਿਆਂ ਭਰੋਸਾ ਦਿਵਾਇਆ ਕਿ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਯੋਗ ਪਰਿਵਾਰ ਤੱਕ ਪਹੁੰਚਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕੀਤਾ ਜਾਵੇਗਾ।

ਇਸ ਮੌਕੇ ਬਲਵੀਰ ਸਿੰਘ ਮਾਨ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਰਣਜੀਤ ਸਿੰਘ ਚੇਅਰਮੈਨ ਬਲਾਕ ਸੰਮਤੀ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਪਤਵੰਤੇ ਅਤੇ ਵੱਡੀ ਗਿਣਤੀ ਪਿੰਡਾਂ ਦੇ ਲੋਕ ਹਾਜ਼ਰ ਸਨ।

# ਪੰਜਾਬ ’ਚ ਪਰਾਲੀ ਸਾੜਨ ਦੇ ਕੇਸ ਮੁੜ ਵਧੇ ਤਰਨ ਤਾਰਨ ਜ਼ਿਲ੍ਹੇ ’ਚ ਸਭ ਤੋਂ ਵੱਧ ਮਾਮਲੇ

**ਚੰਡੀਗੜ੍ਹ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੀ ਪੰਜਾਬ ’ਚ ਸਖ਼ਤੀ ਦੇ ਬਾਵਜੂਦ ਇਸ ਵਾਰ ਝੋਨੇ ਦੀ ਪਰਾਲੀ ਸਾੜਨ ਦਾ ਰੁਝਾਨ ਮੁੜ ਵਧਿਆ ਹੈ। ਹਾਲਾਂਕਿ ਪੰਜਾਬ ’ਚ ਪਰਾਲੀ ਸਾੜਨ ਦੇ ਕੇਸਾਂ ’ਚ ਲੰਘੇ ਛੇ ਵਰ੍ਹਿਆਂ ਤੋਂ ਲਗਾਤਾਰ ਕਟੌਤੀ ਹੋ ਰਹੀ ਸੀ। ਪਿਛਲੇ ਵਰ੍ਹੇ ਪੰਜਾਬ ’ਚ 24 ਅਕਤੂਬਰ ਤੱਕ ਪਰਾਲੀ ਸਾੜਨ ਦੇ 561 ਕੇਸ ਸਾਹਮਣੇ ਆਏ ਸਨ; ਐਤਕੀਂ ਇਹ ਅੰਕੜਾ 574 ਕੇਸਾਂ ਦਾ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਤਰਨ ਤਾਰਨ ਜ਼ਿਲ੍ਹਾ ਇਸ ਵੇਲੇ ਸਿਖਰ ’ਤੇ ਹੈ ਜਿੱਥੇ ਪਿਛਲੇ ਸਾਲ ਇਸ ਸਮੇਂ ਤੱਕ 175 ਕੇਸ ਰਿਪੋਰਟ ਹੋਏ ਸਨ ਪਰ ਇਸ ਵੇਲੇ 270 ਕੇਸ ਸਾਹਮਣੇ ਆ ਚੁੱਕੇ ਹਨ। ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੇ ਚੇਅਰਮੈਨ ਰਾਜੇਸ਼ ਵਰਮਾ ਨੇ ਅੰਮ੍ਰਿਤਸਰ ਅਤੇ ਤਰਨ ਤਾਰਨ ਦੇ ਡਿਪਟੀ ਕਮਿਸ਼ਨਰਾਂ ਤੇ ਹੋਰਨਾਂ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਹੈ। ਕਮਿਸ਼ਨ ਨੇ ਤਰਨ ਤਾਰਨ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਨੂੰ ਕਾਰਵਾਈ ਲਈ ਕਿਹਾ ਹੈ। ਉੱਤਰੀ ਭਾਰਤ ’ਚ ਪਰਾਲੀ ਸਾੜਨ ਦੇ ਹੁਣ ਤੱਕ 1,823 ਕੇਸ ਰਿਪੋਰਟ ਹੋਏ ਹਨ



ਜਿਨ੍ਹਾਂ ’ਚੋਂ ਸਭ ਤੋਂ ਵੱਧ 574 ਕੇਸ ਪੰਜਾਬ ’ਚ ਰਿਪੋਰਟ ਹੋਏ ਹਨ। ਹਰਿਆਣਾ ’ਚ ਸਿਰਫ਼ 18 ਕੇਸ ਹੀ ਸਾਹਮਣੇ ਆਏ ਹਨ ਜਦਕਿ ਪਿਛਲੇ ਸਾਲ ਹਰਿਆਣਾ ’ਚ ਇਸ ਸਮੇਂ ਤੱਕ 61 ਕੇਸ ਰਿਪੋਰਟ ਹੋਏ ਸਨ। ਮੱਧ ਪ੍ਰਦੇਸ਼ (439 ਕੇਸ) ਦਾ ਦੂਜਾ ਨੰਬਰ ਹੈ। ਪੰਜਾਬ ਦੇ ਜ਼ਿਲ੍ਹਾ ਅੰਮ੍ਰਿਤਸਰ ’ਚ ਹੁਣ ਤੱਕ 144, ਗੁਰਦਾਸਪੁਰ ’ਚ 37, ਫ਼ਿਰੋਜ਼ਪੁਰ ’ਚ 26 ਅਤੇ ਲੁਧਿਆਣਾ ’ਚ 27 ਕੇਸ ਰਿਪੋਰਟ ਹੋਏ ਹਨ।

ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਜ਼ਮੀਨੀ ਪੱਧਰ ’ਤੇ ਨਜ਼ਰ ਰੱਖਣ ਲਈ ਉਡਣ ਦਸਤੇ ਤਾਇਨਾਤ ਕੀਤੇ ਹੋਏ ਹਨ। ਪੰਜਾਬ ਸਰਕਾਰ ਨੇ ਵੀ ਸਟਾਫ਼ ਤਾਇਨਾਤ ਕੀਤਾ ਹੋਇਆ ਹੈ। ਹੁਣ ਤੱਕ ਪੰਜਾਬ ’ਚ 113 ਪੁਲੀਸ ਕੇਸ ਦਰਜ ਕੀਤੇ ਜਾ ਚੁੱਕੇ ਹਨ ਜਿਨ੍ਹਾਂ ’ਚੋਂ 23 ਕੇਸ ਇਕੱਲੇ ਤਰਨ ਤਾਰਨ ’ਚ ਦਰਜ ਹੋਏ ਹਨ। ਇਸੇ ਤਰ੍ਹਾਂ ਮਾਲ ਰਿਕਾਰਡ ’ਚ 205 ਰੈੱਡ ਐਂਟਰੀਆਂ ਪਾਈਆਂ ਗਈਆਂ ਹਨ ਜਿਨ੍ਹਾਂ ’ਚ 113 ਰੈੱਡ ਐਂਟਰੀਆਂ ਇਕੱਲੇ ਤਰਨ ਤਾਰਨ ਜ਼ਿਲ੍ਹੇ ਦੇ ਕਿਸਾਨਾਂ ਦੇ ਮਾਲ ਰਿਕਾਰਡ ’ਚ ਹਨ। ਪੰਜਾਬ ਸਰਕਾਰ ਹੁਣ ਤੱਕ 11.4 ਲੱਖ ਦਾ ਜੁਰਮਾਨਾ ਕਿਸਾਨਾਂ ਨੂੰ ਲਾ ਚੁੱਕੀ ਹੈ।

# ਸਵੀਪਰ ਯੂਨੀਅਨ ਨਗਰ ਨਿਗਮ ਪਟਿਆਲਾ ਵੱਲੋਂ ਭਗਵਾਨ ਵਾਲਮੀਕਿ ਮਹਾਰਾਜ ਜੀ ਦੇ ਪ੍ਰਗਟ ਦਿਵਸ ਦੀਆਂ ਵਧਾਈਆਂ

**ਪਟਿਆਲਾ, 26 ਅਕਤੂਬਰ**
**-ਜੀ. ਐਸ. ਤੁੰਗ-**

ਸਵੀਪਰ ਯੂਨੀਅਨ ਨਗਰ ਨਿਗਮ ਪਟਿਆਲਾ ਵੱਲੋਂ ਸ੍ਰਿਸ਼ਟੀਕਰਤਾ, ਕਰੁਣਾ ਸਾਗਰ ਭਗਵਾਨ ਵਾਲਮੀਕਿ ਮਹਾਰਾਜ ਜੀ ਦੇ ਪ੍ਰਗਟ ਦਿਵਸ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਯੂਨੀਅਨ ਦੇ ਪੰਜਾਬ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ ਅਤੇ ਨਗਰ ਨਿਗਮ ਪਟਿਆਲਾ ਦੇ ਪ੍ਰਧਾਨ ਬਾਬੂ ਰਾਮ (ਬੱਬੂ) ਨੇ ਭਗਵਾਨ ਵਾਲਮੀਕਿ ਮਹਾਰਾਜ ਜੀ ਦੇ ਪ੍ਰਗਟ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀਆਂ ਸਿੱਖਿਆਵਾਂ ਸਮਾਜ ਨੂੰ ਸੱਚਾਈ, ਦਇਆ, ਸਮਾਨਤਾ ਅਤੇ ਮਨੁੱਖਤਾ ਦੀ ਸੇਵਾ ਦਾ ਰਾਹ ਦਿਖਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਮਹਾਰਾਜ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਅਤੇ ਸਮਾਜ ਵਿੱਚ ਆਪਸੀ ਭਾਈਚਾਰਾ, ਸਦਭਾਵਨਾ ਤੇ ਸਤਿਕਾਰ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਸਾਡਾ ਸਾਂਝਾ ਫ਼ਰਜ਼ ਹੈ।

ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਇਸ ਪਵਿੱਤਰ ਦਿਹਾੜੇ ’ਤੇ ਭਗਵਾਨ ਵਾਲਮੀਕਿ ਮਹਾਰਾਜ ਜੀ ਦੇ ਦਰਸਾਏ ਮਾਰਗ ’ਤੇ ਚੱਲਣ ਅਤੇ ਸਮਾਜ ਦੀ ਭਲਾਈ ਲਈ ਯੋਗਦਾਨ ਪਾਉਣ ਦਾ ਸੰਕਲਪ ਲਿਆ ਜਾਵੇ।

# ਖੜਗੇ ਦੇ ‘ਮੋਦੀ ਦਾ ਬਾਪ ਵੀ ਜਾਵੇਗਾ’ ਬਿਆਨ ’ਤੇ ਵਿਵਾਦ

## ਬਿਹਾਰ ਦੇ ਮੁੱਖ ਮੰਤਰੀ ਨੇ ਮੁਆਫ਼ੀ ਮੰਗਣ ਲਈ ਕਿਹਾ; ਭਾਜਪਾ ਤੇ ਜੇ ਡੀ (ਯੂ) ਨੇ ਵੀ ਕੀਤੀ ਨਿਖੇਧੀ



**ਪਟਨਾ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਦੇ ‘ਮੋਦੀ ਦਾ ਬਾਪ ਵੀ ਜਾਵੇਗਾ’ ਬਿਆਨ ’ਤੇ ਵਿਵਾਦ ਖੜ੍ਹਾ ਹੋ ਗਿਆ ਹੈ। ਖੜਗੇ ਨੇ ਇਹ ਟਿੱਪਣੀ ਐਤਵਾਰ ਨੂੰ ਬਿਹਾਰ ਦੇ ਪਹਿਲੇ ਮੁੱਖ ਮੰਤਰੀ ਸ੍ਰੀਕ੍ਰਿਸ਼ਨ ਸਿੰਘ ਦੀ 139ਵੀਂ ਜਨਮ ਵਰ੍ਹੇਗੰਢ ਮੌਕੇ ਪਟਨਾ ਵਿੱਚ ਕਰਵਾਏ ਸਮਾਗਮ ਦੌਰਾਨ ਕੀਤੀ।

ਖੜਗੇ ਨੇ ਕਿਹਾ ਸੀ ਕਿ ਕਾਂਗਰਸ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ (ਐੱਸ ਆਈ ਆਰ) ਦੀ ਪ੍ਰਕਿਰਿਆ ਵਿੱਚ ਕਥਿਤ ਬੇਨਿਯਮੀਆਂ ਕਰਨ ਵਾਲਿਆਂ ਨੂੰ ਜੇਲ੍ਹ ਭੇਜੇਗੀ। ਇਸ ਦੌਰਾਨ ਹਾਜ਼ਰ ਲੋਕਾਂ ਵਿੱਚੋਂ ਇਕ ਵਿਅਕਤੀ ਨੇ ਆਵਾਜ਼ ਮਾਰੀ ਕਿ ਜਦੋਂ ਤੱਕ ਬਗ਼ਾਵਤ ਨਹੀਂ ਹੁੰਦੀ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਿਤੇ ਨਹੀਂ ਜਾਣ ਵਾਲੇ। ਇਸ ਦੇ ਜਵਾਬ ਵਿੱਚ ਖੜਗੇ ਨੇ ਕਿਹਾ, ਮੋਦੀ ਦਾ ਬਾਪ ਵੀ ਜਾਵੇਗਾ।

ਬਿਹਾਰ ਦੇ ਮੁੱਖ ਮੰਤਰੀ ਸਮਰਾਟ ਚੌਧਰੀ ਨੇ ਖੜਗੇ ਦੇ ਬਿਆਨ ਦੀ ਨਿਖੇਧੀ ਕਰਦਿਆਂ ਕਾਂਗਰਸ ਤੋਂ ਮੁਆਫ਼ੀ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੇ ਪਿਤਾ ਬਾਰੇ ਅਜਿਹੀ ਟਿੱਪਣੀ ਬੇਹੱਦ ਮੰਦਭਾਗੀ ਹੈ ਅਤੇ ਇਸ ਤੋਂ ਪ੍ਰਧਾਨ ਮੰਤਰੀ ਦੇ ਪਰਿਵਾਰ ਪ੍ਰਤੀ ਕਾਂਗਰਸ ਦੀ ਮਾੜੀ ਭਾਵਨਾ ਝਲਕਦੀ ਹੈ।

ਚੌਧਰੀ ਨੇ ਇਸ ਬਿਆਨ ਨੂੰ ਗ਼ਲਤ ਕਰਾਰ ਦਿੰਦਿਆਂ ਕਿਹਾ ਕਿ ਖੜਗੇ ਅਤੇ ਕਾਂਗਰਸੀ ਆਗੂ ਰਾਹੁਲ ਗਾਂਧੀ ਨੂੰ ਪ੍ਰਧਾਨ ਮੰਤਰੀ ਦੇ ਪਿਤਾ ਵਿਰੁੱਧ ਵਰਤੀ ਗਈ ਇਤਰਾਜ਼ਯੋਗ ਭਾਸ਼ਾ ਲਈ ਮੁਆਫ਼ੀ ਮੰਗਣੀ ਚਾਹੀਦੀ ਹੈ।

ਬਿਹਾਰ ਭਾਜਪਾ ਦੇ ਪ੍ਰਧਾਨ ਸੰਜੈ ਸਰੋਗੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਵਿਰੁੱਧ ਅਜਿਹੀ ਭਾਸ਼ਾ ਵਰਤਣਾ ਲੋਕਾਂ ਦੇ ਫ਼ਤਵੇ ਦਾ ਨਿਰਾਦਰ ਹੈ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਨਿੱਜੀ ਹਮਲਿਆਂ ਰਾਹੀਂ ਸਿਆਸੀ ਮਰਿਆਦਾ ਨੂੰ ਢਾਹ ਲਾ ਰਹੀ ਹੈ। ਉਨ੍ਹਾਂ ਕਿਹਾ ਕਿ ਆਗੂਆਂ ਨੂੰ ਸਿਆਸੀ ਮਤਭੇਦਾਂ ਦੇ ਬਾਵਜੂਦ ਆਪਣੀ ਭਾਸ਼ਾ ਵਿੱਚ ਮਰਿਆਦਾ ਕਾਇਮ ਰੱਖਣੀ ਚਾਹੀਦੀ ਹੈ।

ਜਨਤਾ ਦਲ (ਯੂਨਾਈਟਿਡ) ਦੇ ਕੌਮੀ ਬੁਲਾਰੇ ਰਾਜੀਵ ਰੰਜਨ ਪ੍ਰਸਾਦ ਨੇ ਵੀ ਖੜਗੇ ਦੇ ਬਿਆਨ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾਂ ਬਿਹਾਰ ਦੀਆਂ ਚੋਣਾਂ ਅਤੇ ਵੋਟਰ ਸੂਚੀਆਂ ਦੀ ਸੁਧਾਈ ਬਾਰੇ ਕਾਂਗਰਸ ਦੇ ਦੋਸ਼ਾਂ ਨੂੰ ਰੱਦ ਕਰਦਿਆਂ ਕਿਹਾ ਕਿ ਚੋਣਾਂ ਪੂਰੀ ਇਮਾਨਦਾਰੀ, ਨਿਰਪੱਖਤਾ ਅਤੇ ਪਾਰਦਰਸ਼ਤਾ ਨਾਲ ਕਰਵਾਈਆਂ ਗਈਆਂ ਸਨ।

ਉਨ੍ਹਾਂ ਦਾਅਵਾ ਕੀਤਾ ਕਿ ਲੋਕਾਂ ਨੇ ਕਾਂਗਰਸ ਨੂੰ ਸਿਰਫ਼ ਛੇ ਸੀਟਾਂ ਤੱਕ ਸੀਮਤ ਕਰ ਦਿੱਤਾ ਹੈ।

# ਰਾਹੁਲ ਗਾਂਧੀ 4 ਨਵੰਬਰ ਨੂੰ ਆਉਣਗੇ ਪੰਜਾਬ

## ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹੋਵੇਗਾ ਦੌਰਾ; ਪਰਗਟ ਸਿੰਘ ਨੇ ਆਗੂਆਂ ਤੇ ਵਰਕਰਾਂ ਨੂੰ ‘ਮਿਸ਼ਨ 2027’ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ

**ਚੰਡੀਗੜ੍ਹ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਕਿਹਾ ਹੈ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਅਤੇ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ 4 ਨਵੰਬਰ ਨੂੰ ਸੰਗਰੂਰ ਜ਼ਿਲ੍ਹੇ ਦਾ ਦੌਰਾ ਕਰਨਗੇ। ਪੰਜਾਬ ਵਿਧਾਨ ਸਭਾ ਦੀਆਂ 2027 ਵਿੱਚ ਹੋਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਇਹ ਦੌਰਾ ਕਾਂਗਰਸ ਲਈ ਅਹਿਮ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਦੌਰੇ ਨਾਲ ਮਾਲਵਾ ਦੇ ਕੇਂਦਰ ਤੋਂ ਪਾਰਟੀ ਦੀ ਚੋਣ ਮੁਹਿੰਮ ਨੂੰ ਨਵੀਂ ਦਿਸ਼ਾ ਅਤੇ ਰਫ਼ਤਾਰ ਮਿਲੇਗੀ। ਇਸ ਦੇ ਨਾਲ ਹੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੂੰ ‘ਮਿਸ਼ਨ 2027’ ਲਈ ਪੂਰੀ ਤਰ੍ਹਾਂ ਤਿਆਰ ਰਹਿਣ ਦਾ ਸਪਸ਼ਟ ਸੁਨੇਹਾ ਵੀ ਮਿਲੇਗਾ।



ਪਰਗਟ ਸਿੰਘ ਨੇ ਕਿਹਾ ਕਿ ਪੰਜਾਬ ਦੀ ਸਿਆਸਤ ਵਿੱਚ ਮਾਲਵਾ ਖੇਤਰ ਦੀ ਅਹਿਮ ਭੂਮਿਕਾ ਹੈ ਅਤੇ ਇੱਥੋਂ ਦੀਆਂ ਵਿਧਾਨ ਸਭਾ ਸੀਟਾਂ ਚੋਣ ਨਤੀਜਿਆਂ ਨੂੰ ਪ੍ਰਭਾਵਿਤ ਕਰਦੀਆਂ ਹਨ। ਸੰਗਰੂਰ ਤੋਂ ਚੋਣ ਮੁਹਿੰਮ ਨੂੰ ਅੱਗੇ ਵਧਾਉਣਾ ਪੰਜਾਬ ਕਾਂਗਰਸ ਦੀ ਰਣਨੀਤੀ ਦਾ ਅਹਿਮ ਹਿੱਸਾ ਹੋਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਦਾ ਟੀਚਾ ਲੋਕਾਂ ਨਾਲ ਜ਼ਮੀਨੀ ਪੱਧਰ ’ਤੇ ਸੰਪਰਕ ਮਜ਼ਬੂਤ ਕਰਨਾ ਅਤੇ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣਾ ਹੈ।

ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਕਿਹਾ ਕਿ 2027 ਦੀਆਂ ਚੋਣਾਂ ਤੋਂ ਪਹਿਲਾਂ ਪਾਰਟੀ ਨੂੰ ਮਜ਼ਬੂਤ ਕਰਨਾ, ਵਰਕਰਾਂ ਨੂੰ ਲਾਮਬੰਦ ਕਰਨਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਲਗਾਤਾਰ ਉਠਾਉਣਾ ਮੁੱਖ ਤਰਜੀਹਾਂ ਹੋਣਗੀਆਂ। ਉਨ੍ਹਾਂ ਮੁਤਾਬਕ ਰਾਹੁਲ ਗਾਂਧੀ ਦਾ ਦੌਰਾ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੂੰ ਇਕਜੁੱਟ ਹੋ ਕੇ ਚੋਣਾਂ ਦੀਆਂ ਤਿਆਰੀਆਂ ਤੇਜ਼ ਕਰਨ ਲਈ ਉਤਸ਼ਾਹਿਤ ਕਰੇਗਾ।

ਪਰਗਟ ਸਿੰਘ ਨੇ ਕਿਹਾ ਕਿ ‘ਮਿਸ਼ਨ 2027’ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਕਾਂਗਰਸ ਆਪਣੀਆਂ ਸਿਆਸੀ ਅਤੇ ਜਥੇਬੰਦਕ ਸਰਗਰਮੀਆਂ ਤੇਜ਼ ਕਰੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦੀ ਚੋਣ ਮੁਹਿੰਮ ਵਿੱਚ ਲੋਕਾਂ ਦੇ ਮੁੱਦਿਆਂ ਨੂੰ ਕੇਂਦਰ ਵਿੱਚ ਰੱਖਿਆ ਜਾਵੇਗਾ ਅਤੇ ਸੂਬੇ ਭਰ ਵਿੱਚ ਵਰਕਰਾਂ ਨਾਲ ਤਾਲਮੇਲ ਹੋਰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਮੁਤਾਬਕ 4 ਨਵੰਬਰ ਨੂੰ ਸੰਗਰੂਰ ਵਿੱਚ ਹੋਣ ਵਾਲਾ ਪ੍ਰੋਗਰਾਮ ਇਸ ਦਿਸ਼ਾ ਵਿੱਚ ਅਹਿਮ ਕਦਮ ਹੋਵੇਗਾ।

# ਤ੍ਰਿਪੜੀ ਵਿਖੇ ਸ਼ੋਭਾ ਯਾਤਰਾਵਾਂ ’ਚ ਮੋਹਿਤ ਮੋਹਿੰਦਰਾ ਨੇ ਵਿਸ਼ੇਸ਼ ਤੌਰ ’ਤੇ ਕੀਤੀ ਸ਼ਿਰਕਤ; ਲਿਆ ਆਸ਼ੀਰਵਾਦ



**ਪਟਿਆਲਾ, 26 ਅਕਤੂਬਰ/ਰਾਕੇਸ਼ ਠਾਕੁਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਪਟਿਆਲਾ ਦਿਹਾਤੀ ਅਧੀਨ ਪੈਂਦੇ ਮੁੱਖ ਬਾਜ਼ਾਰ ਤ੍ਰਿਪੜੀ ਵਿਖੇ ਭਗਵਾਨ ਵਾਲਮੀਕਿ ਜੀ ਦੇ ਪਾਵਨ ਪ੍ਰਗਟ ਦਿਵਸ ਨੂੰ ਸਮਰਪਿਤ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਵਿਸ਼ਾਲ ਸ਼ੋਭਾ ਯਾਤਰਾਵਾਂ ਬੜੀ ਸ਼ਰਧਾ, ਧੂਮਧਾਮ ਅਤੇ ਉਤਸ਼ਾਹ ਨਾਲ ਸਜਾਈਆਂ ਗਈਆਂ। ਇਸ ਪਵਿੱਤਰ ਮੌਕੇ ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਹਲਕਾ ਇੰਚਾਰਜ ਸ਼੍ਰੀ ਮੋਹਿਤ ਮੋਹਿੰਦਰਾ ਨੇ ਵਿਸ਼ੇਸ਼ ਤੌਰ ’ਤੇ ਪਹੁੰਚ ਕੇ ਸ਼ਿਰਕਤ ਕੀਤੀ ਅਤੇ ਨਤਮਸਤਕ ਹੋ ਕੇ ਭਗਵਾਨ ਵਾਲਮੀਕਿ ਜੀ ਦਾ ਆਸ਼ੀਰਵਾਦ ਲਿਆ। ਇਸ ਦੌਰਾਨ ਸਮੂਹ ਪ੍ਰਬੰਧਕ ਕਮੇਟੀਆਂ ਅਤੇ ਸ਼ਹਿਰ ਵਾਸੀਆਂ ਵੱਲੋਂ ਮੋਹਿਤ ਮੋਹਿੰਦਰਾ ਦਾ ਨਿੱਘਾ ਤੇ ਭਰਵਾਂ ਸਵਾਗਤ ਕੀਤਾ ਗਿਆ। ਇਹ ਸ਼ੋਭਾ ਯਾਤਰਾ ਵੱਖ-ਵੱਖ ਪ੍ਰਮੁੱਖ ਜਥੇਬੰਦੀਆਂ ਵੱਲੋਂ ਸਜਾਈਆਂ ਗਈਆਂ, ਜਿਨ੍ਹਾਂ ਵਿੱਚ ਵੈਦਿਕ ਬ੍ਰਾਹਮਣ ਮਹਾਸਭਾ (ਪਟਿਆਲਾ), ਵਾਲਮੀਕੀ ਨੌਜਵਾਨ ਸਭਾ (ਰਤਨ ਨਗਰ, ਬਲਾਕ-ਐੱਫ, ਤ੍ਰਿਪੜੀ), ਡਾ. ਬੀ. ਆਰ. ਅੰਬੇਡਕਰ ਵੈੱਲਫੇਅਰ ਸੋਸਾਇਟੀ (ਪਟਿਆਲਾ) ਅਤੇ ਸ਼੍ਰੀ ਗੁਰੂ ਰਵਿਦਾਸ ਕਲੱਬ (ਤ੍ਰਿਪੜੀ ਸੈਦਾਂ) ਵੱਲੋਂ ਕਰਵਾਏ ਸਮਾਗਮ ਸ਼ਾਮਲ ਸਨ।



# ਹਰਿਆਣਾ ਖ਼ਬਰਨਾਮਾ



## ਜਦੋਂ ਹਰ ਨਾਗਰਿਕ ਕਹੇਗਾ ਕਿ ਦੇਸ਼ ਲਈ ਮੇਰਾ ਵੀ ਯੋਗਦਾਨ ਹੈ, ਉਦੋਂ ਭਾਰਤ ਦੀ ਤਰੱਕੀ ਨੂੰ ਕੋਈ ਨਹੀਂ ਰੋਕ ਸਕਦਾ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਅਧਿਕਾਰਾਂ ਦੀ ਚਰਚਾ ਤਾਂ ਬਹੁਤ ਹੁੰਦੀ ਹੈ, ਪਰ ਫਰਜ਼ਾਂ ਅਤੇ ਜ਼ਿੰਮੇਵਾਰੀਆਂ 'ਤੇ ਅਨੁਪਾਤਕ ਤੌਰ 'ਤੇ ਘੱਟ ਚਰਚਾ ਹੁੰਦੀ ਹੈ। ਸਾਨੂੰ ਇਹ ਸਮਝਣ ਦੀ ਲੋੜ ਹੈ ਕਿ ਸਾਡੇ ਅਧਿਕਾਰ ਕੀ ਹਨ, ਸਾਡੀ ਜ਼ਿੰਮੇਵਾਰੀ ਕੀ ਹੈ ਅਤੇ ਇੱਕ ਨਾਗਰਿਕ ਵਜੋਂ ਸਾਡਾ ਕੀ ਫਰਜ਼ ਹੈ। ਉਨ੍ਹਾਂ ਕਿਹਾ ਕਿ 'ਹਮ ਭਾਰਤ ਕੇ ਲੋਗ, ਹਮਾਰਾ ਦਾਇਤਵ' ਵਰਗੇ ਮਹੱਤਵਪੂਰਨ ਵਿਸ਼ੇ 'ਤੇ ਵਿਚਾਰ-ਵਟਾਂਦਰੇ ਲਈ ਇਕੱਠੇ ਹੋਣਾ ਆਪਣੇ ਆਪ ਵਿੱਚ ਇੱਕ ਸਾਰਥਕ ਪਹਿਲਕਦਮੀ ਹੈ। ਅਜਿਹੇ ਆਯੋਜਨਾਂ ਵਿੱਚ ਹੋਣ ਵਾਲੀ ਚਰਚਾ ਤੋਂ ਨਿਕਲਣ ਵਾਲੇ ਵਿਚਾਰਾਂ ਦਾ ਲਾਭ ਆਉਣ ਵਾਲੀਆਂ ਪੀੜ੍ਹੀਆਂ ਨੂੰ ਮਿਲਦਾ ਹੈ ਅਤੇ ਉਨ੍ਹਾਂ ਨੂੰ ਦੇਸ਼ ਅਤੇ ਰਾਸ਼ਟਰ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਦੀ ਦਿਸ਼ਾ ਮਿਲਦੀ ਹੈ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਚੰਡੀਗੜ੍ਹ ਵਿੱਚ ਪੰਚਨਦ ਰਿਸਰਚ ਇੰਸਟੀਚਿਊਟ (ਪੰਚਨਦ ਸ਼ੋਧ ਸੰਸਥਾਨ) ਵੱਲੋਂ ਆਯੋਜਿਤ 33ਵੇਂ ਸਲਾਨਾ ਲੈਕਚਰ ਪੂਰਵ-ਲੋਕਮੰਥਨ ਪ੍ਰੋਗਰਾਮ ਵਿੱਚ ਸੰਬੋਧਨ ਕਰ ਰਹੇ ਸਨ। ਪ੍ਰੋਗਰਾਮ ਦਾ ਵਿਸ਼ਾ 'ਹਮ ਭਾਰਤ ਕੇ ਲੋਗ, ਹਮਾਰਾ ਦਾਇਤਵ' ਸੀ। ਮੁੱਖ ਮੰਤਰੀ ਨੇ ਪ੍ਰੋਗਰਾਮ ਦੌਰਾਨ ਪੰਚਨਦ ਰਿਸਰਚ ਇੰਸਟੀਚਿਊਟ ਨੂੰ 11 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ। ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸੰਵਿਧਾਨ ਵਿੱਚ ਮੌਲਿਕ ਫਰਜ਼ਾਂ ਨੂੰ ਸ਼ਾਮਲ ਕੀਤਾ ਗਿਆ ਸੀ, ਪਰ ਲੰਬੇ ਸਮੇਂ ਤੱਕ ਅਧਿਕਾਰਾਂ 'ਤੇ ਵੱਧ ਅਤੇ ਫਰਜ਼ਾਂ 'ਤੇ ਘੱਟ ਚਰਚਾ ਹੁੰਦੀ ਰਹੀ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਇਸ ਪ੍ਰੋਗਰਾਮ ਵਿੱਚ ਬੁਲਾਰਿਆਂ ਵੱਲੋਂ ਰੱਖੇ ਜਾਣ ਵਾਲੇ ਵਿਚਾਰ ਆਉਣ ਵਾਲੀਆਂ ਪੀੜ੍ਹੀਆਂ ਲਈ ਚਾਨਣ ਮੁਨਾਰੇ ਵਜੋਂ ਕੰਮ ਕਰਨਗੇ ਅਤੇ ਦੇਸ਼ ਵਾਸੀਆਂ ਨੂੰ ਰਾਸ਼ਟਰ ਪ੍ਰਤੀ ਆਪਣੇ ਫਰਜ਼ਾਂ ਦਾ ਰਾਹ ਦਿਖਾਉਣਗੇ। ਉਨ੍ਹਾਂ ਕਿਹਾ ਕਿ ਸਾਡੇ ਸੰਵਿਧਾਨ ਦੀ ਪ੍ਰਸਤਾਵਨਾ ਦੇ ਪਹਿਲੇ ਸ਼ਬਦ ਹਨ- 'ਅਸੀਂ, ਭਾਰਤ ਦੇ ਲੋਕ।' ਇਹ ਸ਼ਬਦ ਸਾਨੂੰ ਦੱਸਦੇ ਹਨ ਕਿ ਭਾਰਤ ਦੀ ਲੋਕਤੰਤਰੀ ਵਿਵਸਥਾ ਦਾ ਆਧਾਰ ਜਨਤਾ ਹੈ। ਸੰਵਿਧਾਨ ਸਾਨੂੰ ਅਧਿਕਾਰ ਦਿੰਦਾ ਹੈ, ਸਾਡੀ ਆਜ਼ਾਦੀ ਅਤੇ ਗੌਰਵ ਦੀ ਰੱਖਿਆ ਕਰਦਾ ਹੈ। ਨਾਲ ਹੀ, ਉਹ ਸਾਡੇ ਤੋਂ ਇਹ ਉਮੀਦ ਵੀ ਕਰਦਾ ਹੈ ਕਿ ਅਸੀਂ ਦੇਸ਼, ਸਮਾਜ ਅਤੇ ਇੱਕ-ਦੂਜੇ ਪ੍ਰਤੀ ਆਪਣੀ ਜ਼ਿੰਮੇਵਾਰੀ ਪੂਰੀ ਨਿਸ਼ਠਾ ਨਾਲ ਨਿਭਾਈਏ। ਅਧਿਕਾਰ ਸਾਨੂੰ ਸ਼ਕਤੀਸ਼ਾਲੀ ਬਣਾਉਂਦੇ ਹਨ ਅਤੇ ਜ਼ਿੰਮੇਵਾਰੀ ਉਸ ਸ਼ਕਤੀ ਨੂੰ ਸਹੀ ਦਿਸ਼ਾ ਦਿੰਦੀ ਹੈ। ਜਦੋਂ ਅਧਿਕਾਰ ਅਤੇ ਫਰਜ਼ ਨਾਲ-ਨਾਲ ਚੱਲਦੇ ਹਨ, ਉਦੋਂ ਹੀ ਲੋਕਤੰਤਰ ਮਜ਼ਬੂਤ ਹੁੰਦਾ ਹੈ।

ਉਨ੍ਹਾਂ ਕਿਹਾ ਕਿ ਸੰਵਿਧਾਨ ਦੀ ਧਾਰਾ 511 ਵਿੱਚ ਨਾਗਰਿਕਾਂ ਦੇ ਮੂਲ ਫਰਜ਼ਾਂ ਦਾ ਜ਼ਿਕਰ ਹੈ। ਇਸ ਵਿੱਚ ਸੰਵਿਧਾਨ ਅਤੇ ਇਸ ਦੇ ਆਦਰਸ਼ਾਂ ਦਾ ਸਤਿਕਾਰ ਕਰਨਾ, ਆਜ਼ਾਦੀ ਸੰਗਰਾਮ ਦੇ ਮੁੱਲਾਂ ਨੂੰ ਸੰਭਾਲਣਾ, ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰੱਖਿਆ ਕਰਨਾ, ਸਮਾਜਿਕ ਸਦਭਾਵਨਾ ਨੂੰ ਵਧਾਉਣਾ, ਔਰਤਾਂ ਦੇ ਸਨਮਾਨ ਦੀ ਰੱਖਿਆ ਕਰਨਾ, ਸਾਡੀ ਸਾਂਝੀ ਸੱਭਿਆਚਾਰਕ ਵਿਰਾਸਤ ਅਤੇ ਕੁਦਰਤ ਦੀ ਰੱਖਿਆ ਕਰਨਾ ਸ਼ਾਮਲ ਹੈ। ਇਹ ਗੱਲਾਂ ਸਾਡੇ ਸਮਾਜ ਨੂੰ ਜੋੜਨ ਅਤੇ ਦੇਸ਼ ਨੂੰ ਅੱਗੇ ਲੈ ਕੇ ਜਾਣ ਦੇ ਜੀਵਨ-ਮੁੱਲ ਹਨ।

ਉਨ੍ਹਾਂ ਕਿਹਾ ਕਿ ਜ਼ਿੰਮੇਵਾਰੀ ਦਾ ਪਹਿਲਾ ਰੂਪ ਹੈ- ਸੰਵਿਧਾਨ ਅਤੇ ਸੰਸਥਾਵਾਂ ਦਾ ਸਤਿਕਾਰ ਕਰਨਾ। ਸਾਡਾ ਲੋਕਤੰਤਰ ਵੱਖ-ਵੱਖ ਵਿਚਾਰਾਂ, ਅਨੇਕਾਂ ਭਾਸ਼ਾਵਾਂ, ਵੱਖ-ਵੱਖ ਪਰੰਪਰਾਵਾਂ ਅਤੇ ਅਨੇਕਾਂ ਭਾਈਚਾਰਿਆਂ ਨੂੰ ਨਾਲ ਲੈ ਕੇ ਚੱਲਦਾ ਹੈ। ਅਸਹਿਮਤੀ ਲੋਕਤੰਤਰ ਦਾ ਕੁਦਰਤੀ ਹਿੱਸਾ ਹੈ। ਪਰ, ਅਸਹਿਮਤੀ ਦੇ ਵਿਚਕਾਰ ਵੀ ਸੰਵਾਦ, ਮਰਿਆਦਾ ਅਤੇ ਕਾਨੂੰਨ ਪ੍ਰਤੀ ਸਤਿਕਾਰ ਬਣਿਆ ਰਹਿਣਾ ਚਾਹੀਦਾ ਹੈ। ਸਾਡੇ ਵਿਚਾਰ ਵੱਖਰੇ ਹੋ ਸਕਦੇ ਹਨ, ਪਰ ਰਾਸ਼ਟਰੀ ਹਿੱਤ ਵਿੱਚ ਸਾਡਾ ਸੰਕਲਪ ਇੱਕ ਹੋਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਅਗਲੀ ਜ਼ਿੰਮੇਵਾਰੀ ਸਮਾਜ ਵਿੱਚ ਭਾਈਚਾਰੇ ਅਤੇ ਸਤਿਕਾਰ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੋਣੀ ਚਾਹੀਦੀ ਹੈ। ਕੋਈ ਵੀ ਵਿਅਕਤੀ ਭਾਸ਼ਾ, ਜਾਤ, ਧਰਮ, ਖੇਤਰ ਜਾਂ ਆਰਥਿਕ ਸਥਿਤੀ ਦੇ ਆਧਾਰ 'ਤੇ ਛੋਟਾ ਜਾਂ ਵੱਡਾ ਨਹੀਂ ਹੁੰਦਾ। ਸਾਡੇ ਦੇਸ਼ ਦੀ ਵੰਨ-ਸੁਵੰਨਤਾ ਸਾਡੀ ਪਛਾਣ ਹੈ। ਇਸ ਲਈ, ਜਦੋਂ ਵੀ ਅਸੀਂ ਕਿਸੇ ਵੀ ਧਰਮ, ਜਾਤ, ਖੇਤਰ ਜਾਂ ਭਾਸ਼ਾ ਦੇ ਵਿਅਕਤੀ ਨੂੰ ਮਿਲੀਏ ਤਾਂ ਸਭ ਤੋਂ ਪਹਿਲਾਂ ਸਾਡੇ ਅੰਦਰ ਇਹੋ ਭਾਵਨਾ ਆਉਣੀ ਚਾਹੀਦੀ ਹੈ ਕਿ ਉਹ ਭਾਰਤੀ ਹੈ ਅਤੇ ਮੇਰਾ ਹੀ ਭੈਣ-ਭਰਾ ਹੈ। ਇਹ ਭਾਵਨਾ ਜਦੋਂ ਸਾਰੇ ਨਾਗਰਿਕਾਂ ਵਿੱਚ ਆ ਜਾਵੇਗੀ ਤਾਂ ਭਾਰਤ ਇੱਕ ਬਹੁਤ ਵੱਡੀ ਤਾਕਤ ਬਣ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਭਾਵਨਾ ਆਉਂਦਿਆਂ ਹੀ ਕਈ ਖਾਮੀਆਂ ਆਪਣੇ ਆਪ ਖਤਮ ਹੋ ਜਾਣਗੀਆਂ। ਤਦ ਸਮਾਜ ਵਿੱਚ ਹਰ ਧੀ ਨੂੰ ਸਤਿਕਾਰ ਅਤੇ ਸੁਰੱਖਿਆ ਮਿਲੇਗੀ, ਬਜ਼ੁਰਗਾਂ ਨੂੰ ਆਦਰ ਮਿਲੇਗਾ, ਵਾਂਝੇ ਵਿਅਕਤੀ ਨੂੰ ਮੌਕੇ ਮਿਲਣਗੇ ਅਤੇ ਹਰ ਨਾਗਰਿਕ ਨੂੰ ਇਹ ਭਰੋਸਾ ਹੋਵੇਗਾ ਕਿ ਇਹ ਮੇਰਾ ਦੇਸ਼ ਹੈ ਅਤੇ ਮੈਂ ਇਸ ਦੇਸ਼ ਦਾ ਬਰਾਬਰ ਦਾ ਭਾਈਵਾਲ ਹਾਂ।

**ਪ੍ਰਧਾਨ ਮੰਤਰੀ ਨੇ ਵਿਕਸਿਤ ਭਾਰਤ ਦੀ ਯਾਤਰਾ ਵਿੱਚ ਭਾਗੀਦਾਰੀ ਦਾ ਕੀਤਾ ਸੱਦਾ**

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਵਿਕਸਿਤ ਭਾਰਤ ਦੀ ਯਾਤਰਾ ਵਿੱਚ ਨੌਜਵਾਨਾਂ, ਯੂਨੀਵਰਸਿਟੀਆਂ ਅਤੇ ਸੰਸਥਾਵਾਂ ਨੂੰ ਭਾਗ ਲੈਣ ਦਾ ਸੱਦਾ ਦਿੱਤਾ ਹੈ। ਪ੍ਰਧਾਨ ਮੰਤਰੀ ਦੇ 140 ਕਰੋੜ ਦੇਸ਼ ਵਾਸੀਆਂ ਦੀ ਸਾਂਝੀ ਭਾਗੀਦਾਰੀ ਦੇ ਸੰਕਲਪ ਦਾ ਸੁਨੇਹਾ ਹੈ ਕਿ ਦੇਸ਼ ਦੀ ਤਰੱਕੀ ਵਿੱਚ ਹਰੇਕ ਨਾਗਰਿਕ ਦੀ ਭੂਮਿਕਾ ਮਹੱਤਵਪੂਰਨ ਹੈ। ਇਸ ਸਾਂਝੇ ਸੰਕਲਪ ਵਿੱਚ ਹਰਿਆਣਾ ਵੀ ਇੱਕ ਮਹੱਤਵਪੂਰਨ ਭਾਈਵਾਲ ਹੈ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜਦੋਂ ਹਰ ਨਾਗਰਿਕ ਇਹ ਕਹੇਗਾ ਕਿ ਦੇਸ਼ ਲਈ ਮੇਰਾ ਵੀ ਯੋਗਦਾਨ ਹੈ, ਉਦੋਂ ਭਾਰਤ ਦੀ ਤਰੱਕੀ ਨੂੰ ਕੋਈ ਨਹੀਂ ਰੋਕ ਸਕਦਾ। ਉਨ੍ਹਾਂ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਧਿਕਾਰਾਂ ਪ੍ਰਤੀ ਸੁਚੇਤ ਰਹਿਣ ਦੇ ਨਾਲ-ਨਾਲ ਆਪਣੇ ਫਰਜ਼ਾਂ ਨੂੰ ਵੀ ਪੂਰੀ ਨਿਸ਼ਠਾ ਨਾਲ ਨਿਭਾਉਣ ਅਤੇ ਰਾਸ਼ਟਰ ਨਿਰਮਾਣ ਵਿੱਚ ਆਪਣੀ ਭੂਮਿਕਾ ਯਕੀਨੀ ਬਣਾਉਣ।

**ਹਰਿਆਣਾ ਦੇ ਜਵਾਨਾਂ, ਕਿਸਾਨਾਂ ਅਤੇ ਖਿਡਾਰੀਆਂ ਦਾ ਯੋਗਦਾਨ**

ਮੁੱਖ ਮੰਤਰੀ ਨੇ ਇਸ ਦੌਰਾਨ ਹਰਿਆਣਾ ਦੇ ਜਵਾਨਾਂ, ਕਿਸਾਨਾਂ ਅਤੇ ਖਿਡਾਰੀਆਂ ਦੇ ਯੋਗਦਾਨ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਦੇ ਜਵਾਨ ਦੇਸ਼ ਦੀ ਰੱਖਿਆ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਕਿਸਾਨ ਦੇਸ਼ ਦੇ ਅੰਨ ਭੰਡਾਰ ਨੂੰ ਭਰਨ ਵਿੱਚ ਯੋਗਦਾਨ ਪਾਉਂਦੇ ਹਨ ਅਤੇ ਖਿਡਾਰੀ ਆਪਣੀਆਂ ਪ੍ਰਾਪਤੀਆਂ ਨਾਲ ਦੇਸ਼ ਦਾ ਨਾਂ ਰੋਸ਼ਨ ਕਰਦੇ ਹਨ। ਉਨ੍ਹਾਂ ਸੂਬੇ ਵਿੱਚ ਉਦਯੋਗ ਸਮੇਤ ਵੱਖ-ਵੱਖ ਖੇਤਰਾਂ ਵਿੱਚ ਹੋ ਰਹੀ ਤਰੱਕੀ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਇਸ ਦੌਰਾਨ ਹਰਿਆਣਾ ਸਰਕਾਰ ਦੇ ਯਤਨਾਂ ਨਾਲ ਹੋਏ ਬਦਲਾਅ ਅਤੇ ਵਿਕਾਸ ਦਾ ਵੇਰਵਾ ਵੀ ਰੱਖਿਆ। ਮੁੱਖ ਮੰਤਰੀ ਨੇ ਅਗਨੀਵੀਰਾਂ ਦੇ ਸਬੰਧ ਵਿੱਚ ਹਰਿਆਣਾ ਸਰਕਾਰ ਵੱਲੋਂ ਕੀਤੀ ਗਈ ਰੋਜ਼ਗਾਰ ਦੀ ਵਿਵਸਥਾ ਦਾ ਜ਼ਿਕਰ ਕੀਤਾ। ਉਨ੍ਹਾਂ ਅਗਨੀਵੀਰਾਂ ਨੂੰ ਸੂਬੇ ਦੀਆਂ ਸਰਕਾਰੀ ਨੌਕਰੀਆਂ ਵਿੱਚ ਮੌਕੇ ਦੇਣ ਦੀ ਵਿਵਸਥਾ ਦੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਜਿਵੇਂ ਹੀ ਅਗਨੀਵੀਰਾਂ ਦਾ ਪਹਿਲਾ ਗਰੁੱਪ ਆਵੇਗਾ, ਤਾਂ ਉਨ੍ਹਾਂ ਨੂੰ ਜੁਆਇਨਿੰਗ ਲੈਟਰ ਦਿੱਤੇ ਜਾਣ। ਮੁੱਖ ਮੰਤਰੀ ਨੇ ਹਰਿਆਣਾ ਸਰਕਾਰ ਵੱਲੋਂ ਕੁਦਰਤੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਲਾਗੂ ਕੀਤੀ ਗਈ ਯੋਜਨਾ ਦੀ ਵੀ ਜਾਣਕਾਰੀ ਦਿੱਤੀ।

**'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਦਾ ਕੀਤਾ ਜ਼ਿਕਰ**

ਮੁੱਖ ਮੰਤਰੀ ਨੇ 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਦਾ ਜ਼ਿਕਰ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਹਰਿਆਣਾ ਤੋਂ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ। ਉਸ ਮੁਹਿੰਮ ਨੇ ਇੱਕ ਨਵੀਂ ਦਿਸ਼ਾ ਦੇਣ ਦਾ ਕੰਮ ਕੀਤਾ ਹੈ। ਉਨ੍ਹਾਂ ਇਸ ਦੌਰਾਨ ਧੀਆਂ ਦੀ ਸਿੱਖਿਆ, ਸਤਿਕਾਰ ਅਤੇ ਤਰੱਕੀ ਦੇ ਮਹੱਤਵ 'ਤੇ ਗੱਲ ਰੱਖੀ। ਧੀਆਂ ਨੂੰ ਅੱਗੇ ਵਧਣ ਦੇ ਮੌਕੇ ਦੇਣਾ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਉਤਸ਼ਾਹਿਤ ਕਰਨਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ। ਅੱਜ ਧੀਆਂ ਰੱਖਿਆ, ਖੇਡਾਂ ਅਤੇ ਹੋਰ ਖੇਤਰਾਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਰਹੀਆਂ ਹਨ।

**ਨਾਗਰਿਕ ਫਰਜ਼ਾਂ ਨਾਲ ਮਜ਼ਬੂਤ ਹੋਵੇਗਾ ਸਮਾਜ ਅਤੇ ਰਾਸ਼ਟਰ**

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਵਿਕਸਿਤ ਭਾਰਤ ਦੀ ਯਾਤਰਾ ਵਿੱਚ ਵਿਸ਼ੇਸ਼ ਤੌਰ 'ਤੇ ਨੌਜਵਾਨਾਂ, ਯੂਨੀਵਰਸਿਟੀਆਂ ਅਤੇ ਸੰਸਥਾਵਾਂ ਨੂੰ ਭਾਗ ਲੈਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਨੇ ਪਾਣੀ ਬਚਾਉਣ, ਬਿਜਲੀ ਦੀ ਖਪਤ ਘਟਾਉਣ, ਸਫ਼ਾਈ, ਹੁਨਰ ਅਤੇ ਨਾਗਰਿਕ ਭਾਵਨਾ ਨੂੰ ਵੀ ਵਿਕਸਿਤ ਭਾਰਤ ਦੇ ਯਤਨਾਂ ਨਾਲ ਜੋੜਿਆ ਹੈ। ਉਨ੍ਹਾਂ ਦਾ ਸੁਨੇਹਾ ਹੈ ਕਿ ਜਦੋਂ ਨਾਗਰਿਕ ਆਪਣੀ-ਆਪਣੀ ਭੂਮਿਕਾ ਵਿੱਚ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹਨ, ਉਦੋਂ ਹੀ ਦੇਸ਼ ਅੱਗੇ ਵਧਦਾ ਹੈ। ਇਹੋ 'ਸਭ ਕਾ ਪ੍ਰਯਾਸ' ਉਨ੍ਹਾਂ ਦੇ ਵਿਕਸਿਤ ਭਾਰਤ ਦੇ ਸੰਕਲਪ ਦਾ ਮੂਲ ਆਧਾਰ ਹੈ।

ਉਨ੍ਹਾਂ ਡਿਜੀਟਲ ਮਾਧਿਅਮਾਂ 'ਤੇ ਸਾਂਝੀ ਕੀਤੀ ਜਾਣ ਵਾਲੀ ਜਾਣਕਾਰੀ ਪ੍ਰਤੀ ਵੀ ਜ਼ਿੰਮੇਵਾਰੀ ਵਰਤਣ ਦੀ ਲੋੜ 'ਤੇ ਜ਼ੋਰ ਦਿੱਤਾ। ਕਿਸੇ ਵੀ ਜਾਣਕਾਰੀ ਨੂੰ ਅੱਗੇ ਭੇਜਣ ਤੋਂ ਪਹਿਲਾਂ ਉਸ ਦੀ ਸੱਚਾਈ ਦੀ ਜਾਂਚ ਕਰਨਾ ਜ਼ਰੂਰੀ ਹੈ, ਤਾਂ ਜੋ ਅਣਪੁਸ਼ਟ ਜਾਣਕਾਰੀ ਨਾਲ ਭੁਲੇਖਾ ਨਾ ਫੈਲੇ। ਮੁੱਖ ਮੰਤਰੀ ਨੇ ਕਿਹਾ ਕਿ ਹਰੇਕ ਵਿਅਕਤੀ ਆਪਣੇ ਰੋਜ਼ਾਨਾ ਜੀਵਨ ਵਿੱਚ ਛੋਟੇ-ਛੋਟੇ ਯਤਨਾਂ ਨਾਲ ਦੇਸ਼ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾ ਸਕਦਾ ਹੈ। ਜਦੋਂ ਨਾਗਰਿਕ ਆਪਣੇ ਫਰਜ਼ਾਂ ਨੂੰ ਸਮਝ ਕੇ ਉਨ੍ਹਾਂ ਦੀ ਪਾਲਣਾ ਕਰਨਗੇ, ਤਾਂ ਇਸ ਦਾ ਲਾਭ ਸਮਾਜ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਮਿਲੇਗਾ।

ਉਨ੍ਹਾਂ ਕਿਹਾ ਕਿ ਰਾਸ਼ਟਰ ਪ੍ਰਤੀ ਜ਼ਿੰਮੇਵਾਰੀ ਨਿਭਾਉਣ ਲਈ ਕਿਸੇ ਵੱਡੇ ਮੌਕੇ ਦੀ ਉਡੀਕ ਕਰਨ ਦੀ ਲੋੜ ਨਹੀਂ ਹੈ। ਰੋਜ਼ਾਨਾ ਜੀਵਨ ਵਿੱਚ ਇਮਾਨਦਾਰੀ, ਅਨੁਸ਼ਾਸਨ, ਸਹਿਯੋਗ, ਵਾਤਾਵਰਣ ਪ੍ਰਤੀ ਸੰਵੇਦਨਸ਼ੀਲਤਾ ਅਤੇ ਸਮਾਜਿਕ ਸਦਭਾਵਨਾ ਵਰਗੇ ਛੋਟੇ-ਛੋਟੇ ਯਤਨ ਵੀ ਦੇਸ਼ ਲਈ ਮਹੱਤਵਪੂਰਨ ਹਨ। ਜਦੋਂ ਨਾਗਰਿਕ ਆਪਣੇ ਫਰਜ਼ਾਂ ਨੂੰ ਜੀਵਨ ਦਾ ਹਿੱਸਾ ਬਣਾਉਣਗੇ, ਉਦੋਂ ਹੀ ਦੇਸ਼ ਅਤੇ ਸਮਾਜ ਨਿਰੰਤਰ ਤਰੱਕੀ ਕਰ ਸਕਣਗੇ।

ਪ੍ਰੋਗਰਾਮ ਵਿੱਚ ਇੰਦਰਾ ਗਾਂਧੀ ਨੈਸ਼ਨਲ ਸੈਂਟਰ ਫਾਰ ਦ ਆਰਟਸ ਦੇ ਮੈਂਬਰ ਸਕੱਤਰ ਅਤੇ ਆਯੋਜਕ ਡਾ. ਸੱਚਿਦਾਨੰਦ ਜੋਸ਼ੀ, ਪੰਚਨਦ ਰਿਸਰਚ ਇੰਸਟੀਚਿਊਟ ਦੇ ਪ੍ਰਧਾਨ ਪ੍ਰੋ. ਬ੍ਰਿਜ ਕਿਸ਼ੋਰ ਕੁਠਿਆਲਾ, ਕਾਰਜਕਾਰੀ ਪ੍ਰਧਾਨ ਡਾ. ਜਗਬੀਰ ਸਿੰਘ, ਡਾਇਰੈਕਟਰ ਸ਼੍ਰੀ ਭੋਲਾ ਰਾਮ ਗੁਰਜਰ, ਸ਼੍ਰੀ ਵਿਕਰਮ ਅਰੋੜਾ, ਮੁੱਖ ਮੰਤਰੀ ਦੇ ਓ.ਐੱਸ.ਡੀ. ਅਤੇ ਸਵਰਨ ਜਯੰਤੀ ਹਰਿਆਣਾ ਵਿੱਤੀ ਪ੍ਰਬੰਧਨ ਸੰਸਥਾਨ ਦੇ ਡਾਇਰੈਕਟਰ ਜਨਰਲ ਡਾ. ਰਾਜ ਨਹਿਰੂ ਸਮੇਤ ਹੋਰ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

## ਮੁੱਖ ਮੰਤਰੀ ਨੇ ਪੰਚਕੂਲਾ ਵਿੱਚ ਸੁਣਿਆ 'ਮਨ ਕੀ ਬਾਤ' ਪ੍ਰੋਗਰਾਮ ਦਾ 139ਵਾਂ ਸੰਸਕਰਣ



**ਚੰਡੀਗੜ੍ਹ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਅੱਜ ਪੰਚਕੂਲਾ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਪ੍ਰਸਿੱਧ ਪ੍ਰੋਗਰਾਮ 'ਮਨ ਕੀ ਬਾਤ' ਦੇ 139ਵੇਂ ਸੰਸਕਰਣ ਦਾ ਆਨਲਾਈਨ ਮਾਧਿਅਮ ਰਾਹੀਂ ਸਿੱਧਾ ਪ੍ਰਸਾਰਣ ਦੇਖਿਆ। ਇਸ ਮੌਕੇ ਸੈਕਟਰ-10 ਸਥਿਤ ਕਮਿਊਨਿਟੀ ਸੈਂਟਰ ਵਿੱਚ ਪ੍ਰੋਗਰਾਮ ਦੇ ਪ੍ਰਸਾਰਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਮੁੱਖ ਮੰਤਰੀ ਨੇ ਇੱਥੇ ਹਾਜ਼ਰ ਜਨਪ੍ਰਤੀਨਿਧੀਆਂ, ਪਾਰਟੀ ਵਰਕਰਾਂ ਅਤੇ ਸਥਾਨਕ ਨਾਗਰਿਕਾਂ ਨਾਲ ਪ੍ਰੋਗਰਾਮ ਨੂੰ ਦੇਖਿਆ ਅਤੇ ਸੁਣਿਆ।

**'ਮਨ ਕੀ ਬਾਤ' ਦੇਸ਼ ਨਿਰਮਾਣ ਵਿੱਚ ਜਨਤਕ ਭਾਗੀਦਾਰੀ ਨੂੰ ਕਰਦਾ ਹੈ ਉਤਸ਼ਾਹਿਤ**

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ 'ਮਨ ਕੀ ਬਾਤ' ਪ੍ਰੋਗਰਾਮ ਦੇ ਮਾਧਿਅਮ ਨਾਲ ਦੇਸ਼ ਵਾਸੀਆਂ ਨਾਲ ਸੰਵਾਦ ਕਰਦੇ ਹਨ। ਇਸ ਪ੍ਰੋਗਰਾਮ ਵਿੱਚ ਉਹ ਪ੍ਰੇਰਨਾਦਾਇਕ ਕਹਾਣੀਆਂ, ਨਵੇਂ ਵਿਚਾਰਾਂ ਅਤੇ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਾਲੀਆਂ ਪਹਿਲਕਦਮੀਆਂ ਨੂੰ ਸਾਂਝਾ ਕਰਦੇ ਹਨ। ਇਹ ਪ੍ਰੋਗਰਾਮ ਦੇਸ਼ ਦੇ ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਕੰਮ ਕਰ ਰਹੇ ਲੋਕਾਂ ਅਤੇ ਸੰਸਥਾਵਾਂ ਦੇ ਯਤਨਾਂ ਨੂੰ ਘਰ-ਘਰ ਪਹੁੰਚਾਉਣ ਦੇ ਨਾਲ-ਨਾਲ ਨਾਗਰਿਕਾਂ ਨੂੰ ਦੇਸ਼ ਨਿਰਮਾਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਦਾ ਹੈ।

**ਵੱਡੀ ਗਿਣਤੀ ਵਿੱਚ ਲੋਕਾਂ ਨੇ ਪ੍ਰੋਗਰਾਮ ਵਿੱਚ ਲਿਆ ਹਿੱਸਾ**

'ਮਨ ਕੀ ਬਾਤ' ਪ੍ਰੋਗਰਾਮ ਵਿੱਚ ਚੁੱਕੇ ਗਏ ਮੁੱਦਿਆਂ ਅਤੇ ਜਨਹਿਤ ਨਾਲ ਜੁੜੀਆਂ ਪਹਿਲਕਦਮੀਆਂ ਪ੍ਰਤੀ ਲੋਕਾਂ ਦਾ ਸਾਰਥਕ ਜੁੜਾਅ ਵਧਾਉਣ ਦੇ ਮਕਸਦ ਨਾਲ ਆਯੋਜਿਤ ਇਸ ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਹਾਜ਼ਰ ਲੋਕਾਂ ਨੇ ਪ੍ਰਧਾਨ ਮੰਤਰੀ ਦੇ ਵਿਚਾਰਾਂ ਅਤੇ ਪ੍ਰੇਰਨਾਦਾਇਕ ਸੁਨੇਹਿਆਂ ਨੂੰ ਧਿਆਨਪੂਰਵਕ ਸੁਣਿਆ।

**ਕਈ ਮੁੱਖ ਸ਼ਖਸੀਅਤਾਂ ਰਹੀਆਂ ਹਾਜ਼ਰ**

ਇਸ ਮੌਕੇ ਮੁੱਖ ਮੰਤਰੀ ਦੇ ਓ.ਐੱਸ.ਡੀ. ਡਾ. ਰਾਜ ਨਹਿਰੂ, ਭਾਜਪਾ ਜ਼ਿਲ੍ਹਾ ਪ੍ਰਧਾਨ ਸ਼੍ਰੀ ਅਜੇ ਮਿੱਤਲ, ਹਰਿਆਣਾ ਵਿਧਾਨ ਸਭਾ ਦੇ ਸਾਬਕਾ ਸਪੀਕਰ ਸ਼੍ਰੀ ਗਿਆਨਚੰਦ ਗੁਪਤਾ, ਹਰਿਆਣਾ ਰਾਜ ਫਾਰਮੇਸੀ ਕੌਂਸਲ ਦੇ ਚੇਅਰਮੈਨ ਸ਼੍ਰੀ ਬੀ.ਬੀ. ਸਿੰਗਲ, ਹਰਿਆਣਾ ਸ਼ਿਵਾਲਿਕ ਵਿਕਾਸ ਬੋਰਡ ਦੇ ਕਾਰਜਕਾਰੀ ਉਪ-ਪ੍ਰਧਾਨ ਸ਼੍ਰੀ ਓਮਪ੍ਰਕਾਸ਼ ਦੇਵੀਨਗਰ, ਵਾਰਡ ਨੰਬਰ-4 ਦੇ ਕੌਂਸਲਰ ਸ਼੍ਰੀ ਭਾਰਤ ਹਿਤੇਸ਼ੀ, ਮੰਡਲ ਪ੍ਰਧਾਨ ਸ਼੍ਰੀ ਪ੍ਰਮੋਦ ਵਤਸ ਅਤੇ ਮੀਡੀਆ ਸੰਪਰਕ ਮੁੱਖੀ ਸ਼੍ਰੀ ਪ੍ਰਵੀਨ ਅਤਰੇ ਸਮੇਤ ਹੋਰ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

## ਸੁਪਰੀਮ ਕੋਰਟ ਵੱਲੋਂ ਆਸ਼ੀਸ਼ ਮਿਸ਼ਰਾ ਨੂੰ ਦੀਵਾਲੀ ਮੌਕੇ ਜੱਦੀ ਸ਼ਹਿਰ ਜਾਣ ਦੀ ਇਜਾਜ਼ਤ

**ਨਵੀਂ ਦਿੱਲੀ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਪਰੀਮ ਕੋਰਟ ਨੇ ਸੋਮਵਾਰ ਨੂੰ 2021 ਦੇ ਲਖੀਮਪੁਰ ਹਿੰਸਾ ਮਾਮਲੇ ਦੇ ਮੁੱਖ ਮੁਲਜ਼ਮ ਅਤੇ ਸਾਬਕਾ ਕੇਂਦਰੀ ਮੰਤਰੀ ਅਜੈ ਮਿਸ਼ਰਾ ਦੇ ਪੁੱਤਰ ਆਸ਼ੀਸ਼ ਮਿਸ਼ਰਾ ਨੂੰ ਆਪਣੇ ਪਰਿਵਾਰਕ ਮੈਂਬਰਾਂ ਨਾਲ ਦੀਵਾਲੀ ਮਨਾਉਣ ਲਈ ਆਪਣੇ ਜੱਦੀ ਸ਼ਹਿਰ ਜਾਣ ਦੀ ਇਜਾਜ਼ਤ ਦੇ ਦਿੱਤੀ ਹੈ।

ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੋਏਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੇ ਬੈਂਚ ਨੇ ਟਿੱਪਣੀ ਕੀਤੀ ਕਿ ਇਸ ਮਾਮਲੇ ਦੀ ਸੁਣਵਾਈ ਸਮੇਂ ਸਿਰ ਮੁਕੰਮਲ ਹੋਣੀ ਚਾਹੀਦੀ ਹੈ। ਬੈਂਚ ਨੇ ਕਿਹਾ, ਟਰਾਇਲ ਵਿੱਚ ਨਾ ਤਾਂ ਬਹੁਤੀ ਕਾਹਲੀ ਹੋਣੀ ਚਾਹੀਦੀ ਹੈ ਤੇ ਨਾ ਹੀ ਲੰਮੀ ਦੇਰੀ। ਇਸਤਗਾਸਾ ਪੱਖ ਨੂੰ ਇੱਕ ਸੰਤੁਲਨ ਬਣਾਈ ਰੱਖਣਾ ਚਾਹੀਦਾ ਹੈ।

ਜ਼ਿਕਰਯੋਗ ਹੈ ਕਿ ਇਹ ਮਾਮਲਾ 3 ਅਕਤੂਬਰ 2021 ਦਾ ਹੈ, ਜਦੋਂ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ ਦੇ ਤਿਕੁਨੀਆ ਵਿੱਚ ਉਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰਿਆ ਦੇ ਦੌਰੇ ਦਾ ਵਿਰੋਧ ਕਰ ਰਹੇ ਕਿਸਾਨਾਂ ਦੇ ਪ੍ਰਦਰਸ਼ਨ ਦੌਰਾਨ 8 ਲੋਕ ਮਾਰੇ ਗਏ ਸਨ। ਇੱਕ ਐੱਸ ਯੂ ਵੀ ਗੱਡੀ ਨੇ ਚਾਰ ਕਿਸਾਨਾਂ ਨੂੰ ਦਰੜ ਦਿੱਤਾ ਸੀ। ਇਸ ਤੋਂ ਬਾਅਦ, ਗੁੱਸੇ ਵਿੱਚ ਆਏ ਲੋਕਾਂ ਨੇ ਕਥਿਤ ਤੌਰ 'ਤੇ ਗੱਡੀ ਦੇ ਡਰਾਈਵਰ ਅਤੇ ਦੋ ਭਾਜਪਾ ਵਰਕਰਾਂ ਨੂੰ ਕੁੱਟ-ਕੁੱਟ ਕੇ ਮਾਰ ਦਿੱਤਾ। ਹਿੰਸਾ ਵਿੱਚ ਇੱਕ ਪੱਤਰਕਾਰ ਦੀ ਵੀ ਮੌਤ ਹੋ ਗਈ।

ਆਸ਼ੀਸ਼ ਮਿਸ਼ਰਾ ਜ਼ਮਾਨਤ 'ਤੇ ਬਾਹਰ ਹੈ, ਪਰ ਉਸ ਨੂੰ ਆਪਣੇ ਜੱਦੀ ਸ਼ਹਿਰ ਲਖੀਮਪੁਰ ਖੀਰੀ ਜਾਣ ਦੀ ਇਜਾਜ਼ਤ ਨਹੀਂ ਸੀ। ਮਿਸ਼ਰਾ ਦੇ ਵਕੀਲ ਸਿਧਾਰਥ ਦਵੇ ਦੀ ਅਪੀਲ 'ਤੇ ਬੈਂਚ ਨੇ ਆਦੇਸ਼ ਦਿੱਤਾ, ਪਟੀਸ਼ਨਕਰਤਾ ਨੂੰ ਪਹਿਲਾਂ ਲਗਾਈਆਂ ਗਈਆਂ ਸ਼ਰਤਾਂ ਦੇ ਅਧੀਨ ਦੀਵਾਲੀ ਮਨਾਉਣ ਲਈ ਲਖੀਮਪੁਰ ਖੀਰੀ ਜਾਣ ਦੀ ਇਜਾਜ਼ਤ ਦਿੱਤੀ ਜਾਂਦੀ ਹੈ।

ਯੂਪੀ ਸਰਕਾਰ ਦੇ ਵਕੀਲ ਨੇ ਬੈਂਚ ਨੂੰ ਦੱਸਿਆ ਕਿ ਇਲਾਹਾਬਾਦ ਹਾਈ ਕੋਰਟ ਨੇ ਹੇਠਲੀ ਅਦਾਲਤ ਦੇ ਜੱਜ ਦਾ ਤਬਾਦਲਾ ਕਰ ਦਿੱਤਾ ਹੈ ਅਤੇ ਮਾਮਲੇ ਦੀ ਪੈਰਵੀ ਲਈ ਨਵਾਂ ਸਰਕਾਰੀ ਵਕੀਲ ਨਿਯੁਕਤ ਕੀਤਾ ਗਿਆ ਹੈ।

ਅਦਾਲਤ ਨੂੰ ਇਹ ਵੀ ਦੱਸਿਆ ਗਿਆ ਕਿ 131 ਵਿੱਚੋਂ 90 ਗਵਾਹਾਂ ਦੇ ਬਿਆਨ ਦਰਜ ਹੋ ਚੁੱਕੇ ਹਨ। ਪੀੜਤਾਂ ਵੱਲੋਂ ਪੇਸ਼ ਹੋਏ ਵਕੀਲ ਪ੍ਰਸ਼ਾਂਤ ਭੂਸ਼ਣ ਨੇ ਅਦਾਲਤੀ ਘਟਨਾਕ੍ਰਮਾਂ 'ਤੇ ਤਸੱਲੀ ਪ੍ਰਗਟਾਈ।

ਦਸੰਬਰ 2023 ਵਿੱਚ ਹੇਠਲੀ ਅਦਾਲਤ ਨੇ ਮਿਸ਼ਰਾ ਅਤੇ 12 ਹੋਰਾਂ ਖਿਲਾਫ਼ ਕਤਲ ਅਤੇ ਅਪਰਾਧਿਕ ਸਾਜ਼ਿਸ਼ ਸਣੇ ਹੋਰ ਦੋਸ਼ ਤੈਅ ਕੀਤੇ ਸਨ। ਇਸ ਤੋਂ ਪਹਿਲਾਂ 6 ਅਗਸਤ ਨੂੰ ਸੁਪਰੀਮ ਕੋਰਟ ਨੇ ਮਿਸ਼ਰਾ ਦੀ ਜ਼ਮਾਨਤ ਦੀਆਂ ਸ਼ਰਤਾਂ ਵਿੱਚ ਹੋਰ ਛੋਟ ਦੇਣ ਤੋਂ ਇਨਕਾਰ ਕਰ ਦਿੱਤਾ ਸੀ।

## 5 ਲੱਖ ਕਰੋੜ ਰੁਪਏ ਦੇ ਨਿਵੇਸ਼ ਦਾ ਟੀਚਾ: ਨਿਵੇਸ਼ਕਾਂ ਨੂੰ ਖਿੱਚਣ ਲਈ ਗੁਜਰਾਤ ਦੌਰੇ 'ਤੇ ਨਿਕਲੇ ਹਰਿਆਣਾ ਦੇ ਮੁੱਖ ਮੰਤਰੀ ਸੈਣੀ

**ਚੰਡੀਗੜ੍ਹ 26 ਅਕਤੂਬਰ**
**-ਛਤਰਪਾਲ ਸਿੰਘ-**



ਹਰਿਆਣਾ ਵਿੱਚ ਨਵਾਂ ਨਿਵੇਸ਼ ਲਿਆਉਣ ਲਈ ਮੁੱਖ ਮੰਤਰੀ ਨਾਇਬ ਸਿੰਘ ਸੈਣੀ 27 ਅਤੇ 28 ਅਕਤੂਬਰ ਨੂੰ ਇੱਕ ਉੱਚ-ਪੱਧਰੀ ਵਫ਼ਦ ਦੀ ਅਗਵਾਈ ਕਰਦਿਆਂ ਗੁਜਰਾਤ ਦੇ ਦੌਰੇ 'ਤੇ ਜਾਣਗੇ। ਸੂਬਾ ਸਰਕਾਰ ਨੇ ਸਾਲ 2030-31 ਤੱਕ 5 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕਰਨ ਅਤੇ 10 ਲੱਖ ਤੋਂ ਵੱਧ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦਾ ਵੱਡਾ ਟੀਚਾ ਮਿੱਥਿਆ ਹੈ। ਇਸ ਦੋ-ਰੋਜ਼ਾ ਦੌਰੇ ਦੌਰਾਨ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਵੀ ਮੁੱਖ ਮੰਤਰੀ ਦੇ ਨਾਲ ਰਹਿਣਗੇ।

ਤੈਅ ਪ੍ਰੋਗਰਾਮ ਅਨੁਸਾਰ 27 ਅਕਤੂਬਰ ਨੂੰ ਮੁੱਖ ਮੰਤਰੀ ਸੂਰਤ ਵਿਖੇ ਉੱਘੇ ਕਾਰੋਬਾਰੀਆਂ ਨਾਲ ਮੀਟਿੰਗਾਂ ਕਰਕੇ ਸੂਬੇ ਵਿੱਚ ਉਦਯੋਗ ਸਥਾਪਤ ਕਰਨ ਦੀਆਂ ਸੰਭਾਵਨਾਵਾਂ 'ਤੇ ਚਰਚਾ ਕਰਨਗੇ। ਇਸ ਤੋਂ ਇਲਾਵਾ ਉਹ 'ਪਰਵਾਸੀ ਮਿਲਣ ਸਮਾਰੋਹ' ਵਿੱਚ ਹਿੱਸਾ ਲੈ ਕੇ ਹਰਿਆਣਵੀ ਭਾਈਚਾਰੇ ਨੂੰ ਨਿਵੇਸ਼ ਲਈ ਪ੍ਰੇਰਿਤ ਕਰਨਗੇ। ਅਗਲੇ ਦਿਨ, 28 ਅਕਤੂਬਰ ਨੂੰ ਗਾਂਧੀਨਗਰ ਵਿਖੇ 'ਹਰਿਆਣਾ ਇਨਵੈਸਟਮੈਂਟ ਰੋਡਸ਼ੋਅ' ਕਰਵਾਇਆ ਜਾਵੇਗਾ, ਜਿਸ ਵਿੱਚ ਵੱਖ-ਵੱਖ ਖੇਤਰਾਂ ਦੇ ਪ੍ਰਮੁੱਖ ਸਨਅਤਕਾਰ ਅਤੇ ਨਿਵੇਸ਼ਕ ਸ਼ਾਮਲ ਹੋਣਗੇ।

ਇਸ ਰੋਡਸ਼ੋਅ ਦਾ ਮੁੱਖ ਮਕਸਦ ਹਰਿਆਣਾ ਦੇ ਉੱਨਤ ਬੁਨਿਆਦੀ ਢਾਂਚੇ, ਹੁਨਰਮੰਦ ਮਨੁੱਖੀ ਸ਼ਕਤੀ ਅਤੇ ਨਿਵੇਸ਼ਕ-ਪੱਖੀ ਨੀਤੀਆਂ ਨੂੰ ਪੇਸ਼ ਕਰਨਾ ਹੈ। ਦੌਰੇ ਦੌਰਾਨ ਕਈ ਅਹਿਮ ਸਮਝੌਤਿਆਂ (MoUs) 'ਤੇ ਦਸਤਖ਼ਤ ਹੋਣ ਦੀ ਉਮੀਦ ਹੈ। ਉਦਯੋਗ ਵਿਭਾਗ ਦੇ ਪ੍ਰਮੁੱਖ ਸਕੱਤਰ ਡਾ. ਅਮਿਤ ਅਗਰਵਾਲ ਨੇ ਕਿਹਾ ਕਿ ਇਹ ਦੌਰਾ ਕਾਰੋਬਾਰੀ ਭਾਈਚਾਰੇ ਸਾਹਮਣੇ ਸੂਬੇ ਦੀਆਂ ਆਰਥਿਕ ਸੰਭਾਵਨਾਵਾਂ ਨੂੰ ਮਜ਼ਬੂਤੀ ਨਾਲ ਪੇਸ਼ ਕਰੇਗਾ।

'ਮੇਕ ਇਨ ਹਰਿਆਣਾ ਇੰਡਸਟਰੀਅਲ ਪਾਲਿਸੀ-2026' ਤਹਿਤ ਸਰਕਾਰ ਉਦਯੋਗਿਕ ਵਿਕਾਸ ਨੂੰ ਤੇਜ਼ ਕਰਨਾ ਅਤੇ ਨਿਰਮਾਣ ਖੇਤਰ ਨੂੰ ਬੜ੍ਹਾਵਾ ਦੇਣਾ ਚਾਹੁੰਦੀ ਹੈ। ਸਰਕਾਰ ਨੂੰ ਪੂਰੀ ਉਮੀਦ ਹੈ ਕਿ ਇਸ ਪਹਿਲਕਦਮੀ ਨਾਲ ਸੂਬੇ ਵਿੱਚ ਨਵੇਂ ਉਦਯੋਗ ਲੱਗਣਗੇ ਅਤੇ ਨੌਜਵਾਨਾਂ ਲਈ ਵੱਡੇ ਪੱਧਰ 'ਤੇ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ।

## 4 ਨਵੰਬਰ ਨੂੰ ਕਾਂਗਰਸ ਸੰਗਰੂਰ ਵਿੱਚ ਕਰੇਗੀ 'ਹਿਸਾਬ ਮੰਗੋ' ਰੈਲੀ; ਰਾਹੁਲ ਗਾਂਧੀ ਹੋਣਗੇ ਸ਼ਾਮਲ

**ਚੰਡੀਗੜ੍ਹ, 26 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਕਾਂਗਰਸ ਵੱਲੋਂ 4 ਨਵੰਬਰ ਨੂੰ ਸੰਗਰੂਰ ਵਿੱਚ ਇੱਕ ਵਿਸ਼ਾਲ 'ਹਿਸਾਬ ਮੰਗੋ' ਰੈਲੀ ਕੀਤੀ ਜਾਵੇਗੀ, ਜਿਸ ਵਿੱਚ ਵਿਸ਼ੇਸ਼ ਤੌਰ ਉੱਤੇ ਪਾਰਟੀ ਆਗੂ ਰਾਹੁਲ ਗਾਂਧੀ ਸ਼ਾਮਲ ਹੋਣਗੇ। ਇਸ ਰੈਲੀ ਨਾਲ ਪਾਰਟੀ ਵੱਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਮੁਹਿੰਮ ਦਾ ਆਗਾਜ਼ ਕੀਤਾ ਜਾਵੇਗਾ। ਪਾਰਟੀ ਆਗੂਆਂ ਕੇਸੀ ਵੇਣੂਗੋਪਾਲ ਅਤੇ ਸਚਿਨ ਪਾਇਲਟ ਨੇ ਸੋਮਵਾਰ ਨੂੰ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਜਾਣਕਾਰੀ ਦਿੱਤੀ।

ਭਗਵੰਤ ਮਾਨ ਸਰਕਾਰ 'ਤੇ ਨਿਸ਼ਾਨਾ ਸੇਧਦਿਆਂ ਆਲ ਇੰਡੀਆ ਕਾਂਗਰਸ ਕਮੇਟੀ (ਏ ਆਈ ਸੀ ਸੀ) ਦੇ ਜਨਰਲ ਸਕੱਤਰ (ਸੰਗਠਨ) ਵੇਣੂਗੋਪਾਲ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ-ਢੇਰੀ ਹੋ ਚੁੱਕੀ ਹੈ ਅਤੇ ਇਹ ਨਸ਼ਾ ਮਾਫੀਆ ਦਾ ਗੜ੍ਹ ਬਣਦਾ ਜਾ ਰਿਹਾ ਹੈ। ਐਤਵਾਰ ਸ਼ਾਮ ਨੂੰ ਚੰਡੀਗੜ੍ਹ ਪੁੱਜੇ ਵੇਣੂਗੋਪਾਲ ਨੇ ਕਿਹਾ, ਸਾਡਾ ਟੀਚਾ ਪੰਜਾਬ ਵਿੱਚ ਜਿੱਤਣਾ ਅਤੇ ਇਸਨੂੰ ਇਨ੍ਹਾਂ ਸਾਰੀਆਂ ਬੁਰਾਈਆਂ ਤੋਂ ਬਚਾਉਣਾ ਹੈ। ਕਾਂਗਰਸ ਪਾਰਟੀ ਨੂੰ ਪੂਰਾ ਭਰੋਸਾ ਹੈ ਕਿ ਅਸੀਂ ਪੰਜਾਬ ਵਿੱਚ ਸਰਕਾਰ ਬਣਾਉਣ ਜਾ ਰਹੇ ਹਾਂ। ਉਹ ਵਿਧਾਨ ਸਭਾ ਚੋਣਾਂ ਅਤੇ ਰਾਹੁਲ ਗਾਂਧੀ ਦੇ ਪੰਜਾਬ ਦੌਰੇ ਦੀਆਂ ਤਿਆਰੀਆਂ ਬਾਰੇ ਚਰਚਾ ਕਰਨ ਲਈ ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ, ਜ਼ਿਲ੍ਹਾ ਪ੍ਰਧਾਨਾਂ ਅਤੇ ਹੋਰ ਨੇਤਾਵਾਂ ਨਾਲ ਮੀਟਿੰਗਾਂ ਕਰਨਗੇ। ਉਨ੍ਹਾਂ ਕਿਹਾ, ਸਾਡੇ ਆਗੂ ਰਾਹੁਲ ਗਾਂਧੀ 4 ਨਵੰਬਰ ਨੂੰ ਇੱਥੇ ਆ ਰਹੇ ਹਨ। ਇੱਥੇ ਇੱਕ ਵਿਸ਼ਾਲ ਰੈਲੀ ਹੋਵੇਗੀ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦਾ ਪੰਜਾਬ ਦੇ ਲੋਕਾਂ ਨਾਲ ਬਹੁਤ ਵਧੀਆ ਸੰਪਰਕ ਹੈ। ਉਨ੍ਹਾਂ ਕਿਹਾ, ਹੁਣ ਪੂਰੇ ਭਾਰਤ ਵਿੱਚ ਲੋਕ ਉਨ੍ਹਾਂ ਦੇ ਨਜ਼ਰੀਏ ਅਤੇ ਵਿਚਾਰਾਂ ਨਾਲ ਪੂਰੀ ਤਰ੍ਹਾਂ ਜੁੜ ਰਹੇ ਹਨ, ਖਾਸ ਕਰਕੇ ਨੌਜਵਾਨ। ਮੈਨੂੰ ਲੱਗਦਾ ਹੈ ਕਿ ਪੰਜਾਬੀ ਵੀ 4 ਨਵੰਬਰ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ।

ਉੱਥੇ ਹੀ ਕਾਂਗਰਸ ਦੇ ਜਨਰਲ ਸਕੱਤਰ ਅਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਸਚਿਨ ਪਾਇਲਟ ਨੇ ਕਿਹਾ ਕਿ ਪੂਰੀ ਪਾਰਟੀ ਚੋਣ ਤਿਆਰੀਆਂ ਲਈ ਇਕਜੁੱਟ ਹੈ। ਉਨ੍ਹਾਂ ਨੇ ਵੀ ਨਸ਼ਿਆਂ ਦੀ ਸਮੱਸਿਆ ਅਤੇ ਕਾਨੂੰਨ ਵਿਵਸਥਾ ਦੇ ਮੁੱਦਿਆਂ 'ਤੇ 'ਆਪ' ਸਰਕਾਰ 'ਤੇ ਨਿਸ਼ਾਨਾ ਸੇਧਿਆ।





